ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On
Visit on facebook
https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਮੰਗਲਵਾਰ, 28 ਜਨਵਰੀ 2025 (ਨਾਨਕਸ਼ਾਹੀ ਸੰਮਤ : ੫੫੬, ੧੫ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ ਦਾ ਖਤਰਨਾਕ ਗੈਂਗਸਟਰ ਚੜ੍ਹਿਆ ਪੁਲਿਸ ਦੇ ਹੱਥੇ, ਕਬੱਡੀ ਖਿਡਾਰੀ ਨੰਗਲ ਅੰਬੀਆ ਦੇ ਕਤਲ ਸਣੇ ਕਈਆਂ ਨੂੰ ਦਿੱਤੀ ਮੌਤ...

**ਅੰਮ੍ਰਿਤਸਰ, 27 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸ਼ਹਿਰ ਅੰਮ੍ਰਿਤਸਰ ਵਿੱਚ ਤੋਂ ਵੱਡੀ ਖ਼ਬਰ ਸਾਹਮਣੇ ਆਈ ਹੈ। ਪੰਜਾਬ ਪੁਲਿਸ ਦੀ ਕਮਿਸ਼ਨਰੇਟ ਅਤੇ ਕਾਊਂਟਰ ਇੰਟੈਲੀਜੈਂਸ ਟੀਮ ਨੇ ਇੱਕ ਸਾਂਝੇ ਆਪ੍ਰੇਸ਼ਨ ਵਿੱਚ ਸੂਬੇ ਦੇ ਮੋਸਟ ਵਾਂਟੇਡ ਅਤੇ ਏ-ਗ੍ਰੇਡ ਗੈਂਗਸਟਰ ਪੁਨੀਤ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਨੀਤ ਦੇ ਨਾਲ, ਚਾਰ ਹੋਰ ਗੈਂਗਸਟਰਾਂ ਨੂੰ ਵੀ ਹਿਰਾਸਤ ਵਿੱਚ ਲਿਆ ਗਿਆ ਹੈ। ਗੈਂਗਸਟਰ ਪੁਨੀਤ ਪੰਜਾਬ ਪੁਲਿਸ ਨੂੰ ਕਈ ਸਨਸਨੀਖੇਜ਼ ਮਾਮਲਿਆਂ ਵਿੱਚ ਲੋੜੀਂਦਾ ਸੀ। ਇਨ੍ਹਾਂ ਵਿੱਚ ਸੁਖਮੀਤ ਡਿਪਟੀ ਕਤਲ ਕੇਸ, ਅੰਤਰਰਾਸ਼ਟਰੀ ਕਬੱਡੀ ਖਿਡਾਰੀ ਸੰਦੀਪ ਨੰਗਲ ਅੰਬੀਆ ਦਾ ਕਤਲ ਅਤੇ ਜਲੰਧਰ ਦੇ ਸੋਢਲ ਰੋਡ 'ਤੇ ਟਿੰਕੂ ਕਤਲ ਕੇਸ ਵਰਗੇ ਵੱਡੇ ਮਾਮਲੇ ਸ਼ਾਮਲ ਹਨ। ਪੁਲਿਸ ਅਨੁਸਾਰ ਇਨ੍ਹਾਂ ਮਾਮਲਿਆਂ ਦੀ ਜਾਂਚ ਵਿੱਚ ਪੁਨੀਤ ਦੀ ਅਹਿਮ ਭੂਮਿਕਾ ਸਾਹਮਣੇ ਆਈ ਹੈ। ਸੂਤਰਾਂ ਅਨੁਸਾਰ, ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਅਤੇ ਕਾਊਂਟਰ ਇੰਟੈਲੀਜੈਂਸ ਟੀਮ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਗੈਂਗਸਟਰ ਪੁਨੀਤ ਆਪਣੇ ਸਾਥੀ ਲੱਲੀ ਅਤੇ ਹੋਰ ਅਪਰਾਧੀਆਂ ਨਾਲ ਜੰਡਿਆਲਾ ਇਲਾਕੇ ਵਿੱਚ ਸਰਗਰਮ ਹੈ। ਇਸ ਤੋਂ ਬਾਅਦ ਪੁਲਿਸ ਨੇ ਯੋਜਨਾਬੱਧ ਤਰੀਕੇ ਨਾਲ ਛਾਪਾ ਮਾਰਿਆ ਅਤੇ ਸਾਰਿਆਂ ਨੂੰ ਹਿਰਾਸਤ ਵਿੱਚ ਲੈ ਲਿਆ। ਹਾਲਾਂਕਿ, ਪੁਲਿਸ ਦੇ ਉੱਚ ਅਧਿਕਾਰੀ ਇਸ ਮਾਮਲੇ ਵਿੱਚ ਬਹੁਤ ਕੁਝ ਕਹਿਣ ਤੋਂ ਬਚ ਰਹੇ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਅਪਰਾਧੀਆਂ ਵਿਰੁੱਧ ਕਾਰਵਾਈ ਅਜੇ ਵੀ ਜਾਰੀ ਹੈ ਅਤੇ ਜਲਦੀ ਹੀ ਪੂਰੀ ਜਾਣਕਾਰੀ ਸਾਂਝੀ ਕੀਤੀ ਜਾਵੇਗੀ।

### ਇੱਕ ਦਲਿਤ ਵਿਅਕਤੀ ਨੇ ਹੀ ਕੀਤੀ ਡਾ. ਅੰਬੇਦਕਰ ਜੀ ਦੇ ਬੁੱਤ ਦੀ ਭੰਨਤੋੜ

# ਅੰਮ੍ਰਿਤਸਰ ਬੰਦ! ਭਾਰੀ ਪੁਲਸ ਫੋਰਸ ਤਾਇਨਾਤ

**ਅੰਮ੍ਰਿਤਸਰ, 27 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਗਣਤੰਤਰ ਦਿਵਸ 'ਤੇ ਪੰਜਾਬ ਦੇ ਅੰਮ੍ਰਿਤਸਰ 'ਚ ਮਾਹੌਲ ਖ਼ਰਾਬ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ। ਅੰਮ੍ਰਿਤਸਰ ਵਿੱਚ ਬਾਬਾ ਅੰਬੇਡਕਰ ਦੇ ਬੁੱਤ ਦੀ ਬੇਅਦਬੀ ਕੀਤੀ ਗਈ ਹੈ। ਜਾਣਕਾਰੀ ਅਨੁਸਾਰ ਨੌਜਵਾਨਾਂ ਨੇ ਗਣਤੰਤਰ ਦਿਵਸ ਮੌਕੇ ਡਾਕਟਰ ਭੀਮ ਰਾਓ ਅੰਬੇਡਕਰ ਦੀ ਮੂਰਤੀ ਤੋੜ ਦਿੱਤੀ। ਦੱਸਿਆ ਜਾ ਰਿਹਾ ਹੈ ਕਿ ਨੌਜਵਾਨ ਨੇ ਮਾਲਾ ਪਾਉਣ ਲਈ ਲਗਾਈਆਂ ਗਈਆਂ ਪੌੜੀਆਂ 'ਤੇ ਚੜ੍ਹ ਕੇ ਮੂਰਤੀ ਨੂੰ ਲਗਾਤਾਰ ਅੱਠ ਵਾਰ ਹਥੌੜੇ ਨਾਲ ਮਾਰ ਕੇ ਨੁਕਸਾਨ ਪਹੁੰਚਾਇਆ। ਇਹ ਵੀ ਦੱਸਿਆ ਜਾ ਰਿਹਾ ਹੈ ਕਿ ਵਿਅਕਤੀ ਨੇ ਸਭ ਤੋਂ ਪਹਿਲਾਂ ਬੁੱਤ ਦੇ ਕੋਲ ਰੱਖੀ ਸੰਵਿਧਾਨ ਦੀ ਮੂਰਤੀ ਨੂੰ ਅੱਗ ਲਗਾ ਦਿੱਤੀ। ਇਸ ਘਟਨਾ ਤੋਂ ਬਾਅਦ ਅੰਮ੍ਰਿਤਸਰ 'ਚ ਮਾਹੌਲ ਗਰਮ ਹੋ ਗਿਆ ਹੈ, ਜਿਸ ਕਾਰਨ ਭਾਰੀ ਪੁਲਸ ਫੋਰਸ ਵੀ ਤਾਇਨਾਤ ਹੈ। ਇਸ ਘਟਨਾ 'ਤੇ ਦਲਿਤ ਭਾਈਚਾਰੇ ਵਿੱਚ ਰੋਸ ਹੈ। ਅੱਜ ਸੋਮਵਾਰ ਨੂੰ ਦਲਿਤ ਭਾਈਚਾਰੇ ਵੱਲੋਂ ਅੰਮ੍ਰਿਤਸਰ ਬੰਦ ਦਾ ਸੱਦਾ ਦਿੱਤਾ ਗਿਆ ਹੈ। ਲੋਕਾਂ ਨੇ ਭੰਡਾਰੀ ਪੁਲ ਬੰਦ ਕਰ ਦਿੱਤਾ ਹੈ। ਦੁਕਾਨਦਾਰਾਂ ਨੇ ਇਸ ਘਟਨਾ ਦੇ ਵਿਰੋਧ ਵਿੱਚ ਵਾਲ ਸਿਟੀ ਮਾਰਕੀਟ ਵੀ ਬੰਦ ਰੱਖੀ ਹੈ। ਹਾਲਾਂਕਿ, ਸਕੂਲ ਅਤੇ ਕਾਲਜ ਖੁੱਲ੍ਹੇ ਹਨ। ਇਹ ਘਟਨਾ ਹੈਰੀਟੇਜ ਸਟਰੀਟ 'ਤੇ ਵਾਪਰੀ, ਜੋ ਕਿ ਪੁਲਿਸ ਸਟੇਸ਼ਨ ਤੋਂ ਲਗਭਗ 150 ਮੀਟਰ ਦੀ ਦੂਰੀ 'ਤੇ ਹੈ।



ਮੁਲਜ਼ਮ ਦੀ ਪਛਾਣ ਆਕਾਸ਼ਦੀਪ ਵਜੋਂ ਹੋਈ ਹੈ, ਜੋ ਕਿ ਧਰਮਕੋਟ, ਮੋਗਾ ਦਾ ਰਹਿਣ ਵਾਲਾ ਹੈ। ਏ. ਆਈ. ਜੀ. ਜਗਜੀਤ ਸਿੰਘ ਨੇ ਦੱਸਿਆ ਕਿ ਮੁਲਜ਼ਮ ਨੂੰ ਫੜ ਕੇ ਉਸ ਖ਼ਿਲਾਫ਼ ਕੇਸ ਦਰਜ ਕਰ ਲਿਆ ਗਿਆ ਹੈ। ਉਸ ਤੋਂ ਪੁੱਛਗਿੱਛ ਕੀਤੀ ਜਾਵੇਗੀ ਕਿ ਉਸ ਨੇ ਮੂਰਤੀ ਤੋੜਨ ਦੀ ਕੋਸ਼ਿਸ਼ ਕਿਉਂ ਕੀਤੀ। ਉਕਤ ਘਟਨਾ ਸਬੰਧੀ ਆਗੂ ਆਪੋ-ਆਪਣੇ ਪ੍ਰਤੀਕਰਮ ਦੇ ਰਹੇ ਹਨ। ਅੰਮ੍ਰਿਤਸਰ ਦੇ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਮੁਲਜ਼ਮ ਦੀ ਪਛਾਣ ਆਕਾਸ਼ਦੀਪ ਸਿੰਘ ਵਜੋ ਹੋਈ ਹੈ ਜੋ ਕਿ ਮੋਗਾ ਦੇ ਧਰਮਕੋਟ ਦਾ ਰਹਿਣ ਵਾਲਾ ਹੈ। ਭੁੱਲਰ ਨੇ ਕਿਹਾ ਕਿ ਦੋਸ਼ੀ ਦਲਿਤ ਭਾਈਚਾਰੇ ਨਾਲ ਸਬੰਧਤ ਹੈ ਤੇ ਉਸ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਡਾਕਟਰ ਭੀਮ ਰਾਓ ਅੰਬੇਡਕਰ ਦਾ ਬੁੱਤ ਤੋੜਨ ਵਾਲੇ ਸ਼ਖਸ ਦੀ ਮਾਂ ਦੇ ਵੱਲੋਂ ਵੱਡੇ ਖੁਲਾਸੇ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਉਹ ਹਾਲੇ ਚਾਰ ਕੁ ਮਹੀਨੇ ਪਹਿਲਾਂ ਪਰਤਿਆ ਸੀ ਪਰ ਆਪਣੇ ਘਰ ਨਹੀਂ ਗਿਆ। ਸਗੋਂ ਅੰਮ੍ਰਿਤਸਰ ਕਿਰਾਏ ਦੇ ਮਕਾਨ ਤੇ ਰਹਿਣ ਲੱਗ ਪਿਆ। ਉਨ੍ਹਾਂ ਦੱਸਿਆ ਕਿ ਅਕਾਸ਼ਦੀਪ ਸਿੰਘ ਜੋ ਸਾਡੇ ਕਹਿਣੇ ਤੋਂ ਬਾਹਰ ਸੀ, ਸਾਡਾ ਇਸ ਦੇ ਨਾਲ ਕੋਈ ਸਬੰਧ ਨਹੀਂ ਹੈ। ਅਸੀਂ ਦਿਹਾੜੀ- ਜੋਤਾ ਕਰਕੇ ਆਪਣੇ ਘਰ ਦਾ ਗੁਜ਼ਾਰਾ ਕਰ ਰਹੇ ਹਾਂ। ਸਾਡਾ ਇਸ ਦੇ ਨਾਲ ਕੋਈ ਨਾਤਾ ਨਹੀਂ ਅਤੇ ਜੋ ਇਸ ਨੇ ਕੱਲ ਘਟਨਾਕ੍ਰਮ ਕੀਤਾ ਉਹ ਬਹੁਤ ਹੀ ਨਿੰਦਣਯੋਗ ਹੈ।

## ਅਕਾਲੀ ਦਲ ਦੀ ਨਵੀਂ ਭਰਤੀ ਹੋਵੇਗੀ ਰੱਦ? ਜਥੇਦਾਰ ਅਕਾਲ ਤਖ਼ਤ ਸਾਹਿਬ ਨੇ ਜਾਰੀ ਕੀਤੇ ਆਦੇਸ਼



**ਅੰਮ੍ਰਿਤਸਰ, 27 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੀ ਨਵੀਂ ਭਰਤੀ ਨੂੰ ਲੈ ਕੇ ਅਕਾਲੀ ਦਲ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਆਹਮੋ ਸਾਹਮਣੇ ਹੋਏ ਜਾਪਦੇ ਹਨ ਕਿਉਂਕਿ ਅਕਾਲੀ ਦਲ ਵੱਲੋਂ ਜਥੇਦਾਰ ਸਾਹਿਬ ਵੱਲੋਂ ਬਣਾਈ ਗਈ 7 ਮੈਂਬਰੀ ਕਮੇਟੀ ਨੂੰ ਅੱਖੋਂ ਪਰੋਖੇ ਕਰਕੇ ਭਰਤੀ ਸ਼ੁਰੂ ਕਰ ਦਿੱਤੀ ਗਈ ਹੈ। ਇਸ ਨੂੰ ਲੈ ਕੇ ਹੁਣ ਇੱਕ ਵਾਰ ਮੁੜ ਤੋਂ ਜਥੇਦਾਰ ਰਘਬੀਰ ਸਿੰਘ ਨੇ ਅਕਾਲੀ ਦਲ ਦੀ ਵਰਕਿੰਗ ਕਮੇਟੀ ਨੂੰ 7 ਮੈਂਬਰੀ ਕਮੇਟੀ ਕਾਰਜਸ਼ੀਲ ਕਰਨ ਦੇ ਆਦੇਸ਼ ਜਾਰੀ ਕੀਤੇ ਹਨ। ਜਥੇਦਾਰ ਰਘਬੀਰ ਸਿੰਘ ਨੇ ਕਿਹਾ ਹੈ ਕਿ 2 ਦਸੰਬਰ ਨੂੰ ਨਵੀਂ ਭਰਤੀ ਲਈ ਜੋ 7 ਮੈਂਬਰੀ ਕਮੇਟੀ ਬਣਾਈ ਸੀ ਉਹ ਹਲੇ ਤੱਕ ਕਾਰਜ਼ਸ਼ੀਲ ਨਹੀਂ ਹੋਈ। ਉਨ੍ਹਾਂ ਅਕਾਲੀ ਦਲ ਦੀ ਵਰਕਿੰਗ ਕਮੇਟੀ ਨੂੰ ਆਦੇਸ਼ ਜਾਰੀ ਕੀਤਾ ਕਿ 7 ਮੈਂਬਰੀ ਨਿਗਰਾਨ ਕਮੇਟੀ ਨੂੰ ਕਾਜਰਸ਼ੀਲ ਕੀਤਾ ਜਾਵੇ ਤਾਂ ਜੋ ਉਹ ਆਪਣਾ ਕੰਮ ਸ਼ੁਰੂ ਕਰੇ। ਉਨ੍ਹਾਂ ਨੇ ਕਿਹਾ ਹੈ ਕਿ ਆਉਣ ਵਾਲੇ ਦਿਨਾਂ 5 ਸਿੰਘ ਸਾਹਿਬਾਨ ਦੀ ਮੀਟਿੰਗ ਹੋਵੇਗੀ। ਜਥੇਦਾਰ ਰਘਬੀਰ ਸਿੰਘ ਨੇ ਕਿਹਾ ਹੈ ਕਿ 5 ਸਿੰਘ ਸਾਹਿਬਾਨ ਦੀ ਮੀਟਿੰਗ ਤੱਕ ਜਲਦ ਹੀ ਹੋਵੇਗੀ। ਉਨ੍ਹਾਂ ਨੇ ਕਿਹਾ ਹੈ ਕਿ ਮੈਸੰਜਰ ਆਫ਼ ਬਾਦਲ ਦਾ ਜਵਾਬ ਉਹੀ ਦੇ ਸਕਦੇ ਹਨ ਜਿੰਨ੍ਹਾਂ ਨੇ ਵੀਡੀਓ ਪਾਈ ਹੈ। ਉਨ੍ਹਾਂ ਨੇ ਕਿਹਾ ਹੈ ਕਿ ਅਹੁਦੇ ਦਾ ਮਾਣ ਸਨਮਾਨ ਰੱਖਣਾ ਚਾਹੀਦਾ ਹੈ। ਜ਼ਿਕਰ ਕਰ ਦਈਏ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਅਕਾਲੀ ਦਲ ਦੀ ਨਵੀਂ ਭਰਤੀ ਲਈ 7 ਮੈਂਬਰੀ ਕਮੇਟੀ ਬਣਾਈ ਗਈ ਸੀ, ਜਿਸ ਵਿੱਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ, ਗੁਰਪ੍ਰਤਾਪ ਸਿੰਘ ਵਡਾਲ਼ਾ, ਮਨਪ੍ਰੀਤ ਸਿੰਘ ਇਯਾਲੀ, ਇਕਬਾਲ ਸਿੰਘ ਝੂੰਦਾ, ਸੰਤਾ ਸਿੰਘ ਉਮੇਦਪੁਰ, ਪ੍ਰੋ: ਕਿਰਪਾਲ ਸਿੰਘ ਬਡੂੰਗਰ ਤੇ ਸਤਵੰਤ ਕੌਰ (ਪੁੱਤਰੀ ਅਮਰੀਕ ਸਿੰਘ) ਨੂੰ ਸ਼ਾਮਲ ਕੀਤਾ ਗਿਆ ਹੈ।

## ਟਰੰਪ ਦੇ ਐਕਸ਼ਨ ਤੋਂ ਬਾਅਦ ਗੁਰੂਘਰਾਂ 'ਚ ਤਲਾਸ਼ੀ ਸ਼ੁਰੂ

**ਵਾਸ਼ਿੰਗਟਨ, 27 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਡੋਨਾਲਡ ਟਰੰਪ ਨੇ ਸੱਤਾ ਸੰਭਾਲਦੇ ਹੀ ਗੈਰ-ਕਾਨੂੰਨੀ ਪ੍ਰਵਾਸੀਆਂ ਵਿਰੁੱਧ ਵੱਡੀ ਕਾਰਵਾਈ ਸ਼ੁਰੂ ਕਰ ਦਿੱਤੀ। ਟਰੰਪ ਪ੍ਰਸ਼ਾਸਨ ਨੇ 6 ਦਿਨਾਂ ਦੇ ਅੰਦਰ ਅਮਰੀਕਾ ਵਿੱਚ ਗੈਰ-ਕਾਨੂੰਨੀ ਤੌਰ 'ਤੇ ਰਹਿ ਰਹੇ ਸੈਂਕੜੇ ਵਿਦੇਸ਼ੀਆਂ ਨੂੰ ਦੇਸ਼ ਨਿਕਾਲਾ ਦੇ ਦਿੱਤਾ ਹੈ। ਹੁਣ ਟਰੰਪ ਦੇ ਅਧਿਕਾਰੀ ਵੀ ਗੈਰ-ਕਾਨੂੰਨੀ ਪ੍ਰਵਾਸੀਆਂ ਦੀ ਭਾਲ ਵਿੱਚ ਗੁਰਦੁਆਰਿਆਂ ਦਾ ਦੌਰਾ ਕਰ ਰਹੇ ਹਨ। ਹੋਮਲੈਂਡ ਸਿਕਿਓਰਿਟੀ ਦੇ ਅਧਿਕਾਰੀਆਂ ਨੇ ਗੈਰ-ਕਾਨੂੰਨੀ ਪ੍ਰਵਾਸੀਆਂ ਦੀ ਜਾਂਚ ਕਰਨ ਲਈ ਨਿਊਯਾਰਕ ਅਤੇ ਨਿਊ ਜਰਸੀ ਦੇ ਗੁਰਦੁਆਰਿਆਂ ਦਾ ਦੌਰਾ ਕੀਤਾ, ਜਿਸ 'ਤੇ ਕੁਝ ਸਿੱਖ ਸੰਗਠਨਾਂ ਨੇ ਸਖ਼ਤ ਪ੍ਰਤੀਕਿਰਿਆ ਦਿੱਤੀ ਹੈ। ਸਿੱਖ ਸੰਗਠਨਾਂ ਨੇ ਅਜਿਹੀ ਕਾਰਵਾਈ ਨੂੰ ਆਪਣੇ ਧਰਮ ਦੀ ਪਵਿੱਤਰਤਾ ਲਈ ਖ਼ਤਰਾ ਦੱਸਿਆ ਹੈ। ਮੰਨਿਆ ਜਾਂਦਾ ਹੈ ਕਿ ਸਿੱਖ ਵੱਖਵਾਦੀਆਂ ਦੇ ਨਾਲ-ਨਾਲ ਕੁਝ ਗੈ.ਰ-ਦਸਤਾਵੇਜ਼ੀ ਪ੍ਰਵਾਸੀ ਨਿਊਯਾਰਕ ਤੇ ਨਿਊ ਜਰਸੀ ਦੇ ਕੁਝ ਗੁਰਦੁਆਰਿਆਂ ਦੀ ਵਰਤੋਂ ਕਰਦੇ ਹਨ। ਡੋਨਾਲਡ ਟਰੰਪ ਦੇ ਸੰਯੁਕਤ ਰਾਜ ਦੇ 47ਵੇਂ ਰਾਸ਼ਟਰਪਤੀ ਵਜੋਂ ਸਹੁੰ ਚੁੱਕਣ ਦੇ ਕੁਝ ਘੰਟਿਆਂ ਦੇ ਅੰਦਰ ਕਾਰਜਕਾਰੀ ਗ੍ਰਹਿ ਸੁਰੱਖਿਆ ਸਕੱਤਰ ਬੈਂਜਾਮਿਨ ਹਫਮੈਨ ਨੇ ਇਮੀਗ੍ਰੇਸ਼ਨ ਅਤੇ ਕਸਟਮਜ਼ ਇਨਫੋਰਸਮੈਂਟ (935) ਅਤੇ ਕਸਟਮਜ਼ ਅਤੇ ਬਾਰਡਰ ਪ੍ਰੋਟੈਕਸ਼ਨ ਲਾਗੂ ਕਰਨ ਦੀਆਂ ਕਾਰਵਾਈਆਂ ਨੂੰ ਪੜਾਅਵਾਰ ਬੰਦ ਕਰਨ ਦਾ ਨਿਰਦੇਸ਼ ਜਾਰੀ ਕੀਤਾ। ਇੱਕ ਹੋਮਲੈਂਡ ਸਿਕਿਓਰਿਟੀ ਬੁਲਾਰੇ ਨੇ ਕਿਹਾ, ਇਨ੍ਹਾਂ ਸੰਵੇਦਨਸ਼ੀਲ ਖੇਤਰਾਂ ਵਿੱਚ ਗੁਰਦੁਆਰੇ ਅਤੇ ਚਰਚ ਵਰਗੇ ਪੂਜਾ ਸਥਾਨ ਸ਼ਾਮਲ ਹਨ। ਇਹ ਕਾਰਵਾਈ ਸੀਬੀਪੀ ਅਤੇ ਆਈਸੀਈ ਅਧਿਕਾਰੀਆਂ ਨੂੰ ਸਾਡੇ ਇਮੀਗ੍ਰੇਸ਼ਨ ਕਾਨੂੰਨਾਂ ਨੂੰ ਲਾਗੂ ਕਰਨ ਅਤੇ ਅਪਰਾਧੀ ਪਰਦੇਸੀ, ਜਿਨ੍ਹਾਂ ਵਿੱਚ ਕਾਤਲ ਅਤੇ ਬਲਾਤਕਾਰੀ ਸ਼ਾਮਲ ਹਨ, ਨੂੰ ਫੜਨ ਦਾ ਅਧਿਕਾਰ ਦਿੰਦੀ ਹੈ, ਜੋ ਸਾਡੇ ਦੇਸ਼ ਵਿੱਚ ਗੈਰ-ਕਾਨੂੰਨੀ ਤੌਰ 'ਤੇ ਆਏ ਹਨ ਬੁਲਾਰੇ ਨੇ ਕਿਹਾ, 'ਅਪਰਾਧੀ ਹੁਣ ਗ੍ਰਿਫ਼ਤਾਰੀ ਤੋਂ ਬਚਣ ਲਈ ਅਮਰੀਕਾ ਦੇ ਸਕੂਲਾਂ ਤੇ ਚਰਚਾਂ ਵਿੱਚ ਲੁਕ ਨਹੀਂ ਸਕਣਗੇ। ਟਰੰਪ ਪ੍ਰਸ਼ਾਸਨ ਸਾਡੇ ਬਹਾਦਰ ਅਧਿਕਾਰੀਆਂ ਦੇ ਹੱਥ ਨਹੀਂ ਬੰਨ੍ਹੇਗਾ ਤੇ ਇਸ ਦੀ ਬਜਾਏ ਭਰੋਸਾ ਰੱਖਦਾ ਹੈ ਕਿ ਅਧਿਕਾਰੀ ਅਜਿਹੇ ਮਾਮਲਿਆਂ ਵਿੱਚ ਆਪਣੇ ਵਿਵੇਕ ਦੀ ਵਰਤੋਂ ਕਰਨਗੇ। ਇੱਕ ਬਿਆਨ ਵਿੱਚ ਸਿੱਖ ਅਮਰੀਕਨ ਲੀਗਲ ਡਿਫੈਂਸ ਐਂਡ ਐਜੂਕੇਸ਼ਨ ਫੰਡ ਨੇ ਇਮੀਗ੍ਰੇਸ਼ਨ ਲਾਗੂ ਕਰਨ ਵਾਲੀਆਂ ਕਾਰਵਾਈਆਂ 'ਤੇ ਪਾਬੰਦੀਆਂ ਦੇ ਸੰਬੰਧ ਵਿੱਚ ਸੰਵੇਦਨਸ਼ੀਲ ਖੇਤਰਾਂ, ਜਿਵੇਂ ਕਿ ਪੂਜਾ ਸਥਾਨਾਂ ਨੂੰ ਨਿਰਧਾਰਤ ਕਰਨ ਵਾਲੇ ਪਹਿਲਾਂ ਦੇ ਦਿਸ਼ਾ-ਨਿਰਦੇਸ਼ਾਂ ਨੂੰ ਰੱਦ ਕਰਨ ਦੇ ਨਿਰਦੇਸ਼ 'ਤੇ ਡੂੰਘੀ ਚਿੰਤਾ ਪ੍ਰਗਟ ਕੀਤੀ। SALDEF ਦੀ ਕਾਰਜਕਾਰੀ ਨਿਰਦੇਸ਼ਕ ਕਿਰਨ ਕੌਰ ਗਿੱਲ ਨੇ ਕਿਹਾ, "ਅਸੀਂ ਗ੍ਰਹਿ ਮੰਤਰਾਲੇ ਦੇ ਸੰਵੇਦਨਸ਼ੀਲ ਖੇਤਰਾਂ ਤੋਂ ਸੁਰੱਖਿਆ ਵਾਪਸ ਲੈਣ ਅਤੇ ਗੁਰਦੁਆਰਿਆਂ ਵਰਗੇ ਧਾਰਮਿਕ ਸਥਾਨਾਂ ਨੂੰ ਨਿਸ਼ਾਨਾ ਬਣਾਉਣ ਦੇ ਫੈਸਲੇ ਤੋਂ ਬਹੁਤ ਚਿੰਤਤ ਹਾਂ। ਕਿਰਨ ਕੌਰ ਗਿੱਲ ਨੇ ਕਿਹਾ ਕਿ ਗੁਰਦੁਆਰੇ ਸਿਰਫ਼ ਪੂਜਾ ਸਥਾਨ ਨਹੀਂ ਹਨ, ਇਹ ਮਹੱਤਵਪੂਰਨ ਭਾਈਚਾਰਕ ਕੇਂਦਰ ਹਨ ਜੋ ਸਿੱਖਾਂ ਅਤੇ ਵਿਸ਼ਾਲ ਭਾਈਚਾਰੇ ਨੂੰ ਸਹਾਇਤਾ, ਪੋਸ਼ਣ ਅਤੇ ਅਧਿਆਤਮਿਕ ਦਿਲਾਸਾ ਪ੍ਰਦਾਨ ਕਰਦੇ ਹਨ। ਕਿਰਨ ਕੌਰ ਗਿੱਲ ਨੇ ਕਿਹਾ, 'ਇਨ੍ਹਾਂ ਥਾਵਾਂ ਨੂੰ ਕਾਰਵਾਈ ਲਈ ਨਿਸ਼ਾਨਾ ਬਣਾਉਣਾ ਸਾਡੇ ਵਿਸ਼ਵਾਸ ਦੀ ਪਵਿੱਤਰਤਾ ਨੂੰ ਖ਼ਤਰਾ ਹੈ ਅਤੇ ਦੇਸ਼ ਭਰ ਦੇ ਪ੍ਰਵਾਸੀ ਭਾਈਚਾਰਿਆਂ ਨੂੰ ਚਿੰਤਾਜਨਕ ਸੰਦੇਸ਼ ਦਿੰਦਾ ਹੈ।'

## ਹੱਥ-ਪੈਰ ਬੰਨ੍ਹ ਕੇ ਬਿਨਾਂ 13 ਜਹਾਜ਼ਾਂ 'ਚ ਅਮਰੀਕਾ ਤੋਂ ਵਾਪਸ ਭੇਜੇ ਜਾ ਰਹੇ ਪ੍ਰਵਾਸੀ

**ਵਾਸ਼ਿੰਗਟਨ, 27 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਤੋਂ ਡਿਪੋਰਟ ਕੀਤੇ ਗਏ 88 ਬ੍ਰਾਜ਼ੀਲੀ ਨਾਗਰਿਕਾਂ ਨਾਲ ਹੋਏ ਦੁਰਵਿਵਹਾਰ ਨੂੰ ਲੈ ਕੇ ਬ੍ਰਾਜ਼ੀਲ ਸਰਕਾਰ ਭੜਕ ਗਈ ਹੈ। ਬ੍ਰਾਜ਼ੀਲ ਨੇ ਦੋਸ਼ ਲਗਾਇਆ ਹੈ ਕਿ ਅਮਰੀਕਾ ਨੇ ਇਨ੍ਹਾਂ ਪ੍ਰਵਾਸੀਆਂ ਨਾਲ ਅਣਮਨੁੱਖੀ ਵਿਵਹਾਰ ਕੀਤਾ, ਜੋ ਕਿ ਮਨੁੱਖੀ ਅਧਿਕਾਰਾਂ ਦੀ ਗੰਭੀਰ ਉਲੰਘਣਾ ਹੈ। ਬ੍ਰਾਜ਼ੀਲ ਦੇ ਵਿਦੇਸ਼ ਮੰਤਰਾਲਾ ਨੇ ਕਿਹਾ ਹੈ ਕਿ ਉਹ ਇਸ ਮੁੱਦੇ 'ਤੇ ਅਮਰੀਕਾ ਤੋਂ ਸਪੱਸ਼ਟੀਕਰਨ ਮੰਗੇਗਾ। ਸ਼ੁੱਕਰਵਾਰ ਨੂੰ ਅਮਰੀਕਾ ਤੋਂ ਦੇਸ਼ ਨਿਕਾਲਾ ਦਿੱਤੇ ਗਏ ਨਾਗਰਿਕਾਂ ਨੂੰ ਲੈ ਕੇ ਇੱਕ ਜਹਾਜ਼ ਬ੍ਰਾਜ਼ੀਲ ਪਹੁੰਚਿਆ। 88 ਬ੍ਰਾਜ਼ੀਲੀ ਨਾਗਰਿਕਾਂ ਤੋਂ ਇਲਾਵਾ 16 ਅਮਰੀਕੀ ਸੁਰੱਖਿਆ ਅਧਿਕਾਰੀ ਅਤੇ 8 ਚਾਲਕ ਦਲ ਦੇ ਮੈਂਬਰ ਮੌਜੂਦ ਸਨ। ਯਾਤਰੀਆਂ ਨੇ ਦੋਸ਼ ਲਗਾਇਆ ਕਿ ਉਨ੍ਹਾਂ ਦੇ ਹੱਥ-ਪੈਰ ਬੰਨ੍ਹੇ ਹੋਏ ਸਨ, ਜਹਾਜ਼ ਵਿੱਚ ਪਾਣੀ ਉਪਲਬਧ ਨਹੀਂ ਸੀ ਅਤੇ ਉਨ੍ਹਾਂ ਨੂੰ ਬਾਥਰੂਮ ਵੀ ਨਹੀਂ ਜਾਣ ਦਿੱਤਾ ਗਿਆ। 31 ਸਾਲਾ ਐਡਗਰ ਡਾ. ਸਿਲਵਾ ਮੌਰਾ, ਜੋ ਕਿ 7 ਮਹੀਨਿਆਂ ਲਈ ਅਮਰੀਕਾ ਵਿਚ ਹਿਰਾਸਤ ਵਿਚ ਸਨ, ਨੇ ਕਿਹਾ, "ਸਾਨੂੰ ਬਿਨਾਂ ਪਾਣੀ, ਬਿਨਾਂ ਬਾਥਰੂਮ ਅਤੇ ਗਰਮੀ ਨਾਲ ਭਰੇ ਇੱਕ ਜਹਾਜ਼ ਵਿੱਚ ਰੱਖਿਆ ਗਿਆ, ਜਿੱਥੇ ਕੁਝ ਯਾਤਰੀ ਬੇਹੋਸ਼ ਹੋ ਗਏ ਸਨ।" 21 ਸਾਲਾ ਲੁਈਸ ਐਂਟੋਨੀਓ ਰੌਡਰਿਗਜ਼ ਸੈਂਟੋਸ ਨੇ ਖੁਲਾਸਾ ਕੀਤਾ ਕਿ ਤਕਨੀਕੀ ਸਮੱਸਿਆ ਕਾਰਨ ਜਹਾਜ਼ ਦਾ ਏਅਰ ਕੰਡੀਸ਼ਿਨੰਗ 4 ਘੰਟਿਆਂ ਲਈ ਬੰਦ ਰਿਹਾ। ਯਾਤਰੀਆਂ ਨੇ ਕਿਹਾ ਕਿ ਉਨ੍ਹਾਂ ਨਾਲ ਅਪਰਾਧੀਆਂ ਵਰਗਾ ਸਲੂਕ ਕੀਤਾ ਗਿਆ। ਬ੍ਰਾਜ਼ੀਲ ਦੇ ਰਾਸ਼ਟਰਪਤੀ ਲੁਈਜ਼ ਇਨਾਸੀਓ ਲੂਲਾ ਡਾ ਸਿਲਵਾ ਨੇ ਇਸ ਘਟਨਾ 'ਤੇ ਤੁਰੰਤ ਕਾਰਵਾਈ ਕੀਤੀ। ਉਨ੍ਹਾਂ ਨੇ ਪ੍ਰਵਾਸੀਆਂ ਨੂੰ ਸੁਰੱਖਿਅਤ ਉਨ੍ਹਾਂ ਦੇ ਘਰਾਂ ਤੱਕ ਪਹੁੰਚਾਉਣ ਲਈ ਹਵਾਈ ਸੈਨਾ ਦੇ ਜਹਾਜ਼ਾਂ ਦਾ ਪ੍ਰਬੰਧ ਕੀਤਾ। ਸੋਸ਼ਲ ਮੀਡੀਆ 'ਤੇ ਹੱਥਕੜੀ ਲਗਾਏ ਯਾਤਰੀਆਂ ਦੀਆਂ ਤਸਵੀਰਾਂ ਵਾਇਰਲ ਹੋਣ ਦੇ ਬਾਅਦ ਮਨੁੱਖੀ ਅਧਿਕਾਰ ਮੰਤਰੀ ਮੈਕੇ ਇਵਾਰਿਸਤੇ ਨੇ ਕਿਹਾ, "ਇਸ ਜਹਾਜ਼ ਵਿੱਚ ਔਟਿਜ਼ਮ ਨਾਲ ਪੀੜਤ ਬੱਚੇ ਵੀ ਸਨ ਅਤੇ ਉਨ੍ਹਾਂ ਨਾਲ ਵੀ ਇਸ ਤਰ੍ਹਾਂ ਦਾ ਵਤੀਰਾ ਅਸਵੀਕਾਰਨਯੋਗ ਹੈ।" ਬ੍ਰਾਜ਼ੀਲ ਦੇ ਵਿਦੇਸ਼ ਮੰਤਰਾਲੇ ਨੇ ਅਮਰੀਕੀ ਕਾਰਵਾਈ ਨੂੰ "ਮਨੁੱਖੀ ਅਧਿਕਾਰਾਂ ਦੀ ਅਣਦੇਖੀ" ਦੱਸਿਆ ਹੈ ਅਤੇ ਇਸ ਮਾਮਲੇ ਵਿਚ ਜਵਾਬ ਮੰਗਣ ਦੀ ਯੋਜਨਾ ਬਣਾਈ ਹੈ। ਟਰੰਪ ਪ੍ਰਸ਼ਾਸਨ ਦੇ ਸਹੁੰ ਚੁੱਕਣ ਤੋਂ ਬਾਅਦ ਇਹ ਘਟਨਾ ਪਹਿਲੀ ਵਾਰ ਸਾਹਮਣੇ ਆਈ ਹੈ, ਜਿਸ ਨਾਲ ਦੋਵਾਂ ਦੇਸ਼ਾਂ ਦੇ ਸਬੰਧਾਂ ਵਿੱਚ ਤਣਾਅ ਪੈਦਾ ਹੋ ਗਿਆ ਹੈ। ਬ੍ਰਾਜ਼ੀਲ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਅਜਿਹਾ ਅਣਮਨੁੱਖੀ ਵਿਵਹਾਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਰਾਸ਼ਟਰਪਤੀ ਡਾ ਸਿਲਵਾ ਨੇ ਕਿਹਾ ਕਿ ਸਰਕਾਰ ਆਪਣੇ ਨਾਗਰਿਕਾਂ ਦੇ ਸਨਮਾਨ ਅਤੇ ਅਧਿਕਾਰਾਂ ਦੀ ਰੱਖਿਆ ਲਈ ਹਰ ਸੰਭਵ ਕਦਮ ਚੁੱਕੇਗੀ।



## ਆਪ ਨੇ ਅੰਮ੍ਰਿਤਸਰ ਵਿੱਚ ਬਣਾਇਆ ਮੇਅਰ! ਆਪ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਨਵੇਂ ਚੁਣੇ ਗਏ ਅਹੁਦੇਦਾਰਾਂ ਨੂੰ ਦਿੱਤੀਆਂ ਸ਼ੁਭਕਾਮਨਾਵਾਂ



**ਚੌਕ ਮਹਿਤਾ 27 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਆਮ ਆਦਮੀ ਪਾਰਟੀ (ਆਪ) ਨੇ ਅੰਮ੍ਰਿਤਸਰ ਨਗਰ ਨਿਗਮ ਵਿੱਚ ਮੇਅਰ ਦਾ ਅਹੁਦਾ ਹਾਸਲ ਕਰਕੇ ਇੱਕ ਮਹੱਤਵਪੂਰਨ ਰਾਜਨੀਤਿਕ ਮੀਲ ਦਾ ਪੱਥਰ ਪ੍ਰਾਪਤ ਕੀਤਾ। ਜਤਿੰਦਰ ਸਿੰਘ ਮੋਤੀਆ ਭਾਟੀਆ ਨੂੰ ਮੇਅਰ, ਪ੍ਰਿਯੰਕਾ ਸ਼ਰਮਾ ਨੂੰ ਸੀਨੀਅਰ ਡਿਪਟੀ ਮੇਅਰ ਅਤੇ ਅਨੀਤਾ ਰਾਣੀ ਨੂੰ ਡਿਪਟੀ ਮੇਅਰ ਚੁਣਿਆ ਗਿਆ। 'ਆਪ' ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਇਸ ਇਤਿਹਾਸਕ ਜਿੱਤ 'ਤੇ ਵਧਾਈ ਦਿੱਤੀ। ਉਨ੍ਹਾਂ ਟਵੀਟ ਕੀਤਾ, "ਮੇਅਰ, ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ ਦੇ ਤਿੰਨੋਂ ਅਹੁਦੇ ਹਾਸਲ ਕਰਕੇ ਅੰਮ੍ਰਿਤਸਰ ਨਗਰ ਨਿਗਮ ਜਿੱਤਣ ਲਈ 'ਆਪ' ਪੰਜਾਬ ਨੂੰ ਹਾਰਦਿਕ ਵਧਾਈਆਂ। ਇਹ ਪਾਰਟੀ ਲਈ ਮਾਣ ਵਾਲਾ ਪਲ ਹੈ ਅਤੇ ਪਵਿੱਤਰ ਸ਼ਹਿਰ ਅੰਮ੍ਰਿਤਸਰ ਦੀ ਸੇਵਾ ਸਮਰਪਣ ਭਾਵਨਾ ਨਾਲ ਕਰਨ ਦੀ ਜ਼ਿੰਮੇਵਾਰੀ ਹੈ।÷ ਇੱਕ ਪ੍ਰੈਸ ਕਾਨਫਰੰਸ ਵਿੱਚ ਅਮਨ ਅਰੋੜਾ ਨੇ ਕਿਹਾ, "ਅੱਜ, 'ਆਪ' ਨੂੰ ਗੁਰੂ ਸਾਹਿਬ ਦੀ ਪਵਿੱਤਰ ਧਰਤੀ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਹੈ। ਸਾਡੀ ਟੀਮ ਅੰਮ੍ਰਿਤਸਰ ਨੂੰ ਇੱਕ ਸੁੰਦਰ ਅਤੇ ਵਿਕਸਤ ਸ਼ਹਿਰ ਵਿੱਚ ਬਦਲਣ ਲਈ ਤੁਰੰਤ ਕੰਮ ਸ਼ੁਰੂ ਕਰੇਗੀ। ਸਾਡੇ ਕਾਰਪੋਰੇਸ਼ਨ ਮੈਨੀਫੈਸਟੋ ਵਿੱਚ ਦਿੱਤੀਆਂ ਗਰੰਟੀਆਂ ਨੂੰ ਬਿਨਾਂ ਦੇਰੀ ਦੇ ਲਾਗੂ ਕੀਤਾ ਜਾਵੇਗਾ। ਅਸੀਂ ਅਕਾਲੀ ਦਲ ਦੇ ਕੌਂਸਲਰਾਂ ਦਾ ਉਨ੍ਹਾਂ ਦੇ ਸਮਰਥਨ ਲਈ ਧੰਨਵਾਦ ਕਰਦੇ ਹਾਂ।÷ ਇਸ ਮੌਕੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ, ਕੁਲਦੀਪ ਸਿੰਘ ਧਾਲੀਵਾਲ, ਹਰਭਜਨ ਸਿੰਘ ਈ.ਟੀ.ਓ., ਵਿਧਾਇਕ ਇੰਦਰਬੀਰ ਸਿੰਘ ਨਿੱਝਰ, ਡਾ. ਜਸਬੀਰ ਸਿੰਘ, ਜੀਵਨ ਜੋਤ ਕੌਰ, ਡਾ. ਅਜੈ ਗੁਪਤਾ, ਕੁੰਵਰ ਵਿਜੇ ਪ੍ਰਤਾਪ ਅਤੇ ਕਈ 'ਆਪ' ਆਗੂ ਵੀ ਹਾਜ਼ਰ ਸਨ, ਨਵੇਂ ਚੁਣੇ ਗਏ ਮੇਅਰ ਜਤਿੰਦਰ ਸਿੰਘ ਮੋਤੀਆ ਭਾਟੀਆ ਨੇ 'ਆਪ' ਲੀਡਰਸ਼ਿਪ ਦਾ ਧੰਨਵਾਦ ਕੀਤਾ ਅਤੇ ਸ਼ਹਿਰ ਨੂੰ ਪ੍ਰਭਾਵਿਤ ਕਰਨ ਵਾਲੇ ਬੁਨਿਆਦੀ ਮੁੱਦਿਆਂ ਨੂੰ ਤਰਜੀਹ ਦੇਣ ਦਾ ਵਾਅਦਾ ਕੀਤਾ।

# AWAZE QAUM TOUR & TRAVEL UK &
## SINGH TRAVEL CANADA JATHA

15 ਸਾਲ ਤੋਂ ਸੰਗਤਾਂ ਦੀ ਸੇਵਾ ਕਰ ਰਹੇ ਹਾਂ - YATRA SEWA SINCE 2010

# YATRA NANKANA SAHIB

WE WILL ALSO BE VISITING 25+ GURDWARA'S AND HISTORICAL PLACES

## 20 FEBRUARY TO 27 FEBRUARY, 2025

UK, EUROPE, ITALY, CANADA, USA SANGAT CAN JOIN OUR JATHA WITH FAMILIES & FRIENDS









### YATRA INCLUDES:

- GURDWARA NANKANA SAHIB
- GURDWARA PATTI SAHIB
- GURDWARA TAMBU SAHIB
- GURDWARA KIARA SAHIB
- GURDWARA MALJI SAHIB
- GURDWARA BAL LILA SAHIB
- GURDWARA SACHA SAUDA
- GURDWARA RORI SAHIB
- GURDWARA PANJA SAHIB
- GURDWARA BEBE DI BER SIALKOT
- GURDWARA DERA SAHIB
- JANAM ASTHAN BEBE NANKI JI
- BHAI LALU JI DA GHAR
- JANAM ASTHAN GURU RAMDAS JI
- GURDWARA SHRI KARTARPUR SAHIB
- GURDWARA SHAHEED GANJ LAHORE
- MATA SAHIB KAUR JI JANAM ASTHAN
- DARBAR SAI MIAN MIR JI
- SHAHI QILA (SIKH FORT)
- SHOPPING AT ANARKALI BAZAR

Yatra Booking, Please contact:

**RAGHBIR SINGH**

**Tel: +44 7976 210161**

### YATRA PACKAGE INCLUDES:

PAKISTAN VISA + HOTEL (TWIN SHARED) + LUXURY TRANSPORT + VEG FOOD + MINERAL WATER + TRIP YATRA PHOTO & VIDEOS + WiFi & MUCH MORE

**CANADA. +1 647-231-1600 - USA. +1 716-342-6007**

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਅਤੀਸੋ ਸਬਦੁ ਸਚੀ ਟਕਸਾਲ ॥ ਦਮਦਮੀ ਟਕਸਾਲ

ਨਾਮ ਜਪੋ / ਕਿਰਤ ਕਰੋ / ਵੰਡ ਛੱਕੋ

Naam Japo / Kirat Karo / Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਤੇਰੇ ਜਨ ਪਰਉਪਕਾਰੀ ਆਏ

ਸੇਵਾਪੰਥੀ ਅੱਡਣਸ਼ਾਹੀ ਸੰਪ੍ਰਦਾਇ ਦੇ ਭੂਸ਼ਣ ਮਹਾਂਪੁਰਸ਼ ਸਚਖੰਡਵਾਸੀ ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ ਵਾਲਿਆਂ ਦੇ

100 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ

51 ਬੇਟੀਆਂ ਦੇ ਸਮੂੰਹਿਕ ਆਨੰਦ ਕਾਰਜ



ਸਚਖੰਡਵਾਸੀ
ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ

ਮਿਤੀ - 12 ਫਰਵਰੀ 2025 ਨੂੰ ਕਰਵਾਏ ਜਾ ਰਹੇ ਹਨ।
ਸਭਾਗੀਆਂ ਬੱਚੀਆਂ ਨੂੰ ਘਰ ਵਿੱਚ ਵਰਤੋਂ ਵਿਹਾਰ ਦਾ ਸਾਜੋ ਸਮਾਨ ਦੇ ਕੇ ਸਤਿਕਾਰ ਸਹਿਤ ਵਿਦਾ ਕੀਤਾ ਜਾਵੇਗਾ।

ਸੁਭਾਗੀਆਂ ਜੋੜੀਆਂ ਦੇ ਪਰਿਵਾਰ ਇਹਨਾਂ ਨੰਬਰਾਂ ਤੇ ਸੰਪਰਕ ਕਰਨ - 7901754636, 9306060960, 8146806395, 8054055473



ਮਹੰਤ ਕਾਹਨ ਸਿੰਘ ਸੇਵਾਪੰਥੀ



ਸੰਤ ਰਣਜੀਤ ਸਿੰਘ ਸੇਵਾਪੰਥੀ

ਵਿਸ਼ੇਸ਼ ਸਹਿਯੋਗ -

ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ

ਚੇਅਰਮੈਨ, ਸੁੱਖ ਸੇਵਾ ਸਿਮਰਨ ਟਰਸੱਟ,
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਬੇਨਤੀ ਕਰਤਾ - ਮਹੰਤ ਕਾਹਨ ਸਿੰਘ ਜੀ ਸੇਵਾਪੰਥੀ,ਸੰਤ ਰਣਜੀਤ ਸਿੰਘ ਜੀ ਸੇਵਾਪੰਥੀ ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ ਪੰਜਾਬ



ਨਾਨਕ ਨਾਮ ਚੜ੍ਹਦੀਕਲਾ, ਤੇਰੇ ਭਾਣੇ ਸਰਬੱਤ ਦਾ ਭਲਾ
ਲੋੜਵੰਦ ਪਰਿਵਾਰਾਂ ਦੀਆਂ
72 ਬੱਚੀਆਂ ਦੇ ਸਮੂਹਿਕ ਆਨੰਦ ਕਾਰਜ
51 ਬੱਚੀਆਂ ਦੇ ਅਨੰਦ ਕਾਰਜ
ਮਿਤੀ 12 ਫਰਵਰੀ 2025
ਸਥਾਨ:-
ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ
21 ਬੱਚੀਆਂ ਦੇ ਅਨੰਦ ਕਾਰਜ
ਮਿਤੀ 23 ਫਰਵਰੀ 2025
ਸਥਾਨ:-
ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ
ਹਰ ਸਾਲ ਦੀ ਤਰਾਂ ਬੱਚੀਆਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਲੋੜੀਂਦਾ ਸਾਜੋ ਸਮਾਨ ਦੇ ਕੇ ਵਿਦਾ ਕੀਤਾ ਜਾਵੇਗਾ
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਬੱਚੀਆਂ ਦੇ ਨਾਮ ਦਰਜ ਕਰਾਉਣ ਲਈ ਹੇਠ ਲਿਖੇ ਨੰਬਰਾਂ ਤੇ ਸੰਪਰਕ ਕੀਤਾ ਜਾਵੇ ਜੀ
93560-60960, 81468-06395, 80540-55473
ਬੇਨਤੀ ਕਰਤਾ -
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਸੁੱਖ ਸੇਵਾ ਸਿਮਰਨ ਟਰੱਸਟ
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਆਜ਼ਾਦ ਅਤੇ ਸਮੂੰਹ ਸਾਧ ਸੰਗਤ




ੴ ਸਤਿਗੁਰ ਪ੍ਰਸਾਦਿ॥
ਸੂਰਾ ਸੋ ਪਹਿਚਾਨੀਐ, ਜੋ ਲਰੈ ਦੀਨ ਕੇ ਹੇਤ। ਪੁਰਜਾ ਪੁਰਜਾ ਕਟਿ ਮਰੈ ਕਬਹੂ ਨ ਛਾਡੈ ਖੇਤੁ॥
ਜਨਮ ਦਿਹਾੜਾ
ਧੰਨ ਧੰਨ ਸ਼ਹੀਦ ਬਾਬਾ ਦੀਪ ਸਿੰਘ ਜੀ
ਮਿਤੀ 30 ਜਨਵਰੀ 2025 ਦਿਨ ਵੀਰਵਾਰ ਨੂੰ ਗੁਰਦੁਆਰਾ ਧੰਨ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ C/o ਬਾਬਾ ਦੀਪ ਸਿੰਘ ਜੀ ਸ਼ਹੀਦ ਚੈਰੀਟੇਬਲ ਸੁਸਾਇਟੀ (ਰਜਿ:), (ਰਜਿ: ਨੰਬਰ 2661 of 2020-2021) ਦੁਸਾਂਝ ਕਲਾਂ ਰੋਡ, ਪਿੰਡ ਮੰਢਾਲੀ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਮਨਾਇਆ ਜਾ ਰਿਹਾ ਹੈ।
ਪਹੁੰਚ ਰਹੇ ਸੰਤ ਮਹਾਂਪੁਰਸ਼
ਗਿਆਨੀ ਹੀਰਾ ਸਿੰਘ ਜੀ ਪ੍ਰਚਾਰਕ
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਬਾਬਾ ਦਰਸ਼ਨ ਸਿੰਘ ਜੀ
ਟਾਹਲਾ ਸਾਹਿਬ ਵਾਲੇ
ਜਥੇਦਾਰ ਬਾਬਾ ਮੇਜਰ ਸਿੰਘ ਜੀ
(ਵੱਡੀ ਦਸਤਾਰ ਵਾਲੇ)
ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ
ਸਾਂਈ ਉਮਰੇ ਸ਼ਾਹ ਜੀ ਕਾਦਰੀ
ਨਿਹੰਗ ਸਿੰਘ ਆਪਣੇ ਗੱਤਕੇ ਦੇ ਜੌਹਰ ਵੀ ਦਿਖਾਉਣਗੇ।
ਵਿਸ਼ੇਸ਼ ਸੇਵਾ ਅਤੇ ਸਹਿਯੋਗ
ਪ੍ਰੋਗਰਾਮ
ਮਿਤੀ 28 ਜਨਵਰੀ 2025, ਦਿਨ ਮੰਗਲਵਾਰ
ਅਰੰਭ 2 ਸ੍ਰੀ ਅਖੰਡ ਪਾਠ ਸਾਹਿਬ ਜੀ ....10-00 ਵਜੇ ਸਵੇਰੇ
ਮਿਤੀ 30 ਜਨਵਰੀ 2025, ਦਿਨ ਵੀਰਵਾਰ
ਭੋਗ 2 ਸ੍ਰੀ ਅਖੰਡ ਪਾਠ ਸਾਹਿਬ ਜੀ ....10-00 ਵਜੇ ਸਵੇਰੇ
ਢਾਡੀ ਦਰਬਾਰ ਸਜਣਗੇ ....11-00 ਵਜੇ ਸਵੇਰੇ
ਗੁਰੂ ਕਾ ਲੰਗਰ ....2-00 ਵਜੇ ਦੁਪਹਿਰ
ਮੋ: 89682-83465
ਵੱਡੇ ਭਾਈ ਸਾਹਿਬ ਜੀ ਬਾਬਾ ਨੌਰੰਗ ਸਿੰਘ ਜੀ ਮਿਸ਼ਲ ਸ਼ਹੀਦਾਂ ਤਰਨਾ ਦਲ ਹਰੀਆਂ ਵੇਲਾਂ ਵਾਲੇ
ਮੁੱਖ ਸੇਵਾਦਾਰ ਬਾਬਾ ਜੋਗਾ ਸਿੰਘ ਜੀ ਨਿਹੰਗ ਸਿੰਘ
ਬੇਨਤੀ ਕਰਤਾ: ਮੁੱਖ ਸੇਵਾਦਾਰ ਬਾਬਾ ਜੋਗਾ ਸਿੰਘ ਜੀ ਨਿਹੰਗ ਸਿੰਘ, ਗੁਰਦੁਆਰਾ ਧੰਨ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ C/o ਬਾਬਾ ਦੀਪ ਸਿੰਘ ਜੀ ਸ਼ਹੀਦ ਚੈਰੀਟੇਬਲ ਸੁਸਾਇਟੀ (ਰਜਿ:),
(ਰਜਿ: ਨੰ: 2661 of 2020-2021) ਪਿੰਡ ਅਤੇ ਡਾਕਖਾਨਾ ਮੰਢਾਲੀ, ਤਹਿਸੀਲ ਬੰਗਾ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ (ਪੰਜਾਬ)

Waheguru Ji Ka Khalsa
Waheguru Ji Ke Fateh

Please join us to commemorate the 5th Barsi
In memory of our dearly beloved



# S. Serbjit Singh Landa

## SRI AKHAND PAATH SAHIB

31st January 2025 - 02nd February 2025

At Gurdwara Baba Budha Ji, Miri Piri House
329 Haydn Road, Nottingham, NG5 1DG

| | | |
|---|---|---|
| Friday 31st Jan 2025 | 10.00 am | Arambh Sri Akhand Paath Sahib |
| Sunday 2nd Feb 2025 | 11.00 am | Bhog Sri Akhand Paath Sahib |
| | 12.00 pm | Kirtan by Bhai Jagtar Singh Ji (Jammu Wale) |

Guru Ji Ka Langar will be served throughout the programme.

The Landa family warmly invites you to join us at the Gurdwara Sahib to seek Guru Ji's blessings.

For additional information, please contact
S. Karamjit Singh Landa - 07855 979 263

ਆਵਾਜ਼ਿ ਕੌਮ
AWAZE QAUM
International Newspaper & WEB TV

### ਭਾਟ ਸਿੱਖ ਬਰਾਦਰੀ ਵੱਲੋਂ ਧੰਨ ਬਾਬਾ ਦੀਪ ਸਿੰਘ ਦੇ ਜਨਮ ਦਿਨ ’ਤੇ

# ਸ਼ਹਿਰ ’ਚ ਨਗਰ ਕੀਰਤਨ ਕੱਢਿਆ





ਧੂਰੀ (ਰਣਜੀਤ ਸਿੰਘ ਪੇਧਨੀ ) ਸ਼ੋ੍ਮਣੀ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਮੁੱਖ ਰੱਖਦਿਆਂ ਹੋਇਆਂ ਭਾਟ ਸਿੱਖ ਬਰਾਦਰੀ ਆਜ਼ਾਦ ਨਗਰ ਮਹੱਲਾ ਧੂਰੀ ਵੱਲੋਂ ਧੰਨ ਧੰਨ ਬਾਬਾ ਦੀਪ ਸਿੰਘ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਬਾਬਾ ਮਹਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਅਤੇ ਪ੍ਰਸ਼ਾਸਨ ਦੇ ਸਹਿਯੋਗ ਦੇ ਨਾਲ ਸ਼ਹਿਰ ਧੂਰੀ ਵਿਖੇ ਨਗਰ ਕੀਰਤਨ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਵੱਖ-ਵੱਖ ਪੜਾਵਾਂ ਤੇ ਹੁੰਦਾ ਹੋਇਆ ਨਗਰ ਕੀਰਤਨ ਸਿਟੀ ਥਾਣੇ ਮੂਹਰੇ ਪਹੁੰਚਣ ਤੇ ਐਸਪੀ ਸ, ਮਨਦੀਪ ਸਿੰਘ ਅਤੇ ਐਸ,ਐਚ,ਓ ਸਿਟੀ ਸ, ਜਸਵੀਰ ਸਿੰਘ ਤੂਰ ਵੱਲੋਂ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਅਤੇ ਨਗਰ ਕੀਰਤਨ ਦਾ ਸਵਾਗਤ ਕੀਤਾ ਗਿਆ। ਇਸ ਨਗਰ ਕੀਰਤਨ ਵਿੱਚ ਪੰਜਾਬ ਦੇ ਪ੍ਰਸਿੱਧ ਢਾਡੀ ਸਾਧੂ ਸਿੰਘ ਨੂਲੀਵਾਲ ਤੇ ਸਹੌਰ ਵਾਲੀਆਂ ਬੀਬੀਆਂ ਦਾ ਜਥੇ ਨੇ ਸੰਗਤਾਂ ਨੂੰ ਸਿੱਖ ਇਤਿਹਾਸ ਨਾਲ ਸੰਬੰਧਿਤ 12 ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਬਾਬਾ ਮਹਿੰਦਰ ਸਿੰਘ ਕਹੇਰੂ ਨੇ ਕਿਹਾ ਹੈ ਕਿ ਧੰਨ ਧੰਨ ਬਾਬਾ ਦੀਪ ਸਿੰਘ ਸ਼ਹੀਦਾਂ ਦੇ ਸਰਤਾਜਹਨ ਸ਼ਹੀਦੀ ਵਿੱਚ ਜੇ ਸਭ ਤੋਂ ਵੱਡਾ ਰੁਤਬਾ ਸਹੀਦ ਸਿੱਖ ਕੌਮ ਦੇ ਵਿੱਚ ਬਹੁਤ ਜ਼ਿਆਦਾ ਹੋਏ ਨੇ ਪਰ ਬਾਬਾ ਦੀਪ ਸਿੰਘ ਦੀ ਸ਼ਹੀਦੀ ਇੱਕ ਮਿਸਾਲ ਹੈ। ਜਿਸ ਤੋਂ ਬਹੁਤ ਕੁਝ ਸਿੱਖਣ ਦੀ ਲੋੜ ਹੈ । ਇਸ ਮੌਕੇ ਕੁਲਦੀਪ ਸਿੰਘ ਰਾਜੋਮਾਜਰਾ, ਪਰਮਜੀਤ ਸਿੰਘ ਪੰਮਾ ਪੇਧਨੀ, ਊਧਮ ਸਿੰਘ ਕਹੇਰੂ, ਰਾਗੀ ਜਤਿੰਦਰ ਸਿੰਘ ਕਹੇਰੂ, ਆਸਾ ਧੂਰੀ, ਲੱਖਾ ਧੂਰੀ, ਪੱਤਰਕਾਰ ਰਣਜੀਤ ਸਿੰਘ ਪੇਧਨੀ , ਗੇਲਾ ਧੂਰੀ, ਕਾਲੀ ਧੂਰੀ, ਲੱਖਾ ਧੂਰੀ ਆਦਿ ਆਗੂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਵੱਲੋਂ ਪੰਜਾਬੀ ਭਾਸ਼ਾ ਦੇ ਪ੍ਰਚਾਰ-ਪ੍ਰਸਾਰ ਲਈ ਕੀਤੀ ਨਿਵੇਕਲੀ ਪਹਿਲਕਦਮੀ

# ਮਲਕੀਤ ਸਿੰਘ ਬੱਲ ਨੇ ਅਕਾਦਮੀ ਦਾ ਅਹੁਦਾ ਸੰਭਾਲਦੇ ਹੀ ਪ੍ਰਚਾਰ ਦੀ ਵਿੱਢੀ ਮੁਹਿੰਮ



**ਅੰਮ੍ਰਿਤਸਰ, 27 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਮਹਾਰਾਸ਼ਟਰ ਸਰਕਾਰ ਦੇ ਮੁੱਖ ਮੰਤਰੀ ਦਵਿੰਦਰ ਫੜਨਵੀਜ਼, ਘੱਟ ਗਿਣਤੀ ਮਾਮਲਿਆਂ ਦੇ ਮੰਤਰੀ ਵੱਲੋਂ ਮੁੰਬਈ ਵਿਖੇ ਸਥਿਤ ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਦੇ ਕਾਰਜਕਾਰੀ ਚੇਅਰਮੈਨ ਮਲਕੀਤ ਸਿੰਘ ਬੱਲ ਨੂੰ ਇਸ ਗੱਲ ਦਾ ਪੂਰਨ ਰੂਪ ਵਿੱਚ ਭਰੋਸਾ ਦਿੱਤਾ ਕਿ ਰਾਜ ਵਿੱਚ ਪੰਜਾਬੀ ਭਾਸ਼ਾ ਦੇ ਪ੍ਰਚਾਰ-ਪ੍ਰਸਾਰ ਅਤੇ ਪੰਜਾਬੀ ਸੱਭਿਆਚਾਰ ਦੀ ਤਰੱਕੀ ਲਈ ਸਰਕਾਰ ਵੱਲੋਂ ਪੂਰਨ ਸਹਿਯੋਗ ਦਿੱਤਾ ਜਾਵੇਗਾ। ਇਸ ਗੱਲ ਦੇ ਮੱਦੇਨਜ਼ਰ ਮਲਕੀਤ ਸਿੰਘ ਬੱਲ ਵੱਲੋਂ ਅਕਾਦਮੀ ਦੇ ਸਹਿਯੋਗੀ ਪ੍ਰਬੰਧਕਾਂ ਦਾ ਸਦਕਾ ਮਹਾਰਾਸ਼ਟਰ ਵਿੱਚ ਪੰਜਾਬੀ ਭਾਸ਼ਾ ਦੇ ਪ੍ਰਚਾਰ-ਪ੍ਰਸਾਰ ਲਈ ਮੁਹਿੰਮ ਵਿੱਢ ਦਿੱਤੀ ਹੈ। ਇਸ ਦੀ ਆਰੰਭਤਾ ਉਹਨਾਂ ਵੱਲੋਂ ਪੰਜਾਬੀ ਭਾਸ਼ਾ ਦੀ ਆਨਲਾਈਨ ਸਿਖਲਾਈ ਲਈ ਦਿੱਲੀ ਦੀ ਸੰਸਥਾ ਪੰਜਾਬੀ ਹੈਲਪਲਾਈਨ ਦੇ ਅਹੁਦੇਦਾਰਾਂ ਅਤੇ ਪੰਜਾਬੀ ਵਿਸ਼ੇ ਨਾਲ ਜੁੜੇ ਤੇ ਪੰਜਾਬੀ ਅਧਿਆਪਨ ਵਿੱਚ ਕਾਰਜਸ਼ੀਲ ਸ. ਪ੍ਰਕਾਸ਼ ਸਿੰਘ ਗਿੱਲ, ਸੁਨੀਲ ਕੁਮਾਰ ਬੇਦੀ, ਮਹਿੰਦਰਪਾਲ ਮੁੰਜਾਲ, ਡਾ. ਰਾਜਦੀਪ ਸਿੰਘ ਸਿੱਧੂ ਅਤੇ ਸ. ਸਰਬਜੀਤ ਸਿੰਘ ਬਰਾੜ ਨਾਲ ਸੰਪਰਕ ਕਾਇਮ ਕੀਤਾ ਗਿਆ। ਉਹਨਾਂ ਵੱਲੋਂ ਪਹਿਲੀ ਵਾਰੀ ਪੰਜਾਬੀ ਭਾਸ਼ਾ, ਸਿੱਖ ਧਰਮ, ਪੰਜਾਬੀ ਸਾਹਿਤ, ਸੱਭਿਆਚਾਰ ਨਾਲ ਸੰਬੰਧਤ ਸਿੱਖਿਆ ਦੇਣ ਲਈ ਇੱਕ ਸਿਲੇਬਸ ਤਿਆਰ ਕਰਾਇਆ ਗਿਆ। ਇਸ ਸਿਲੇਬਸ ਨੂੰ ਤਿਆਰ ਕਰਾਉਣ ਦਾ ਸ. ਮਲੀਕਤ ਸਿੰਘ ਬੱਲ ਹੋਰਾਂ ਦਾ ਮੂਲ ਉਦੇਸ਼ ਇਹ ਸੀ ਕਿ ਦੇਸ਼, ਵਿਦੇਸ਼ ਵਿੱਚ ਕਿਤੇ ਵੀ ਰਹਿਣ ਵਾਲੇ ਬਸ਼ਿੰਦੇ ਨੂੰ ਜੇਕਰ ਪੰਜਾਬੀ ਭਾਸ਼ਾ ਦੀ ਸਿਖਲਾਈ ਲੈਣੀ ਹੈ ਤਾਂ ਉਹ ਆਨਲਾਈਨ ਵਿਧੀ ਨਾਲ ਕਰ ਸਕੇ। ਇਸ ਕਾਰਜ ਲਈ ਉਹਨਾਂ ਨੇ ਫਲੇਮ ਯੂਨੀਵਰਸਿਟੀ ਪੂਨਾ ਦੇ ਨਾਲ ਸੰਪਰਕ ਕਾਇਮ ਕਰਦੇ ਹੋਏ 30 ਘੰਟੇ ਦਾ ਕੋਰਸ ਰਿਕਾਰਡ ਕਰਕੇ ਇਸ ਨੂੰ ਯੂ.ਜੀ.ਸੀ. ਦੇ ਪਲੇਟ ਫਾਰਮ ‘ਸਵਯਮ’ ਤੇ ਜਾਰੀ ਕਰਨ ਦਾ ਭਰੋਸਾ ਦਿੱਤਾ। ਸ. ਮਲਕੀਤ ਸਿੰਘ ਬੱਲ ਹੋਰਾਂ ਅੱਜ ਦਾ ਸਮਾਂ ਡਿਜੀਟਲ ਯੁੱਗ ਦਾ ਹੈ। ਦੇਸ਼ ਦੇ ਪ੍ਰਧਾਨਮੰਤਰੀ ਸ੍ਰੀ ਨਰੇਂਦਰ ਮੋਦੀ ਵੱਲੋਂ ਡਿਜੀਟਲ ਸਿੱਖਿਆ ਤੇ ਜ਼ੋਰ ਦਿੱਤਾ ਜਾ ਰਿਹਾ ਹੈ। ਸਾਡੀ ਨੌਜਵਾਨ ਪੀੜ੍ਹੀ ਵੀ ਡਿਜੀਟਲ ਸਿੱਖਿਆ ਦੀ ਧਾਰਨੀ ਹੈ। ਇਸ ਕਰਕੇ ਇਹ ਸਮੁੱਚਾ ਕੋਰਸ ਡਿਜੀਟਲ ਤਕਨੀਕ ਨੂੰ ਵੇਖਦੇ ਹੋਏ ‘ਆਨਲਾਈਨ’ ਕਰਾਉਣ ਦਾ ਫੈਸਲਾ ਕੀਤਾ ਗਿਆ। ਉਹਨਾਂ ਨੇ ਪੰਜਾਬੀ ਹੈਲਪਲਾਈਨ ਦੇ ਅਹੁਦੇਦਾਰਾਂ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਕਿ ਇਹਨਾਂ ਅਹੁਦੇਦਾਰਾਂ ਨੇ ਉਚੇਚੇ ਤੌਰ ਤੇ ਪੂਨਾ ਵਿਖੇ ਆ ਕੇ ਇਸ ਕੋਰਸ ਨੂੰ ਤਿਆਰ ਕਰਨ ਵਿੱਚ ਆਪਣਾ ਸਹਿਯੋਗ ਦਿੱਤਾ। ਇਸ ਦੇ ਨਾਲ ਹੀ ਉਹਨਾਂ ਨੇ ਸੰਤ ਸਮਾਜ ਦੇ ਪ੍ਰਧਾਨ ਅਤੇ ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਹੋਰਾਂ ਦਾ ਵੀ ਧੰਨਵਾਦ ਕੀਤਾ ਜਿੰਨਾਂ ਦੇ ਅਸ਼ੀਰਵਾਦ ਸਦਕਾ ਇਹ ਕੋਰਸ ਦੀ ਵਿਉਂਤਬੰਦੀ ਕਰਨ ਵਿੱਚ ਸਫ਼ਲ ਹੋਏ ਹਨ। ਕੋਰਸ ਦੀ ਰਿਕਾਰਡਿੰਗ ਅਕਾਲ ਪੁਰਖ ਅੱਗੇ ਅਰਦਾਸ ਕਰਦੇ ਹੋਏ ਆਰੰਭਤਾ ਕੀਤੀ ਗਈ। ਇਸ ਮੌਕੇ ਤੇ ਅਕਾਦਮੀ ਦੇ ਚੇਅਰਮੈਨ, ਫਲੇਮ ਯੂਨੀਵਰਸਿਟੀ ਦੇ ਪ੍ਰੋਫ਼ੈਸਰ ਸਾਹਿਬਾਨ ਅਤੇ ਤਕਨੀਕ ਟੀਮ ਨੇ ਵੀ ਆਪਣੀ ਸ਼ਮੂਲੀਅਤ ਕੀਤੀ।

**ਸੂਬੇ ਦੀ ਸਰਕਾਰ ਵੱਲੋਂ ਅਕਾਦਮੀ ਨੂੰ ਪੂਰਨ ਸਹਿਯੋਗ ਦਾ ਦਿੱਤਾ ਭਰੋਸਾ**

ਆਵਾਜ਼ਿ ਕੌਮ AWAZE QAUM International Newspaper & WEB TV

# ਮਲਕੀਤ ਸਿੰਘ ਬਡਬਰ ਬਣੇ ਸਬ ਇੰਸਪੈਕਟਰ ਦੋਸਤਾਂ ਮਿੱਤਰਾਂ ਨੇ ਦਿੱਤੀ ਮੁਬਾਰਕਬਾਦ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪਿਛਲੇ ਲੰਮੇ ਸਮੇਂ ਤੋਂ ਪੰਜਾਬ ਪੁਲਿਸ ਦੇ ਵਿੱਚ ਤਨਦੇਹੀ ਤੇ ਇਮਾਨਦਾਰੀ ਨਾਲ ਆਪਣੀਆਂ ਸੇਵਾਵਾਂ ਨਿਭਾ ਰਹੇ ਸ, ਮਲਕੀਤ ਸਿੰਘ ਸਿੱਧੂ ਬਡਬਰ ਨੂੰ ਮਹਿਕਮੇ ਵੱਲੋਂ ਤਰੱਕੀ ਦੇ ਕੇ ਸਬ ਇੰਸਪੈਕਟਰ ਬਣਾਇਆ ਗਿਆ ਹੈ। ਇਸ ਤਰੱਕੀ ਹੋਣ ਦੇ ਨਾਲ ਜਿੱਥੇ ਪਰਿਵਾਰ ਵਿੱਚ ਖੁਸ਼ੀ ਪਾਈ ਜਾ ਰਹੀ ਹੈ ਉਥੇ ਉਨ੍ਹਾਂ ਦੇ ਦੋਸਤਾਂ ਮਿੱਤਰਾਂ ਦੀ ਦੁਨੀਆਂ ਵਿੱਚ ਵੀ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਉੱਘੇ ਸਮਾਜ ਸੇਵੀ ਇਕਬਾਲ ਸਿੰਘ ਲੱਕੀ, ਪਰਮਜੀਤ ਸਿੰਘ ਬੱਬੂ ਯਮੁਨਾਨਗਰ ,ਠੇਕੇਦਾਰ ਬਲਵਿੰਦਰ ਸਿੰਘ, ਗੋਗੀ ਮਡਾਹਰ, ਸੁਖਪਾਲ ਸਿੰਘ ਬਡਬਰ, ਜਗਦੇਵ ਸਿੰਘ ਭੱਟੀ, ਸੁਖਵਿੰਦਰ ਸਿੰਘ, ਸੁਖਚੈਨ ਸਿੰਘ, ਬਲਵਿੰਦਰ ਸਿੰਘ ਢੇਰੂ ਆਦਿ ਆਗੂਆਂ ਨੇ ਮਲਕੀਤ ਸਿੰਘ ਸਿੱਧੂ ਨੂੰ ਤਰੱਕੀ ਮਿਲਣ ’ਤੇ ਮੁਬਾਰਕਵਾਦ ਦਿੱਤੀ ਅਤੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਪਰਮਾਤਮਾ ਪਰਿਵਾਰ ’ਤੇ ਹਮੇਸ਼ਾ ਹੀ ਮੇਹਰ ਭਰਿਆ ਹੱਥ ਰੱਖੇ। ਇਸ ਮੌਕੇ ਸ, ਮਲਕੀਤ ਸਿੰਘ ਨੇ ਸਬ ਇੰਸਪੈਕਟਰ ਬਣਨ ਤੇ ਜਿੱਥੇ ਆਪਣੇ ਸੀਨੀਅਰ ਪੁਲਿਸ ਅਧਿਕਾਰੀਆਂ ਦਾ ਧੰਨਵਾਦ ਕੀਤਾ ਉੱਥੇ ਵਿਸ਼ਵਾਸ ਦਵਾਇਆ ਕਿ ਉਹ ਮਿਲੀ ਤਰੱਕੀ ਨੂੰ ਮਿਹਨਤ ਅਤੇ ਇਮਾਨਦਾਰੀ ਨਾਲ ਨਿਭਾਉਣਗੇ ।

ਆਵਾਜ਼ਿ ਕੌਮ AWAZE QAUM International Newspaper & WEB TV

# ਚੇਅਰਮੈਨ ਘੁੱਲੀ ਨੇ ਨਗਰ ਕੌਂਸਲ ਦਫਤਰ ਧੂਰੀ ਵਿਖੇ ਝੰਡਾ ਲਹਿਰਾਇਆ



**ਧੂਰੀ ( ਰਣਜੀਤ ਸਿੰਘ ਪੇਧਨੀ )**-ਨਗਰ ਕੌਂਸਲ ਧੂਰੀ ਵਿਖੇ ਮੁੱਖ ਮੰਤਰੀ ਕੈਂਪਸ ਦਫ਼ਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ, ਨਗਰ ਕੌਂਸਲ ਦੇ ਪ੍ਰਧਾਨ ਪੁਸ਼ਪਾ ਤਾਇਲ, ਸੰਦੀਪ ਤਾਇਲ ਪੱਪੂ ਜੌਲੀ ਬਲਜੀਤ ਕੌਰ ਐਮਸੀ ਸਮੇਤ ਸਮੂਹ ਐਮਸੀ ਦੀ ਹਾਜਰੀ ਵਿੱਚ 26 ਜਨਵਰੀ ਗਣਤੰਤਰ ਦਿਵਸ ਨੂੰ ਮੁੱਖ ਰੱਖਦਿਆਂ ਝੰਡਾ ਲਹਿਰਾਉਣ ਦੀ ਰਸਮਾ ਅਦਾ ਕੀਤੀ ਗਈ।ਇਸ ਮੌਕੇ ਚੋਣਵੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ 26 ਜਨਵਰੀ, 1950 ਨੂੰ ਭਾਰਤੀ ਸੰਵਿਧਾਨ ਲਾਗੂ ਹੋਣ ਨਾਲ ਭਾਰਤੀ ਗਣਰਾਜ ਦੀ ਸਥਾਪਨਾ ਹੋਈ ਅਤੇ ਸਾਨੂੰ ਦੁਨੀਆਂ ਵਿੱਚ ਸਭ ਤੋਂ ਵੱਡੀ ਜਮਹੂਰੀਅਤ ਹੋਣ ਦਾ ਮਾਣ ਹਾਸਲ ਹੈ। ਉਨ੍ਹਾਂ ਨੇ ਇਸ ਪਵਿੱਤਰ ਦਿਹਾੜੇ ਮੌਕੇ ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਦਕਰ ਦੇ ਵੱਡਮੁੱਲੇ ਯੋਗਦਾਨ ਨੂੰ ਵੀ ਸਿਜਦਾ ਕੀਤਾ।ਇਸ ਮੌਕੇ ਉਹਨਾਂ ਦੇ ਨਾਲ ਆਪ ਆਗੂ ਪਰਮਜੀਤ ਸਿੰਘ ਕਾਂਝਲਾ, ਆਪ ਆਗੂ ਰਣਜੋਤ ਸਿੰਘ ਕਾਂਝਲਾ, ਮਨਜੀਤ ਲੱਡਾ, ਆਪ ਆਗੂ ਭਿੰਦਾ ਵਿਰਕ, ਆਪ ਆਗੂ ਮਾਣਾ ਗਰੇਵਾਲ, ਨਰੇਸ਼ ਕੁਮਾਰ ਮੰਗੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜ ਸਿੰਘ ਸਾਹਿਬਾਨਾਂ ਦੀ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਹੋਣਵਾਲੀ 28 ਜਨਵਰੀ ਦੀ ਮੀਟਿੰਗ ਦਾ ਮੁਲਤਵੀ ਹੋਣਾ ਕਈ ਸਵਾਲ ਖੜ੍ਹੇ ਕਰਦਾ ਹੈ : ਭਾਈ ਵਿਰਸਾ ਸਿੰਘ ਖਾਲਸਾ

ਜੰਡਿਆਲਾ ਗੁਰੂ 27 ਜਨਵਰੀ ( ਕੁਲਵੰਤ ਸਿੰਘ ਵਿਰਦੀ ) ਬਾਦਲਕਿਆਂ ਵੱਲੋਂ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਤੋਂ ਬਾਗੀ ਹੋ ਕੇ ਆਪਣੀ ਮਰਜ਼ੀ ਅਨੁਸਾਰ ਭਰਤੀ ਪ੍ਰਕਿਰਿਆ ਸ਼ੁਰੂ ਕਰਨ ਤੇ ਬਾਗ.ੀ ਧੜੇ ਨੂੰ ਇਸ ਤੋਂ ਦੂਰ ਰੱਖਣ ਸਬੰਧੀ ਜਥੇਦਾਰ ਅਕਾਲ ਤਖ਼ਤ ਸਾਹਿਬ ਜੀ ਨੇ ਇੱਕ ਵਿਸ਼ੇਸ਼ ਮੀਟਿੰਗ 28 ਜਨਵਰੀ ਨੂੰ ਸੱਦੀ ਸੀ ਅਤੇ ਲੋਕਾਂ ਨੂੰ ਆਸ ਹੋਈ ਸੀ ਇਸ ਮੀਟਿੰਗ ਵਿੱਚ ਬਾਦਲਕਿਆਂ ਦੀਆਂ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਦੇ ਹੁਕਮਾਂ ਦੀ ਹੋਈ ਉਲੰਘਣਾ ਕਰਕੇ ਕੋਈ ਸਖ਼ਤ ਹੁਕਮ ਲੈ ਸਕਦੇ ਹਨ ਪਰ ਲੋਕਾਂ ਦੀਆਂ ਆਸਾਂ ਨੂੰ ਉਸ ਵਕਤ ਠੇਸ ਪਹੁੰਚੀ ਜਦੋਂ ਐਨ ਮੌਕੇ ਜਥੇਦਾਰ ਅਕਾਲ ਤਖ਼ਤ ਸਾਹਿਬ ਵੱਲੋਂ ਇਸ ਪੰਜ ਸਿੰਘ ਸਾਹਿਬਾਨਾਂ ਦੀ ਹੋਣ ਵਾਲੀ ਮੀਟਿੰਗ ਨੂੰ ਮੁਲਤਵੀ ਕਰ ਦਿੱਤਾ ਗਿਆ ਜਿਸ ਦੇ ਕਈ ਤਰ੍ਹਾਂ ਦੇ ਸਿੱਟੇ ਸਿੱਖ ਸੰਗਤਾਂ ਵੱਲੋਂ ਕੱਢੇਂ ਜਾ ਰਹੇ ਹਨ ਜਦੋਂ ਕਿ ਭਵਿੱਖ ਹੀ ਇਸ ਮੀਟਿੰਗ ਦੇ ਮੁਲਤਵੀ ਹੋਣ ਦਾ ਕਾਰਨ ਦੱਸੇਗਾ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਇਸ ਮੀਟਿੰਗ ਦੇ ਮੁਲਤਵੀ ਕਰਨ ਸਬੰਧੀ ਆਪਣੇ ਵਿਚਾਰ ਪ੍ਰਗਟ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਭਾਈ ਖਾਲਸਾ ਨੇ ਕਿਹਾ ਹੋ ਸਕਦਾ ਹੈ ਕਿ ਜਥੇਦਾਰ ਸਾਹਿਬ ਤੇ ਇਸ ਸਬੰਧੀ ਦਬਾਅ ਬਣਾਇਆ ਗਿਆ ਹੋਵੇ ਜਾਂ ਫਿਰ ਸੁਖਬੀਰ ਬਾਦਲ ਦੀ ਲੜਕੀ ਦੀ ਸ਼ਾਦੀ ਕਰਕੇ ਇਸ ਮੀਟਿੰਗ ਨੂੰ ਮੁਲਤਵੀ ਕੀਤਾ ਗਿਆ ਹੈ ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਇਸ ਮੀਟਿੰਗ ਨੂੰ ਮੁਲਤਵੀ ਕਰਨ ਪਿਛੇ ਬਾਦਲਕਿਆਂ ਦੀ ਨੀਤੀ ਹੈ ਅਤੇ ਜਾਂ ਫਿਰ ਜਥੇਦਾਰ ਸਾਹਿਬ ਤੇ ਦਬਾਅ ਬਣਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ 76ਵੇਂ ਗਣਤੰਤਰ ਦਿਵਸ ਮੌਕੇ ਸੰਗਰੂਰ ਵਿਖੇ ਲਹਿਰਾਇਆ ਤਿਰੰਗਾ

# ਕੁੱਲ 31,156 ਕਰੋੜ ਰੁਪਏ ਤੋਂ ਵੱਧ ਦਾ ਮਾਲੀਆ ਪ੍ਰਾਪਤ ਹੋਇਆ- ਹਰਪਾਲ ਸਿੰਘ ਚੀਮਾ

**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਵਿੱਤ, ਯੋਜਨਾ, ਪ੍ਰੋਗਰਾਮ ਲਾਗੂਕਰਨ ਅਤੇ ਕਰ ਤੇ ਆਬਕਾਰੀ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਪੁਲਿਸ ਲਾਈਨ ਸਟੇਡੀਅਮ ਸੰਗਰੂਰ ਵਿਖੇ ਦੇਸ਼ ਦੇ 76ਵੇਂ ਗਣਤੰਤਰ ਦਿਵਸ ਮੌਕੇ ਆਯੋਜਿਤ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਕੌਮੀ ਝੰਡਾ ਫ਼ਹਿਰਾਉਣ ਦੀ ਰਸਮ ਅਦਾ ਕੀਤੀ।



ਇਸ ਮੌਕੇ ਉਨ੍ਹਾਂ ਨੇ ਦੇਸ਼-ਵਿਦੇਸ਼ ਵਿੱਚ ਵਸਦੇ ਸਾਰੇ ਭਾਰਤੀਆਂ ਖ਼ਾਸ ਤੌਰ 'ਤੇ ਪੰਜਾਬੀਆਂ ਨੂੰ ਤਹਿ ਦਿਲੋਂ ਵਧਾਈ ਦਿੱਤੀ । ਉਨ੍ਹਾਂ ਕਿਹਾ ਕਿ 26 ਜਨਵਰੀ, 1950 ਨੂੰ ਭਾਰਤੀ ਸੰਵਿਧਾਨ ਲਾਗੂ ਹੋਣ ਨਾਲ ਭਾਰਤੀ ਗਣਰਾਜ ਦੀ ਸਥਾਪਨਾ ਹੋਈ ਅਤੇ ਸਾਨੂੰ ਦੁਨੀਆਂ ਵਿੱਚ ਸਭ ਤੋਂ ਵੱਡੀ ਜਮਹੂਰੀਅਤ ਹੋਣ ਦਾ ਮਾਣ ਹਾਸਲ ਹੈ। ਉਨ੍ਹਾਂ ਨੇ ਇਸ ਪਵਿੱਤਰ ਦਿਹਾੜੇ ਮੌਕੇ ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਦਕਰ ਦੇ ਵੱਡਮੁੱਲੇ ਯੋਗਦਾਨ ਨੂੰ ਵੀ ਸਿਜਦਾ ਕੀਤਾ।

ਸੰਗਰੂਰ ਵਾਸੀਆਂ ਦੇ ਨਾਂ ਆਪਣਾ ਸੰਦੇਸ਼ ਦਿੰਦਿਆਂ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੇਸ਼ ਦੀਆਂ ਤਿੰਨੋ ਸੈਨਾਵਾਂ ਅਤੇ ਹਥਿਆਰਬੰਦ ਬਲਾਂ ਦੇ ਬਹਾਦਰ ਸੂਰਵੀਰਾਂ ਨੂੰ ਸਲਾਮ ਕਰਦਿਆਂ ਕਿਹਾ ਕਿ ਇਹ ਯੋਧੇ ਸਾਡੇ ਦੇਸ਼ ਦੀ ਪ੍ਰਭੂਸੱਤਾ ਤੇ ਅਖੰਡਤਾ ਦੀ ਰਾਖੀ ਕਰ ਰਹੇ ਹਨ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਕੀਤੀਆ ਜਾ ਰਹੀਆ ਵੱਖ-ਵੱਖ ਲੋਕ ਪੱਖੀ ਪਹਿਲਕਦਮੀਆਂ ਬਾਰੇ ਸਾਂਝ ਪਾਉਂਦੇ ਹੋਏ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਪੰਜਾਬ ਸਰਕਾਰ ਫ਼ੌਜੀ ਜਵਾਨਾਂ, ਸ਼ਹੀਦਾਂ ਦੇ ਪਰਿਵਾਰਾਂ ਅਤੇ ਸਾਬਕਾ ਫ਼ੌਜੀਆਂ ਦੀ ਭਲਾਈ ਲਈ ਵੀ ਦ੍ਰਿੜ੍ਹ ਸੰਕਲਪ ਹੈ। ਉਹਨਾਂ ਦੱਸਿਆ ਕਿ ਰਾਜ ਸਰਕਾਰ ਨੇ ਸ਼ਹੀਦ ਜਵਾਨਾਂ ਦੇ ਵਾਰਿਸਾਂ ਲਈ ਐਕਸ-ਗ੍ਰੇਸ਼ੀਆ ਰਾਸ਼ੀ 50 ਲੱਖ ਰੁਪਏ ਤੋਂ ਵਧਾ ਕੇ 1 ਕਰੋੜ ਰੁਪਏ ਕੀਤੀ ਹੈ ਅਤੇ ਸੂਬੇ ਤੇ ਦੇਸ਼ ਦੀ ਸੁਰੱਖਿਆ ਲਈ ਜਾਨ ਵਾਰਨ ਵਾਲੇ ਪੁਲੀਸ ਕਰਮਚਾਰੀਆਂ ਦੇ ਪਰਿਵਾਰਾਂ ਨੂੰ ਇਕ ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦੇਣ ਦਾ ਵੀ ਪ੍ਰਬੰਧ ਕੀਤਾ ਹੈ। ਉਨ੍ਹਾਂ ਕਿਹਾ ਕਿ ਆਜ਼ਾਦੀ ਘੁਲਾਟੀਏ ਸਾਡਾ ਮਾਣ ਹਨ ਅਤੇ ਪੰਜਾਬ ਸਰਕਾਰ ਨੇ ਸੂਬੇ ਦੇ ਆਜ਼ਾਦੀ ਘੁਲਾਟੀਆਂ ਜਾਂ ਉਨ੍ਹਾਂ ਦੇ ਵਾਰਸਾਂ ਨੂੰ ਮਿਲਦੀ ਪੈਨਸ਼ਨ 9400 ਤੋਂ ਵਧਾ ਕੇ 11 ਹਜ਼ਾਰ ਰੁਪਏ ਕਰ ਦਿੱਤੀ ਹੈ ਤੇ ਸੁਤੰਤਰਤਾ ਸੰਗਰਾਮੀਆਂ ਦੇ ਵਾਰਸਾਂ ਨੂੰ ਪੰਜਾਬ ਸਰਕਾਰ ਦੀ ਸਿੱਧੀ ਭਰਤੀ ਵਿੱਚ 1% ਰਾਖਵਾਂਕਰਨ ਦਾ ਉਪਬੰਧ ਵੀ ਹੈ।

**'ਮੇਰਾ ਬਿੱਲ' ਐਪ 'ਤੇ ਆਪਣੇ ਖਰੀਦ ਬਿੱਲਾਂ ਨੂੰ ਅਪਲੋਡ ਕਰਨ ਲਈ 3850 ਜੇਤੂਆਂ ਨੂੰ 2 ਕਰੋੜ 27 ਲੱਖ 40 ਹਜਾਰ ਰੁਪਏ ਦੇ ਇਨਾਮਾਂ ਨਾਲ ਨਿਵਾਜਿਆ**

ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਨੂੰ ਆਰਥਿਕ ਪੱਖੋਂ ਮਜ਼ਬੂਤ ਕਰਨ ਪ੍ਰਤੀ ਸਰਕਾਰ ਦੀਆਂ ਕੋਸ਼ਿਸ਼ਾਂ ਸਦਕਾ ਸੂਬੇ ਨੇ ਪਹਿਲੀ ਵਾਰ ਇੱਕ ਵਿੱਤੀ ਸਾਲ ਦੇ ਪਹਿਲੇ 9 ਮਹੀਨਿਆਂ ਵਿੱਚ ਵੈਟ, ਸੀਐਸਟੀ, ਜੀਐਸਟੀ, ਪੀਐਸਡੀਟੀ ਅਤੇ ਆਬਕਾਰੀ ਤੋਂ ਪ੍ਰਾਪਤ ਮਾਲੀਏ ਵਿੱਚ 30,000 ਕਰੋੜ ਰੁਪਏ ਦਾ ਅੰਕੜਾ ਪਾਰ ਕੀਤਾ ਹੈ। ਉਨ੍ਹਾਂ ਦੱਸਿਆ ਕਿ ਇਸ ਵਿੱਤੀ ਵਰ੍ਹੇ ਦੌਰਾਨ ਦਸੰਬਰ ਤੱਕ ਇਨ੍ਹਾਂ ਟੈਕਸਾਂ ਤੋਂ ਕੁੱਲ 31,156 ਕਰੋੜ ਰੁਪਏ ਤੋਂ ਵੱਧ ਦਾ ਮਾਲੀਆ ਪ੍ਰਾਪਤ ਹੋਇਆ ਹੈ।

ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸੂਬੇ ਦੇ ਲੋਕਾਂ ਨੂੰ ਆਪਣੀ ਖਰੀਦ ਦਾ ਬਿੱਲ ਲੈਣ ਵਾਸਤੇ ਉਤਸ਼ਾਹਿਤ ਕਰਨ ਲਈ "ਬਿੱਲ ਲਿਆਓ ਇਨਾਮ ਪਾਓ" ਸਕੀਮ ਜਾਰੀ ਕੀਤੀ ਗਈ ਹੈ ਅਤੇ ਇਸ ਯੋਜਨਾ ਤਹਿਤ ਜਨਵਰੀ 2025 ਤੱਕ 'ਮੇਰਾ ਬਿੱਲ' ਐਪ 'ਤੇ ਆਪਣੇ ਖਰੀਦ ਬਿੱਲਾਂ ਨੂੰ ਅਪਲੋਡ ਕਰਨ ਲਈ 3850 ਜੇਤੂਆਂ ਨੂੰ 2 ਕਰੋੜ 27 ਲੱਖ 40 ਹਜਾਰ ਰੁਪਏ ਦੇ ਇਨਾਮਾਂ ਨਾਲ ਨਿਵਾਜਿਆ ਗਿਆ ਹੈ। ਉਨ੍ਹਾਂ ਕਿਹਾ ਕਿ ਸਤੰਬਰ 2023 ਤੋਂ ਸ਼ੁਰੂ ਕੀਤੀ ਗਈ ਇਸ ਸਕੀਮ ਹੇਠਾਂ ਹੁਣ ਤੱਕ 16 ਡਰਾਅ ਸਫਲਤਾਪੂਰਵਕ ਕੱਢੇ ਗਏ ਹਨ। ਉਹਨਾਂ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਵਸਤਾਂ ਦੀ ਖਰੀਦ ਦਾ ਬਿੱਲ ਜ਼ਰੂਰ ਲੈਣ ਕਿਉਂਕਿ ਇਸ ਨਾਲ ਜਿੱਥੇ ਖਰੀਦੋ-ਫਰੋਖਤ ਦੌਰਾਨ ਹੋਣ ਵਾਲੇ ਕਿਸੇ ਧੋਖੇ ਤੋਂ ਬਚਿਆ ਜਾ ਸਕਦਾ ਹੈ ਉਥੇ ਹੀ ਸੂਬੇ ਦੇ ਵਿਕਾਸ ਵਿੱਚ ਵੱਡਮੁੱਲਾ ਯੋਗਦਾਨ ਪਵੇਗਾ।

ਆਪਣੇ ਸੰਦੇਸ਼ ਦੌਰਾਨ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਸੂਬੇ ਦੀ ਆਰਥਿਕਤਾ ਨੂੰ ਮਜ਼ਬੂਤ ਕਰਦਿਆਂ ਰੋਜ਼ਗਾਰ, ਸਿਹਤ, ਸਿੱਖਿਆ ਅਤੇ ਖੇਡ ਖੇਤਰਾਂ ਦਾ ਵਿਕਾਸ ਕਰਨ ਦੇ ਨਾਲ-ਨਾਲ ਸੂਬੇ ਦੇ ਲੋਕਾਂ ਨੂੰ ਮਹਿੰਗਾਈ ਤੋਂ ਰਾਹਤ ਦਿਵਾਉਣ ਲਈ ਮੁਫਤ ਬਿਜਲੀ ਮੁਹੱਈਆ ਕਰਨ ਵਰਗੀਆਂ ਸਹੂਲਤਾਂ ਪ੍ਰਦਾਨ ਕਰਨਾ ਅਤੇ ਪ੍ਰਸ਼ਾਸ਼ਕੀ ਸੁਧਾਰ ਲਿਆਉਣਾ ਪੰਜਾਬ ਸਰਕਾਰ ਦਾ ਮੁੱਖ ਮਕਸਦ ਹੈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ ਕਰੀਬ 34 ਮਹੀਨਿਆਂ ਦੌਰਾਨ 50 ਹਜ਼ਾਰ ਦੇ ਕਰੀਬ ਸਰਕਾਰੀ ਨੌਕਰੀਆਂ ਦਿੱਤੀਆਂ ਹਨ ਅਤੇ ਇਹ ਸਿਲਸਿਲਾ ਲਗਾਤਾਰ ਜਾਰੀ ਹੈ।

ਇਸ ਮੌਕੇ ਉਨ੍ਹਾਂ ਸੰਗਰੂਰ ਜ਼ਿਲ੍ਹੇ ਦੀਆ ਅਹਿਮ ਪਹਿਲਕਦਮੀਆਂ ਦਾ ਵਿਸ਼ੇਸ਼ ਜ਼ਿਕਰ ਕੀਤਾ ਜਿਸ ਵਿੱਚ ਪਿੰਡ ਖੇੜੀ ਵਿਖੇ ਲਗਭਗ 29 ਕਰੋੜ ਦੀ ਲਾਗਤ ਨਾਲ ਬਣਨ ਵਾਲੇ ਸੀ-ਪਾਇਟ ਕੇਂਦਰ, ਸਿਹਤ ਖੇਤਰ ਵਿੱਚ ਕ੍ਰਾਂਤੀਕਾਰੀ ਤਬਦੀਲੀ ਲਿਆਂਉਂਦਿਆਂ ਸੰਗਰੂਰ ਜਿਲ੍ਹੇ ਦੇ ਪਿੰਡਾਂ ਵਿੱਚ 35 ਅਤੇ ਸ਼ਹਿਰੀ ਇਲਾਕਿਆਂ ਵਿੱਚ 11 ਆਮ ਆਦਮੀ ਕਲੀਨਿਕ ਸਥਾਪਤ ਕੀਤੇ ਗਏ, ਕਰੀਬ 21 ਕਰੋੜ ਰੁਪਏ ਦੀ ਲਾਗਤ ਨਾਲ ਸਰਕਾਰੀ ਸਿਵਲ ਹਸਪਤਾਲ ਸੰਗਰੂਰ ਦੇ ਵਿਸਥਾਰ ਅਤੇ ਮੌਜੂਦਾ ਨਰਸਿੰਗ ਕਾਲਜ ਦੀ ਵਾਧੂ ਮੰਜ਼ਿਲ ਦੀ ਉਸਾਰੀ ਦੇ ਕਾਰਜ, ਧੂਰੀ ਵਿਖੇ ਤਕਰੀਬਨ 22 ਕਰੋੜ ਰੁਪਏ ਦੀ ਲਾਗਤ ਨਾਲ ਸਬ ਡਵੀਜ਼ਨਲ ਹਸਪਤਾਲ ਅਤੇ ਮੈਟਰਨਲ ਤੇ ਚਾਈਲਡ ਕੇਅਰ ਬਿਲਡਿੰਗ ਦੇ ਨਵੇਂ ਬਲਾਕ ਦੀ ਉਸਾਰੀ ਦੇ ਕਾਰਜ ਚੱਲ ਰਹੇ ਹਨ। ਉਹਨਾਂ ਦੱਸਿਆ ਕਿ ਦਿੜ੍ਹਬਾ ਸਬ ਡਵੀਜ਼ਨ ਦੇ ਕੌਹਰੀਆਂ ਇਲਾਕੇ ਵਿੱਚ ਸਿਹਤ ਸੁਵਿਧਾਵਾਂ ਨੂੰ ਹੋਰ ਬਿਹਤਰੀਨ ਬਣਾਉਣ ਲਈ ਲਗਭਗ 11 ਕਰੋੜ ਰੁਪਏ ਦੀ ਲਾਗਤ ਨਾਲ ਕਮਿਊਨਿਟੀ ਸਿਹਤ ਕੇਂਦਰ ਉਸਾਰਿਆ ਗਿਆ ਹੈ। ਸ਼੍ਰੀ ਚੀਮਾ ਨੇ ਦੱਸਿਆ ਕਿ ਸੰਗਰੂਰ ਜਿਲ੍ਹੇ ਵਿੱਚ ਵੀ 8 ਸਕੂਲ ਆਫ ਐਮੀਨੈਂਸ ਸ਼ੁਰੂ ਕੀਤੇ ਜਾ ਚੁੱਕੇ ਹਨ ਅਤੇ ਇਨ੍ਹਾਂ ਸਕੂਲਾਂ ਅਤੇ ਲੜਕੀਆਂ ਦੇ 17 ਸੀਨੀਅਰ ਸੈਕੰਡਰੀ ਸਕੂਲਾਂ ਲਈ ਟ੍ਰਾਂਸਪੋਰਟ ਸੁਵਿਧਾ ਸ਼ੁਰੂ ਕੀਤੀ ਗਈ ਹੈ, ਜਿਸ ਦਾ 10,000 ਤੋਂ ਵੱਧ ਵਿਦਿਆਰਥੀਆਂ ਨੂੰ ਲਾਭ ਮਿਲ ਰਿਹਾ ਹੈ।

ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ ਸਾਲ ਗੋਇੰਦਵਾਲ ਪਾਵਰ ਪਲਾਂਟ ਨੂੰ 1080 ਕਰੋੜ ਰੁਪਏ ਦੀ ਲਾਗਤ ਨਾਲ ਖਰੀਦਿਆ ਗਿਆ। ਉਨ੍ਹਾਂ ਕਿਹਾ ਕਿ ਭਾਰਤ ਵਿੱਚ ਕਿਸੇ ਸੂਬਾ ਸਰਕਾਰ ਦੁਆਰਾ ਇੱਕ ਪ੍ਰਾਈਵੇਟ ਪਾਵਰ ਪਲਾਂਟ ਖਰੀਦਣ ਦੀ ਇਹ ਪਹਿਲੀ ਘਟਨਾ ਹੈ।

ਹਰਪਾਲ ਸਿੰਘ ਚੀਮਾ ਨੇ ਆਪਣੇ ਸੰਬੋਧਨ ਦੌਰਾਨ ਦੱਸਿਆ ਕਿ ਦਿੜ੍ਹਬਾ ਵਿਖੇ 11 ਕਰੋੜ ਰੁਪਏ ਦੀ ਲਾਗਤ ਨਾਲ ਅਤਿ ਆਧੁਨਿਕ ਸਬ ਡਵੀਜ਼ਨਲ ਕੰਪਲੈਕਸ ਬਣਵਾ ਕੇ ਲੋਕਾਂ ਨੂੰ ਸਮਰਪਿਤ ਕੀਤਾ ਗਿਆ। ਇਸ ਸਬ ਡਵੀਜ਼ਨਲ ਕੰਪਲੈਕਸ ਦੀ ਚਾਰ ਮੰਜ਼ਿਲਾ ਇਮਾਰਤ ਵਿੱਚ ਐਸ.ਡੀ.ਐਮ., ਤਹਿਸੀਲਦਾਰ, ਬੀ.ਡੀ.ਪੀ.ਓ., ਡੀ.ਐਸ.ਪੀ., ਸੀ.ਡੀ.ਪੀ.ਓ. ਅਤੇ ਹੋਰ ਦਫ਼ਤਰ ਸਥਾਪਿਤ ਕੀਤੇ ਗਏ ਹਨ।

ਉਹਨਾਂ ਦੱਸਿਆ ਕਿ ਦਿੜ੍ਹਬਾ ਵਿਖੇ ਖੁਸ਼ੀ ਗ਼ਮੀ ਦੇ ਮੌਕਿਆਂ ਉਤੇ ਸਮਾਗਮ ਕਰਨ ਲਈ ਲਗਭਗ 2.25 ਕਰੋੜ ਰੁਪਏ ਦੀ ਲਾਗਤ ਨਾਲ ਅੰਬੇਡਕਰ ਭਵਨ (ਕਮਿਊਨਿਟੀ ਸੈਂਟਰ) ਸਥਾਪਿਤ ਕੀਤਾ ਜਾ ਰਿਹਾ ਹੈ ਜਿਸ ਦਾ ਲੋੜਵੰਦ ਲੋਕਾਂ ਨੂੰ ਵੱਡਾ ਲਾਭ ਮਿਲੇਗਾ।

ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਪੁਲਿਸ ਲਾਈਨ ਵਿਖੇ ਵਿਧਾਇਕ ਸੰਗਰੂਰ ਨਰਿੰਦਰ ਕੌਰ ਭਰਾਜ ਸਮੇਤ ਸ਼ਹੀਦੀ ਯਾਦਗਾਰ ਵਿਖੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਸਮੇਂ ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਤੇ ਐਸ.ਐਸ.ਪੀ ਸਰਤਾਜ ਸਿੰਘ ਚਹਿਲ ਵੀ ਉਨ੍ਹਾਂ ਦੇ ਨਾਲ ਸਨ। ਪੁਲਿਸ ਲਾਈਨ ਸਟੇਡੀਅਮ ਵਿਖੇ ਕੌਮੀ ਝੰਡਾ ਲਹਿਰਾਉਣ ਉਪਰੰਤ ਉਨ੍ਹਾਂ ਨੇ ਪਰੇਡ ਦਾ ਨਿਰੀਖਣ ਕੀਤਾ ਅਤੇ ਮਾਰਚ ਪਾਸਟ ਤਹਿਤ ਵੱਖ-ਵੱਖ ਟੁਕੜੀਆਂ ਤੋਂ ਸਲਾਮੀ ਲਈ। ਇਸ ਦੌਰਾਨ ਪੰਜਾਬ ਸਰਕਾਰ ਦੇ ਮਹੱਤਵਪੂਰਨ ਪ੍ਰੋਜੈਕਟਾਂ ਨੂੰ ਦਰਸਾਉਂਦੀਆਂ ਵੱਖ-ਵੱਖ ਝਾਕੀਆਂ, ਜਿਨਾਂ ਵਿੱਚ ਸਿਹਤ ਵਿਭਾਗ ਦੇ ਗੈਰ ਸੰਚਾਰੀ ਰੋਗ ਕੰਟਰੋਲ ਪ੍ਰੋਗਰਾਮ, ਸੀਐਮ ਦੀ ਯੋਗਸ਼ਾਲਾ, ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ ਤਿੰਨ, ਪਰਾਲੀ ਨੂੰ ਸਾੜਨ ਤੋਂ ਰੋਕਣ ਦੀ ਮੁਹਿੰਮ, ਪੀਐਸਪੀਸੀਐਲ, ਸਕੂਲ ਆਫ ਐਮੀਨੈਂਸ, ਮਗਨਰੇਗਾ ਸਕੀਮ ਅਤੇ ਸੜਕ ਸੁਰੱਖਿਆ ਫੋਰਸ ਦੀ ਝਾਕੀ ਸ਼ਾਮਿਲ ਸਨ , ਵੀ ਖਿੱਚ ਦਾ ਕੇਂਦਰ ਬਣੀਆਂ। ਸਮਾਗਮ ਦੌਰਾਨ ਕੈਬਨਿਟ ਮੰਤਰੀ ਨੇ ਆਜ਼ਾਦੀ ਸੰਗਰਾਮੀਆਂ ਦੇ ਪਰਿਵਾਰਕ ਮੈਂਬਰਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕਰਨ ਦੀ ਰਸਮ ਅਦਾ ਕੀਤੀ।

ਇਸ ਉਪਰੰਤ ਵੱਖ ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ 'ਤੇ ਆਧਾਰਿਤ ਪ੍ਰੋਗਰਾਮ ਤਹਿਤ ਕੋਰੀਓਗ੍ਰਾਫੀ, ਸਭਿਆਚਾਰਕ ਵੰਨਗੀਆਂ ਤਹਿਤ ਬੰਗਾਲੀ ਲੋਕ ਨਾਚ, ਪੰਜਾਬ ਦੇ ਰਿਵਾਇਤੀ ਲੋਕ ਨਾਚਾਂ ਗਿੱਧੇ ਅਤੇ ਭੰਗੜੇ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ ਗਈ ਜਿਸ ਦਾ ਦਰਸ਼ਕਾਂ ਨੇ ਖੂਬ ਆਨੰਦ ਮਾਣਿਆ।

ਇਸ ਉਪਰੰਤ ਲੋੜਵੰਦਾਂ ਨੂੰ ਸਿਲਾਈ ਮਸ਼ੀਨਾਂ ਤੇ ਦਿਵਿਆਂਗ ਵਿਅਕਤੀਆਂ ਨੂੰ ਟਰਾਈ ਸਾਈਕਲ ਵੰਡੇ। ਇਸ ਮੌਕੇ ਮੁੱਖ ਮਹਿਮਾਨ ਨੇ ਜ਼ਿਲਾ ਸੰਗਰੂਰ ਦੇ ਵੱਖ-ਵੱਖ ਖੇਤਰਾਂ ਵਿਚ ਸ਼ਲਾਘਾਯੋਗ ਪ੍ਰਾਪਤੀਆਂ ਦਰਜ ਕਰਨ ਵਾਲੀਆਂ ਸ਼ਖਸੀਅਤਾਂ ਨੂੰ ਜ਼ਿਲਾ ਪੱਧਰੀ ਐਵਾਰਡ ਨਾਲ ਸਨਮਾਨਿਤ ਕੀਤਾ ।

ਕੈਬਨਿਟ ਮੰਤਰੀ ਵੱਲੋਂ ਸਕੂਲਾਂ ਦੇ ਵਿਦਿਆਰਥੀਆਂ ਦੀ ਪੇਸ਼ਕਾਰੀ ਤੋਂ ਪ੍ਰਭਾਵਿਤ ਹੁੰਦਿਆਂ ਮਿਤੀ 27 ਜਨਵਰੀ ਨੂੰ ਉਨ੍ਹਾਂ ਸਕੂਲਾਂ ਵਿੱਚ ਛੁੱਟੀ ਦਾ ਐਲਾਨ ਕੀਤਾ ਜਿਨ੍ਹਾਂ ਵਲੋਂ ਅੱਜ ਦੇ ਸਮਾਗਮ ਵਿੱਚ ਹਿੱਸਾ ਲਿਆ ਗਿਆ ਸੀ। ਜ਼ਿਲ੍ਹਾ ਪ੍ਰਸ਼ਾਸਨ ਦੀ ਤਰਫ਼ੋਂ ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਅਤੇ ਐਸਐਸਪੀ ਸਰਤਾਜ ਸਿੰਘ ਚਹਿਲ ਵੱਲੋਂ ਕੈਬਨਿਟ ਮੰਤਰੀ ਨੂੰ ਵਿਸ਼ੇਸ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪ੍ਰਸ਼ਾਸਨ ਵੱਲੋਂ ਵਿਧਾਇਕ ਸੰਗਰੂਰ ਨਰਿੰਦਰ ਕੌਰ ਭਰਾਜ ਨੂੰ ਵੀ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਪਹਿਲੇ ਸਥਾਨ ਉੱਤੇ ਰਹੀ ਸੜਕ ਸੁਰੱਖਿਆ ਫੋਰਸ ਦੀ ਝਾਕੀ, ਦੂਜੇ ਸਥਾਨ ਉੱਤੇ ਰਹੀ ਪੀਐਸਪੀਸੀਐਲ ਦੀ ਝਾਕੀ ਅਤੇ ਤੀਜੇ ਸਥਾਨ ਉੱਤੇ ਰਹੀਆਂ ਸਕੂਲ ਆਫ ਐਮੀਨੈਂਸ ਤੇ ਖੇਡਾਂ ਵਤਨ ਪੰਜਾਬ ਦੀਆਂ ਝਾਕੀਆਂ ਨੂੰ ਸਨਮਾਨਿਤ ਕੀਤਾ ਗਿਆ।ਕੈਬਨਿਟ ਮੰਤਰੀ ਵੱਲੋਂ ਪਰੇਡ ਕਮਾਂਡਰ ਡੀਐਸਪੀ ਮੇਜਰ ਗੁਰਪ੍ਰੀਤ ਸਿੰਘ, ਵੱਖ ਵੱਖ ਪਰੇਡ ਟੁਕੜੀਆਂ ਦੇ ਇੰਚਾਰਜ ਵੀ ਸਨਮਾਨਿਤ ਕੀਤੇ ਗਏ। ਸਮਾਗਮ ਦੌਰਾਨ ਜ਼ਿਲ੍ਹਾ ਤੇ ਸ਼ੈਸ਼ਨ ਜੱਜ ਮੁਨੀਸ਼ ਸਿੰਗਲ ਸਮੇਤ ਸਮੂਹ ਜੁਡੀਸ਼ੀਅਲ ਅਧਿਕਾਰੀ, ਪੰਜਾਬ ਲੱਘੂ ਉਦਯੋਗ ਨਿਗਮ ਦੇ ਚੇਅਰਮੈਨ ਦਲਬੀਰ ਸਿੰਘ ਢਿੱਲੋ, ਚੇਅਰਮੈਨ ਪੰਜਾਬ ਰਾਜ ਇੰਡਸਟਰੀਅਲ ਡਿਵੈਲਪਮੈਂਟ ਕਾਰਪੋਰੇਸ਼ਨ ਜਸਵੀਰ ਸਿੰਘ ਕੁਦਨੀ, ਚੇਅਰਮੈਨ ਗਊ ਸੇਵਾ ਕਮਿਸ਼ਨ ਅਸ਼ੋਕ ਸਿੰਗਲਾ, ਚੇਅਰਮੈਨ ਨਗਰ ਸੁਧਾਰ ਟਰੱਸਟ ਪ੍ਰੀਤਮ ਸਿੰਘ ਪੀਤੂ, ਚੇਅਰਮੈਨ ਮਾਰਕੀਟ ਕਮੇਟੀ ਸੰਗਰੂਰ ਅਵਤਾਰ ਸਿੰਘ ਈਲਵਾਲ, ਚੇਅਰਮੈਨ ਮਾਰਕੀਟ ਕਮੇਟੀ ਧੂਰੀ ਰਾਜਵੰਤ ਸਿੰਘ ਘੁੱਲੀ, ਕੈਬਨਿਟ ਮੰਤਰੀ ਦੇ ਓਐਸਡੀ ਤਪਿੰਦਰ ਸਿੰਘ ਸੋਹੀ, ਏਡੀਸੀ (ਵਿਕਾਸ) ਸੁਖਚੈਨ ਸਿੰਘ ਪਾਪੜਾ, ਸੀਐਮ ਫੀਲਡ ਅਫਸਰ ਡਾ. ਕਰਮਜੀਤ ਸਿੰਘ, ਐਸਡੀਐਮ ਸੰਗਰੂਰ ਚਰਨਜੋਤ ਸਿੰਘ ਵਾਲੀਆ, ਸਹਾਇਕ ਕਮਿਸ਼ਨਰ ਅੰਡਰ ਟ੍ਰੇਨਿੰਗ ਡਾ. ਅਦਿਤਿਆ ਤੇ ਸਹਾਇਕ ਕਮਿਸ਼ਨਰ ਉਪਿੰਦਰਜੀਤ ਕੌਰ ਬਰਾੜ ਸਮੇਤ ਪ੍ਰਸ਼ਾਸ਼ਿਨਕ ਅਤੇ ਪੁਲਿਸ ਅਧਿਕਾਰੀ, ਵੱਖ ਵੱਖ ਵਿਭਾਗਾਂ ਦੇ ਮੁਖੀ, ਸਕੂਲੀ ਵਿਦਿਆਰਥੀ, ਅਧਿਆਪਕ, ਸ਼ਹਿਰ ਵਾਸੀ ਵੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਸਾਹਿਤ ਜਾਗ੍ਰਿਤੀ ਸਭਾ ਬਠਿੰਡਾ ਵੱਲੋਂ ਪ੍ਰੋਫੈਸਰ ਤਰਸੇਮ ਨਰੂਲਾ ਜੀ ਦਾ ਸਨਮਾਨ ਤੇ ਰੂ-ਬ-ਰੂ ਹੋਵੇਗਾ 16 ਫਰਵਰੀ ਨੂੰ





**ਤਲਵੰਡੀ ਸਾਬੋ, 27 ਜਨਵਰੀ (ਗੁਰਜੰਟ ਸਿੰਘ ਨਥੇਹਾ)**- ਸਾਹਿਤ ਜਾਗ੍ਰਿਤੀ ਸਭਾ (ਰਜਿ.) ਬਠਿੰਡਾ ਦੀ ਮਹੀਨਾਵਾਰ ਮੀਟਿੰਗ ਅਮਰਜੀਤ ਸਿੰਘ ਜੀਤ ਦੀ ਪ੍ਰਧਾਨਗੀ 'ਚ ਟੀਚਰਜ਼ ਹੋਮ ਬਠਿੰਡਾ ਵਿਖੇ ਹੋਈ। ਮੀਟਿੰਗ ਦੌਰਾਨ ਸਲਾਨਾ ਸਮਾਗਮ ਕਰਾਉਣ ਲਈ ਵਿਚਾਰਾਂ ਕੀਤੀਆਂ ਗਈਆਂ। ਵਿਚਾਰ ਵਟਾਂਦਰੇ ਉਪਰੰਤ ਫੈਸਲਾ ਲਿਆ ਗਿਆ ਹੈ ਕਿ 16 ਫਰਵਰੀ ਨੂੰ ਸਲਾਨਾ ਸਮਾਗਮ ਮੌਕੇ ਪ੍ਰੋ. ਤਰਸੇਮ ਨਰੂਲਾ ਜੀ ਦਾ ਰੂ-ਬ-ਰੂ ਅਤੇ ਸਨਮਾਨ ਕੀਤਾ ਜਾਵੇਗਾ। ਇਸ ਪ੍ਰੋਗਰਾਮ ਦੌਰਾਨ ਚੋਣਵੇਂ ਕਵੀਆਂ ਦਾ ਸੰਖੇਪ ਕਵੀ ਦਰਬਾਰ ਵੀ ਹੋਵੇਗਾ। ਮੀਟਿੰਗ ਦੇ ਸਾਹਿਤਕ ਦੌਰ ਵਿੱਚ ਸਾਹਿਤਕਾਰਾਂ ਨੇ ਆਪਣੀਆਂ ਰਚਨਾਵਾਂ ਦਾ ਪਾਠ ਕੀਤਾ, ਜਿਸ ਵਿਚ ਦਿਲਜੀਤ ਬੰਗੀ ਨੇ ਸੂਫ਼ੀ ਰੰਗ ਦਾ ਗੀਤ, ਪੋਰਿੰਦਰ ਸਿੰਗਲਾ ਨੇ ਆਧੁਨਿਕ ਕਵਿਤਾ, ਸਭਾ ਦੇ ਸਕੱਤਰ ਐਡਵੋਕੇਟ ਗੁਰਵਿੰਦਰ ਸਿੰਘ ਨੇ ਭਾਵੁਕ ਕਹਾਣੀ, ਸਭਾ ਖਜਾਨਚੀ ਮਨਜੀਤ ਸਿੰਘ ਜੀਤ ਨੇ "ਆਤਮਾ ਰਾਮ ਮਿਲ ਗਿਆ "ਕਹਾਣੀ, ਰੂਪ ਚੰਦ ਸ਼ਰਮਾ ਨੇ ਮਹਾਂਭਾਰਤ ਚੋਂ ਕਵੀਸ਼ਰੀ ਪ੍ਰਸੰਗ, ਇਕਬਾਲ ਸਿੰਘ ਪੀ ਟੀ ਨੇ ਮੁਹੱਬਤੀ ਰੰਗ ਦਾ ਗੀਤ,ਅਮਰਜੀਤ ਸਿੰਘ ਜੀਤ ਨੇ ਗ਼ਜ਼ਲ "ਜੀਤ ਸਿਰਾਂ ਦੀ ਹੁੰਦੀ ਕੋਈ ਜਿੰਮੇਵਾਰੀ ਹੈ। ਫ਼ਰਜ਼ੋਂ ਭੱਜਣ ਵਾਲਾ ਤਾਂ ਸਿਰਦਾਰ ਨਹੀਂ ਹੁੰਦਾ" ਪੇਸ਼ ਕੀਤੀ। ਸਭਾ ਸਰਪ੍ਰਸਤ ਜਸਪਾਲ ਜੱਸੀ ਨੇ ਪੜ੍ਹੀਆਂ ਰਚਨਾਵਾਂ ਦੀ ਸਮੀਖਿਆ ਕੀਤੀ, ਰਚਨਾਵਾਂ ਨੂੰ ਹੋਰ ਵੀ ਪ੍ਰਪੱਕ ਰੂਪ ਦੇਣ ਲਈ ਸਾਹਿਤਕ ਸੁਝਾਅ ਦਿੱਤੇ ਅਤੇ ਸਭ ਦਾ ਧੰਨਵਾਦ ਕੀਤਾ। ਇਕੱਤਰਤਾ ਦੇ ਅਖੀਰ ਵਿੱਚ ਸ੍ਰੀ ਅਮਿਤ ਅਰੋੜਾ ਜੀ ਨੇ ਆਪਣੀ ਕਿਤਾਬ "ਏ ਕੁਅੰਟਮ ਲੀਪ ਆਫ ਫਾਰਮਲ ਵੋਕੈਬਲੇਰੀ" ਸਭਾ ਦੀ ਲਾਇਬ੍ਰੇਰੀ ਲਈ ਭੇਟ ਕੀਤੀ। ਇਹ ਜਾਣਕਾਰੀ ਸਭਾ ਦੇ ਪ੍ਰਚਾਰ ਸਕੱਤਰ ਦਿਲਜੀਤ ਬੰਗੀ ਨੇ ਦਿੱਤੀ।

# 'ਹਮਰੇ ਸਰਦਾਰ ਜੀ' ਪੰਜਾਬੀ ਮੂਵੀ ਮਨੋਰੰਜਨ ਭਰਪੂਰ ਹੈ : ਲੇਖਕ ਤੇ ਨਿਰਦੇਸ਼ਕ 'ਜਗਦੀਪ ਔਲਖ'



ਅੱਜ ਪੰਜਾਬੀ ਸਿਨੇਮਾ ਪੂਰੇ ਜੋਬਨ ਤੇ ਹੈ ਨਿੱਤ ਨਵੀਆਂ ਪੈੜਾਂ ਸਿਰਜ ਰਿਹਾ ਹੈ। ਨਿੱਤ ਦਿਨ ਪੰਜਾਬੀ ਮੂਵੀਜ਼ ਪਾਲੀਵੁੱਡ ਵਿੱਚ ਨਵਾਂ ਇਤਿਹਾਸ ਸਿਰਜ ਰਹੀ । ਛੋਟੇ ਪਰਦੇ ਤੇ ਕੰਮ ਕਰਦੇ ਕਲਾਕਾਰਾਂ ਨੂੰ ਆਪਣਾ ਭਵਿੱਖ ਉੱਜਵਲ ਦਿੱਖ ਰਿਹਾ ਹੈ। ਓਨਾਂ ਦੇ ਸੁਪਨੇ ਸਾਕਾਰ ਹੋ ਰਹੇ ਅਤੇ ਆਸ ਬੱਝ ਚੁੱਕੀ ਹੈ। ਪੰਜਾਬੀ ਸਿਨੇਮਾ ਦੇ ਮੰਨੇ ਪ੍ਰਮੰਨੇ ਲੇਖਕ ਤੇ ਨਿਰਦੇਸ਼ਕ 'ਜਗਦੀਪ ਔਲਖ' , ਜਿੰਨਾ ਦੀ ਪੰਜਾਬੀ ਸਿਨੇਮਾ ਨੂੰ ਵਡਮੁੱਲੀ ਦੇਣ ਹੈ। ਓਹ ਪੰਜਾਬੀ ਸਿਨੇਮਾ ਨੂੰ ਰੋਮਾਂਟਿਕ ਤੇ ਫੁੱਲ ਕਮੇਡੀ "ਹਮਰੇ ਸਰਦਾਰ ਜੀ" ਪੰਜਾਬੀ ਸਿਨੇਮਾ ਪ੍ਰੇਮੀਆਂ ਦੇ ਸਨਮੁੱਖ ਰੱਖ ਰਹੇ। ਇਹ ਪੰਜਾਬੀ ਮੂਵੀ 1 ਫਰਵਰੀ "ਮਿੱਟਸ ਮੂਵੀਜ਼ ਚੈਨਲ" ਤੇ ਰੀਲੀਜ਼ ਹੋਣ ਜਾ ਰਹੀ। ਇਸ ਦੇ ਲੇਖਕ ਤੇ ਨਿਰਦੇਸ਼ਕ ਜਗਦੀਪ ਔਲਖ ਅਤੇ ਨਿਰਮਾਤਾ ਗੁਰਚਰਨ ਢਪਾਲੀ, ਗੁਰਮੀਤ ਸਿੰਘ ਤੇ ਰਾਜਵੀਰ ਕੌਰ ਹਨ। ਇਸ ਪੰਜਾਬੀ ਮੂਵੀ 'ਚ ਲੀਡ ਭੂਮਿਕਾ ਦਰਸ਼ਨ ਘਾਰੂ,ਜਗਮੀਤ ਸਿੱਧੂ ,ਰਮਨਦੀਪ ਕੌਰ, ਐਰੀ ਝਿੰਜਰ,ਗੁਰਵਿੰਦਰ ਸਰਮਾਂ,ਰਾਜਵਿੰਦਰ ਕੌਰ, ਗਗਨ ਧਾਲੀਵਾਲ, ਸੁੱਖਾ ਗਿੱਲ ਹਨ। ਇਸਨੂੰ ਸੰਗੀਤ ਟੀਊਨਸਮਿੱਥ ਨੇ ਦਿੱਤਾ। ਲੇਖਕ ਤੇ ਨਿਰਦੇਸ਼ਕ ਜਗਦੀਪ ਔਲਖ ਨੇ ਆਪਣੀ ਇਸ ਕਹਾਣੀ ਪੰਜਾਬ ਛੱਡ ਨੌਜਵਾਨ ਮੁੰਡੇ ਕੁੜੀਆਂ ਬਾਹਰਲੇ ਦੇਸਾਂ ਚ' ਪ੍ਰਵਾਸ ਕਰ ਰਹੇ । ਇਹ ਪੰਜਾਬ ਦਾ ਦੁਖਾਂਤ ਦ੍ਰਿਸ਼ ਪੇਸ਼ ਕੀਤਾ ਹੈ। ਜਿਹੜੇ ਘੱਟ ਪੜੇ ਲਿਖੇ ਓਹ ਪ੍ਰਾਈਵੇਟ ਕੰਪਨੀਆਂ ਕੰਮ ਓਥੇ ਹੀ ਨਾਲ ਕੰਮ ਕਰਦੇ ਵਿਆਹ ਬੰਧਨ ਵਿਚ ਬੱਝ ਜਾਂਦੇ । ਇਸ ਕਹਾਣੀ ਦੇ ਮੁੱਖ ਪਾਤਰ ਕਰਮਾਂ ਜੋ ਕਿ ਬਹੁਤ ਘੱਟ ਪੜਿਆਂ ਲਿਖਿਆਂ ਹੈ। ਖੇਤਾਂ ਵਿੱਚ ਕੰਮ ਕਰਦਾ। ਦੂਜੀ ਮੁੱਖ ਪਾਤਰ ਰਾਣੀ ਜੋ ਬਿਹਾਰ ਦੇ ਰਹਿਣ ਵਾਲੀ ,ਆਪਣੇ ਰਿਸ਼ਤੇਦਾਰ ਕੋਲ ਰਹਿਣ ਆਉਦੀ ਹੈ । ਇਸੇ ਉਸਦੇ ਪ੍ਰੇਮ ਸੰਬੰਧ ਮੁੱਖ ਪਾਤਰ ਕਰਮੇ ਨਾਲ ਬਣ ਜਾਂਦੇ ਅਤੇ ਮਾਪਿਆਂ ਨੂੰ ਮਜਬੂਰਨ ਦੋਨਾਂ ਦਾ ਵਿਆਹ ਕਰਨਾ ਪੈਦਾ ਹੈ ।ਅੱਗੇ ਕੀ ਹੁੰਦਾ ਹੈ, ਇੱਕ ਫਰਵਰੀ ਨੂੰ "ਹਮਰੇ ਸਰਦਾਰ ਜੀ" ਪੰਜਾਬੀ ਮੂਵੀ ਦੇਖ ਪਤਾ ਲੱਗੇ। ਸਮੁੱਚੀ ਟੀਮ ਨੂੰ ਮੁਬਾਰਕਬਾਦ। ਆਮੀਨ -**ਸ਼ਿਵਨਾਥ ਦਰਦੀ ਫ਼ਰੀਦਕੋਟ, ਫਿਲਮ ਜਰਨਲਿਸ**

**ਸੰਪਰਕ:- 9855155392**

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਵੱਲੋਂ

# ਗਣਤੰਤਰ ਦਿਵਸ ਮੌਕੇ ਤਿਰੰਗਾ ਝੰਡਾ ਲਹਿਰਾਇਆ ਗਿਆ







**ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ** ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਲੋਂ ਗਣਤੰਤਰ ਦਿਵਸ ਮਨਾਉਣ ਸਬੰਧੀ ਸੰਸਥਾ ਦੇ ਪਠਲਾਵਾ ਸਥਿਤ ਦਫ਼ਤਰ ਵਿਖੇ ਇਕ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ। ਜਿਸਦੀ ਪ੍ਰਧਾਨਗੀ ਸੰਸਥਾ ਦੇ ਸੀਨੀਅਰ ਉਪ ਚੇਅਰਮੈਨ ਸ ਤਰਲੋਚਨ ਸਿੰਘ ਵਾਰੀਆ, ਸਰਪ੍ਰਸਤ ਸ ਬਲਵੀਰ ਸਿੰਘ ਐਕਸ ਆਰਮੀ, ਪ੍ਰਧਾਨ ਪਰਮਜੀਤ ਸਿੰਘ ਸੂਰਾਪੁਰ, ਸਰਪੰਚ ਸ ਦਿਲਾਵਰ ਸਿੰਘ ਬੈਂਸ,ਸਾਬਕਾ ਸਰਪੰਚ ਸ ਅਵਤਾਰ ਸਿੰਘ ਪਠਲਾਵਾ ਅਤੇ ਸ ਹਰਪਾਲ ਸਿੰਘ ਪਠਲਾਵਾ ਵਲੋਂ ਸਾਂਝੇ ਤੌਰ ਤੇ ਕੀਤੀ ਗਈ। ਇਸ ਮੌਕੇ ਤੇ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਸੰਸਥਾ ਦੇ ਸੀਨੀਅਰ ਉਪ ਚੇਅਰਮੈਨ ਸ ਤਰਲੋਚਨ ਸਿੰਘ ਵਾਰੀਆ ਜੀ ਨੇ ਆਪਣੇ ਕਰ ਕਮਲਾਂ ਨਾਲ ਅਦਾ ਕੀਤੀ । ਇਸ ਤੋਂ ਬਾਅਦ ਲਵਲੀ ਪਬਲਿਕ ਸਕੂਲ ਪਠਲਾਵਾ, ਅਤੇ ਸਕੌਲਰ ਪਬਲਿਕ ਸਕੂਲ ਲਧਾਣਾ ਉੱਚਾ ਦੀਆਂ ਵਿਦਿਆਰਥਣਾਂ ਨੇ ਦੇਸ਼ ਭਗਤੀ ਅਤੇ ਪੰਜਾਬੀ ਸੱਭਿਆਚਾਰ ਨੂੰ ਉਜਾਗਰ ਕਰਦੀਆਂ ਕੋਰੀਓਗਰਾਫੀਆਂ ਪੇਸ਼ ਕਰਕੇ ਇਕ ਵੱਖਰਾ ਸੁਨੇਹਾ ਸਾਂਝਾ ਕੀਤਾ ਇਸ ਅਵਸਰ ਤੇ ਸੰਸਥਾ ਦੇ ਜਨਰਲ ਸਕੱਤਰ ਮਾ ਤਰਲੋਚਨ ਸਿੰਘ ਪਠਲਾਵਾ ਸੰਸਥਾ ਦੇ ਮੁੱਖ ਬੁਲਾਰੇ ਲੈਕਚਰਾਰ ਤਰਸੇਮ ਪਠਲਾਵਾ, ਸਰਪੰਚ ਸ ਦਿਲਾਵਰ ਸਿੰਘ ਬੈਂਸ,ਮਾ ਰਮੇਸ਼ ਕੁਮਾਰ ਪਠਲਾਵਾ, ਗਿਆਨੀ ਅਵਤਾਰ ਸਿੰਘ ਪਠਲਾਵਾ, ਕੁਲਦੀਪ ਸਿੰਘ ਪੀਜ਼ਾ ਹੌਟ ਅਤੇ ਹਰਪਾਲ ਸਿੰਘ ਪਠਲਾਵਾ ਵਲੋਂ ਵਿਚਾਰ ਪੇਸ਼ ਕਰਦਿਆਂ ਗਣਤੰਤਰ ਦਿਵਸ ਦੇ ਸਬੰਧ ਵਿੱਚ ਇਕੱਤਰ ਨਗਰ ਨਿਵਾਸੀਆ ਨੂੰ ਜਾਣੂ ਕਰਵਾਇਆ ਗਿਆ। ਉਹਨਾ ਕਿਹਾ ਕਿ ਅਸੀ ਅੱਜ ਅਜ਼ਾਦੀ ਦਾ ਨਿੱਘ ਅਨੇਕਾ ਹੀ ਦੇਸ਼ ਭਗਤਾ ਦੀਆ ਕੁਰਬਾਨੀਆ ਤੋ ਬਾਅਦ ਮਾਣ ਰਹੇ ਹਾਂ। ਕਿਸੇ ਵੀ ਗੁਲਾਮ ਦੇਸ਼ ਦਾ ਨਾਗਰਿਕ ਉਸ ਪਿੰਜਰੇ ਵਿੱਚ ਬੰਦ ਪੰਛੀ ਵਾਂਗ ਹੁੰਦਾ ਹੈ। ਜੋ ਖੰਭ ਤਾ ਫੜਫੜਾ ਸਕਦਾ ਹੈ ਪਰ ਅਸਮਾਨ ਵਿੱਚ ਉੱਚੀਆ ਉਡਾਰੀਆ ਨਹੀਂ ਮਾਰ ਸਕਦਾ। ਸਾਡੇ ਦੇਸ਼ ਦੀ ਅਜ਼ਾਦੀ ਉਹ ਕੀਮਤੀ ਤੋਹਫਾ ਹੈ। ਜਿਸ ਦਾ ਕੋਈ ਮੁੱਲ ਨਹੀ ਹੈ। ਬਾਬਾ ਸਾਹਿਬ ਡਾਕਟਰ ਅੰਬੇਡਕਰ ਭੀਮ ਰਾਓ ਨੇ ਦੱਬੇ ਕੁਚਲੇ ਲੋਕਾ ਦੀ ਅਵਾਜ਼ ਬੁਲੰਦ ਕਰਨ ਵਾਸਤੇ ਸੰਵਿਧਾਨ ਲਿਖ ਕੇ ਲਾਗੂ ਕਰਵਾਇਆ। ਅੱਜ ਅਸੀ ਭਾਵੇ ਅਜ਼ਾਦ ਹਾਂ। ਪਰ ਇਸ ਅਜ਼ਾਦੀ ਦਾ ਆਨੰਦ ਤਾਂ ਹੀ ਮਾਣ ਸਕਦੇ ਹਾਂ ਜੇਕਰ ਅਸੀ ਦੇਸ਼ ਵਿੱਚੋ ਰਿਸ਼ਵਤਖੋਰੀ, ਭ੍ਰਿਸ਼ਟਾਚਾਰ ਆਦਿ ਨੂੰ ਖਤਮ ਕਰਨ ਦਾ ਯਤਨ ਕਰੀਏ। ਦੇਸ਼ ਦਾ ਹਰ ਇੱਕ ਵਿਅਕਤੀ ਦੇਸ਼ ਪ੍ਰਤੀ ਅਤੇ ਆਪਣੇ ਪਿੰਡ ਪ੍ਰਤੀ ਇਮਾਨਦਾਰ ਹੋਵੇ। ਸਾਡੇ ਦੇਸ਼ ਦੇ ਸ਼ਹੀਦਾ ਪ੍ਰਤੀ ਇਹ ਹੀ ਸੱਚੀ ਸ਼ਰਧਾਂਜਲੀ ਹੋਵੇਗੀ। ਸਾਨੂੰ ਆਪਣੇ ਸਮਾਜ ਵਿੱਚ ਪਾਈਆ ਜਾਣ ਵਾਲੀਆ ਬੁਰਾਈਆ ਨੂੰ ਖਤਮ ਕਰਨ ਵਿੱਚ ਆਪਣਾ ਪੂਰਾ ਯੋਗਦਾਨ ਪਾਉਣਾ ਚਾਹੀਦਾ ਹੈ ਨਾ ਕਿ ਘੜੱਮ ਚੌਧਰੀ ਬਣ ਕੇ ਇੱਕ ਦੂਜੇ ਦੀਆ ਲੱਤਾ ਖਿੱਚਣੀਆ ਚਾਹੀਦੀਆ ਹਨ। ਇਸ ਮੌਕੇ ਤੇ ਸਕੂਲੀ ਬੱਚਿਆ ਨੂੰ ਸਨਮਾਨਿਤ ਵੀ ਕੀਤਾ ਗਿਆ। ਚਾਹ ਸਮੋਸਿਆਂ ਦਾ ਲੰਗਰ ਵਰਤਾਇਆ ਗਿਆ ,ਇਸ ਮੌਕੇ ਤੇ ਹੋਰਨਾ ਤੋ ਇਲਾਵਾ ਪ੍ਰਧਾਨ ਪਰਮਜੀਤ ਸਿੰਘ ਸੂਰਾਪੁਰ, ਸਰਪ੍ਰਸਤ ਬਲਵੀਰ ਸਿੰਘ ਐਕਸ ਆਰਮੀ, ਕੈਪਟਨ ਜੋਗਾ ਸਿੰਘ, ਸੀਨੀਅਰ ਮੈਂਬਰ ਆਤਮਾ ਸਿੰਘ ਸੂਰਾਪੁਰ, ਬਲਵੀਰ ਸਿੰਘ ਯੂ ਕੇ, ਜੀ ਚੰਨੀ ਪਠਲਾਵਾ, ਡਾਇਰੈਕਟਰ ਸਿਹਤ ਸੇਵਾਵਾ ਡਾਕਟਰ ਪਰਮਿੰਦਰ ਸਿੰਘ ਵਾਰੀਆ, ਗੁਰਚਰਨ ਸਿੰਘ ਗੋਲਡੀ ਪੰਚ, ਰਜਿੰਦਰ ਸਿੰਘ ਜਿੰਦਾ, ਹਰਜੀਤ ਸਿੰਘ ਜੀਤਾ, ਪ੍ਰੋਫੈਸਰ ਚਰਨਜੀਤ ਪੋਸੀ, ਕਾਕਾ ਪ੍ਰਭਜੋਤ ਸਿੰਘ, ਜਸਮਨ ਸਿੰਘ, ਬਹਾਦਰ ਸਿੰਘ ਲਾਲੀ, ਬਿੰਦਰ ਲਾਲੀ, ਸੁਰਿੰਦਰ ਮੋਹਨ ਐਕਸ ਆਰਮੀ, ਪਾਖਰ ਰਾਮ, ਗੁਰਦੇਵ ਰਾਮ, ਸੋਹਣ ਸਿੰਘ ਅਤੇ ਸੰਸਥਾ ਦਾ ਸਾਰਾ ਇਸਤਰੀ ਵਿੰਗ ਹਾਜ਼ਰ ਸਨ।

## ਗਣਤੰਤਰ ਦਿਵਸ ਮਨਾਉਂਦਿਆਂ ਦੇਸ਼ ਵਿੱਚੋਂ ਬੇਈਮਾਨੀ ਕੁਰੱਪਸ਼ਨ ਰਿਸ਼ਵਤ ਖੋਰੀ ਖਤਮ ਕਰਨ ਦਾ ਪ੍ਰਣ ਕਰੀਏ ਅਤੇ ਇੱਕ ਸਾਫ ਸੁਥਰੇ ਸਮਾਜ ਦੀ ਸਿਰਜਣਾ ਕਰੀਏ-ਡਾ: ਕਿਸ਼ਨਪੁਰੀ




**ਜੰਡਿਆਲਾ ਗੁਰੂ 27 ਜਨਵਰੀ ( ਕੁਲਵੰਤ ਸਿੰਘ ਵਿਰਦੀ )**-ਸੇਂਟ ਸੋਲਜ਼ਰ ਇਲੀਟ ਕਾਨਵੈਂਟ ਸਕੂਲ, ਜੰਡਿਆਲਾ ਗੁਰੂ ਵਿਖੇ ਸਮੂਹ ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਗਣਤੰਤਰ ਦਿਵਸ ਬੜੇ ਹੀ ਉਤਸ਼ਾਹ ਅਤੇ ਦੇਸ਼ ਭਗਤੀ ਦੀ ਭਾਵਨਾ ਦੇ ਨਾਲ ਮਨਾਇਆ ਗਿਆ। ਇਹ ਸਮਾਰੋਹ ਇੱਕ ਛੋਟੇ ਜਿਹੇ ਸਮਾਗਮ ਦੇ ਰੂਪ ਵਿੱਚ ਸੀ । ਸਭ ਤੋਂ ਪਹਿਲਾਂ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਜੀ ਦੋ ਵੱਲੋਂ ਦੇਸ਼ ਦਾ ਰਾਸ਼ਟਰੀ ਝੰਡਾ ਤਿਰੰਗਾ ਲਹਿਰਾਇਆ ਗਿਆ ਅਤੇ ਰਾਸ਼ਟਰੀ ਝੰਡੇ ਨੂੰ ਸਲਾਮੀ ਦਿੱਤੀ ਉਪਰੰਤ ਨਾਲ ਨਾਲ ਬੈਂਡ ਦੀਆਂ ਧੁੰਨਾਂ ਦੇ ਨਾਲ ਰਾਸ਼ਟਰੀ ਗੀਤ ਗਾਇਆ ਗਿਆ। ਉਹ ਉਪਰੰਤ ਸਕੂਲ ਦੇ ਬੱਚਿਆਂ ਵੱਲੋਂ ਸ਼ਾਨਦਾਰ ਦੇਸ਼ ਭਗਤੀ ਦੀ ਭਾਵਨਾ ਨਾਲ ਭਰਪੂਰ ਗਰੁੱਪ ਗੀਤ ਗਾ ਕੇ ਮਾਹੌਲ ਦੇਸ਼ ਭਗਤੀ ਦੇ ਰੰਗ ਵਿੱਚ ਰੰਗ ਦਿੱਤਾ। ਬੱਚਿਆਂ ਵੱਲੋਂ ਦੇਸ਼ ਭਗਤੀ ਨਾਲ ਭਰਪੂਰ ਡਾਂਸ ਆਈਟਮ ਵੀ ਪੇਸ਼ ਕੀਤੀਆਂ ਗਈਆਂ ਅਤੇ ਦਿਲਚਸਪ ਸਵਾਲ ਜਵਾਬਾਂ ਦਾ ਪ੍ਰੋਗਰਾਮ ਵੀ ਉਲੀਕਿਆ ਗਿਆ। ਉਪਰੰਤ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਕਿਹਾ ਕਿ ਅੱਜ ਲੋੜ ਹੈ ਦੇਸ਼ ਵਿੱਚੋਂ ਬੇਈਮਾਨੀ ਕਰਪਸ਼ਨ ਰਿਸ਼ਵਤ ਖੋਰੀ ਖਤਮ ਕਰਨ ਦੀ। ਆਓ ਇੱਕ ਸਾਫ ਸੁਥਰੇ ਸਮਾਜ ਦੀ ਸਿਰਜਣਾ ਕਰਨ ਦੇ ਵਿੱਚ ਅਸੀਂ ਆਪਣਾ ਅਹਿਮ ਰੋਲ ਅਦਾ ਕਰੀਏ। ਅਤੇ ਦੇਸ਼ ਨੂੰ ਤਰੱਕੀ ਦੇ ਰਾਹ ਤੇ ਲੈ ਕੇ ਚੱਲੀਏ ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਅਮਰਪ੍ਰੀਤ ਕੌਰ ਜੀ ਨੇ ਬੱਚਿਆਂ ਨੂੰ ਦੇਸ਼ ਭਗਤੀ ਦੀ ਭਾਵਨਾ ਦੇ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਅਤੇ ਦੇਸ਼ ਦੇ ਅਸਲੀ ਨਾਇਕਾਂ ਦੇਸ਼ ਭਗਤਾਂ ਦੀਆਂ ਸ਼ਹੀਦੀਆਂ ਨੂੰ ਯਾਦ ਰੱਖਣ ਲਈ ਕਿਹਾ। ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ਼੍ਰੀਮਤੀ ਗੁਰਪ੍ਰੀਤ ਕੌਰ ਜੀ ਸ਼ਿਲਪਾ ਸ਼ਰਮਾ ਜੀ ਕੋਆਰਡੀਨੇਟਰ ਨੀਲਾਕਸ਼ੀ ਗੁਪਤਾ ਕੋਆਰਡੀਨੇਟਰ ਸਮੂਹ ਸਟਾਫ ਅਤੇ ਬੱਚੇ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਇੰਗਲੈਂਡ ਦੇ ਸਿੱਖਾਂ ਨੇ 26 ਜਨਵਰੀ ਨੂੰ ਗਣਤੰਤਰ ਦਿਵਸ ਦਾ ਬਾਈਕਾਟ ਕਰਦਿਆਂ

# ਭਾਰਤੀ ਹਾਈ ਕਮਿਸ਼ਨ ਲੰਡਨ ਦੇ ਸਾਹਮਣੇ ਕੀਤਾ ਜਬਰਦਸਤ ਰੋਹ ਪ੍ਰਦਰਸ਼ਨ







**ਲੰਡਨ, 27 ਜਨਵਰੀ (ਕੁਲਵੰਤ ਸਿੰਘ ਮੁਠੱਡਾ)**-ਬੀਤੇ ਦਿਨੀਂ 26 ਜਨਵਰੀ ਦਿਨ ਐਤਵਾਰ ਨੂੰ ਭਾਰਤੀ ਹਾਈ ਕਮਿਸ਼ਨ ਲੰਡਨ ਦੇ ਸਾਹਮਣੇ ਇੰਗਲੈਂਡ ਦੀਆਂ ਪੰਥਕ ਜਥੇਬੰਦੀਆਂ ਵੱਲੋਂ ਭਾਰਤੀ ਗਣਤੰਤਰ ਦਿਵਸ ਦਾ ਬਾਈਕਾਟ ਕਰਦਿਆਂ ਜਬਰਦਸਤ ਰੋਹ ਪ੍ਰਦਰਸ਼ਨ ਕੀਤਾ ਗਿਆ ਮੌਸਮ ਖਰਾਬ ਹੋਣ ਦੇ ਬਾਵਜੂਦ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ ਜਿਸ ਵਿਚ ਹਜ਼ਾਰਾਂ ਦੀ ਗਿਣਤੀ ਵਿੱਚ ਨੌਜਵਨਾਂ ਨੇ ਰੋਹ ਵਿਚ ਆ ਕੇ ਭਾਰਤ ਸਰਕਾਰ ਖ਼ਿਲਾਫ਼ ਕੀਤੀ ਨਾਅਰੇਬਾਜ਼ੀ ਅਤੇ ਖਾਲਿਸਤਾਨ ਦੀ ਪ੍ਰਾਪਤੀ ਤੱਕ ਜੰਗ ਜਾਰੀ ਰੱਖਣ ਦਾ ਕੀਤਾ ਪ੍ਰਣ ਰੋਹ ਪ੍ਰਦਰਸ਼ਨ ਦੌਰਾਨ ਖਾਲਿਸਤਾਨ ਜ਼ਿੰਦਾਬਾਦ ਦੇ ਗੂੰਜੇ ਨਾਹਰੇ ਪੰਜਾਬ ਬਣੇਗਾ ਖਾਲਿਸਤਾਨ, ਹਰਿਆਣਾ ਬਣੇਗਾ ਖਾਲਿਸਤਾਨ, ਸਿੱਖੋ ਤੁਹਾਡਾ ਕਾਤਲ ਕੌਣ ਹਿੰਦੁਸਤਾਨ ਹਿੰਦੁਸਤਾਨ ਵੱਡੀ ਗਿਣਤੀ ਵਿੱਚ ਪਹੁੰਚੇ ਨੌਜਵਾਨਾਂ ਨੇ ਭਾਰਤੀ ਕਾਤਲ ਤਿਰੰਗੇ ਨੂੰ ਪੈਰਾਂ ਦੇ ਥੱਲੇ ਰੋਲਿਆ ਗਿਆ ਇਸ ਮੌਕੇ ਸਿੱਖ ਫੈਡਰੇਸ਼ਨ ਯੂ ਕੇ ਦੇ ਆਗੂ ਭਾਈ ਅਮਰੀਕ ਸਿੰਘ ਗਿੱਲ, ਭਾਈ ਕੁਲਵੰਤ ਸਿੰਘ ਮੁਠੱਡਾ,ਭਾਈ ਬਲਵਿੰਦਰ ਸਿੰਘ ਡੱਲੇਵਾਲ,ਭਾਈ ਹਰਦੀਸ਼ ਸਿੰਘ ਪੱਤੜ,ਭਾਈ ਕੁਲਦੀਪ ਸਿੰਘ ਚਹੇੜੂ,ਭਾਈ ਦਬਿੰਦਰਜੀਤ ਸਿੰਘ, ਪਰਮਜੀਤ ਸਿੰਘ ਪੰਮਾ ਅਤੇ ਹੋਰ ਬਹੁਤ ਸਾਰੀਆਂ ਪੰਥਕ ਜਥੇਬੰਦੀਆਂ ਦੇ ਆਗੂ ਪਹੁੰਚੇ ਹੋਏ ਸਨ ਭਾਰਤੀ ਤਿਰੰਗੇ ਨੂੰ ਅੱਗ ਲਾ ਕੇ ਸਾੜਿਆ ਗਿਆ।

ਭਾਰਤੀ ਗਣਤੰਤਰ ਦਿਵਸ ਨੂੰ ਰੱਦ ਕਰਦਿਆਂ

# ਸਿੱਖ ਜਥੇਬੰਦੀਆਂ ਨੇ ਲੰਡਨ ਵਿੱਚ ਕੀਤਾ ਭਾਰੀ ਰੋਸ ਮੁਜਾਹਰਾ



**ਲੰਡਨ, 27 ਜਨਵਰੀ (ਲਖਸ਼ਿੰਦਰ ਸਿੰਘ ਡੱਲੇਵਾਲ)**- ਭਾਰਤ ਦੇ ਗਣਤੰਤਰ ਦਿਵਸ ਦਾ ਯੂ,ਕੇ ਦੇ ਸਿੱਖਾਂ ਵਲੋਂ ਵਿਰੋਧ ਕਰਦਿਆਂ ਇਸ ਕਾਲੇ ਦਿਨ ਵਜੋਂ ਮਨਾਇਆ ਗਿਆ ।ਐਤਵਾਰ ਵਾਲੇ ਦਿਨ ਕੜਾਕੇ ਦੀ ਠੰਡ ਅਤੇ ਭਾਰੀ ਮੀਂਹ ਦੇ ਬਾਵਜੂਦ ਲੰਡਨ ਵਿੱਚ ਭਾਰਤ ਦੀ ਅੰਬੈਸੀ ਸਾਹਮਣੇ ਸਿੱਖ ਜਥੇਬੰਦੀਆਂ ਅਤੇ ਗੁਰਦਵਾਰਾ ਪ੍ਰਬੰਧਕ ਕਮੇਟੀਆਂ ਦੇ ਸਹਿਯੋਗ ਨਾਲ ਭਾਰੀ ਰੋਸ ਅਤੇ ਰੋਹ ਭਰਪੂਰ ਮੁਜਾਹਰਾ ਕੀਤਾ ਗਿਆ ।ਖਾਲਿਸਤਾਨ ਦੇ ਨਾਹਰਿਆਂ ਅਤੇ ਜੈਕਾਰਿਆਂ ਦੀ ਗੂੰਜ ਵਿੱਚ ਭਾਰਤ ਸਰਕਾਰ ਨੂੰ ਸਪੱਸ਼ਟ ਸੁਨੇਹਾ ਦਿੱਤਾ ਕਿ ਗਿਆ ਕਿ ਸਿੱਖ ਕੌਮ ਦਾ ਨਿਸ਼ਾਨਾ ਕੇਵਲ ਖਾਲਿਸਤਾਨ ਹੈ ਅਤੇ ਇਸ ਦੀ ਪੂਰਤੀ ਵਾਸਤੇ ਸੰਘਰਸ ਜਾਰੀ ਰਹੇਗਾ ।ਬਰਤਾਨੀਆ ਵਿੱਚ ਆਜ਼ਾਦ ਸਿੱਖ ਰਾਜ ਖਾਲਿਸਤਾਨ ਦੇ ਨਿਸ਼ਾਨੇ ਨੂੰ ਸਮਰਪਿਤ ਅਤੇ ਯਤਨਸ਼ੀਲ ਸਿੱਖ ਜਥੇਬੰਦੀਆਂ ਦੇ ਸੰਗਠਨ ਫੈਡਰੇਸ਼ਨ ਆਫ ਸਿੱਖ ਆਰਗੇਨਾਈਜੇਸ਼ਨਜ਼ ਯੂ,ਕੇ ਦੇ ਕੋਆਰਡੀਨੇਟਰ ਭਾਈ ਕੁਲਦੀਪ ਸਿੰਘ ਚਹੇੜੂ , ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਅਤੇ ਭਾਈ ਜੋਗਾ ਸਿੰਘ ਵਲੋਂ ਜਾਰੀ ਪ੍ਰੈੱਸ ਰਿਲੀਜ਼ ਵਿੱਚ ਦੱਸਿਆ ਗਿਆ ਕਿ ਇਸ ਮੁਜਾਹਰੇ ਵਿੱਚ ਹੋਰਨਾ ਤੋਂ ਇਲਾਵਾ ਸਿੱਖ ਫੈਡਰੇਸ਼ਨ ਯੂ,ਕੇ ਦੇ ਭਾਈ ਅਮਰੀਕ ਸਿੰਘ ਗਿੱਲ , ਭਾਈ ਹਰਦੀਸ਼ ਸਿੰਘ ,ਭਾਈ ਦਵਿੰਦਰਜੀਤਸਿੰਘ ,ਬ੍ਰਿਟਿਸ਼ ਸਿੱਖ ਕੌਂਸਲ ਦੇ ਭਾਈ ਤਰਸੇਮ ਸਿੰਘ ਦਿਓਲ, ਯੂਨਾਈਟਿਡ ਖਾਲਸਾ ਦਲ ਯੂ,ਕੇ ਦੇ ਭਾਈ ਨਿਰਮਲ ਸਿੰਘ ਸੰਧੂ, ਧਰਮਯੁੱਧ ਜਥਾ ਦਮਦਮੀ ਟਕਸਾਲ ਯੂ,ਕੇ ਦੇ ਭਾਈ ਬਲਵਿੰਦਰ ਸਿੰਘ ਵੁਲਵਰਹੈਂਪਟਨ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਯੂ,ਕੇ ਦੇ ਭਾਈ ਰਜਿੰਦਰ ਸਿੰਘ ਚਿੱਟੀ , ਕੌਂਸਲ ਆਫ ਖਾਲਿਸਤਾਨ ਦੇ ਮੁਖੀ ਭਾਈ ਅਮਰੀਕ ਸਿੰਘ ਸਹੋਤਾ ,ਬੱਬਰ ਅਕਾਲੀ ਆਰਗੇਨਾਈਜਸ਼ਨ ਯੂ,ਕੇ ਦੇ ਭਾਈ ਹਰਵਿੰਦਰ ਸਿੰਘ, ਸਿੱਖਸ ਫਾਰ ਜਸਟਿਸ ਦੇ ਆਗੂ ਭਾਈ ਦੁਪਿੰਦਰਜੀਤ ਸਿੰਘ, ਭਾਈ ਪਰਮਜੀਤ ਸਿੰਘ ਪੰਮਾ, ਭਾਈ ਗੁਰਪ੍ਰੀਤ ਸਿੰਘ, ਵਲਰਡ ਸਿੱਖ ਪਾਰਲੀਮੈਂਟ ਦੇ ਆਗੂ ਭਾਈ ਮਨਪ੍ਰੀਤ ਸਿੰਘ , ਗੁਰੂ ਤੇਗ ਬਹਾਦਰ ਗੁਰਦਵਾਰਾ ਲੈਸਟਰ ਦੇ ਨੁਮਾਇੰਦੇ ਭਾਈ ਮੁਖਤਿਆਰ, ਦਲ ਖਾਲਸਾ ਦੇ ਭਾਈ ਗੁਰਚਰਨ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਨੇ ਸ਼ਮੂਲੀਅਤ ਕੀਤੀ ।ਭਾਰਤ ਦਾ ਸੰਵਿਧਾਨ ਸਿੱਖਾਂ ਨੂੰ ਸਿੱਖ ਹੀ ਨਹੀਂ ,ਜਦਕਿ ਸਿੱਖ ਇੱਕ ਵੱਖਰੀ ਕੌਮ ਅਤੇ ਵੱਖਰਾ ਧਰਮ ਹੈ ।ਪਰ ਭਾਰਤੀ ਸੰਵਿਧਾਨ ਸਿੱਖਾਂ ਦੇ ਮੁੱਢਲੇ ਹੱਕਾਂ ਤੇ ਹੀ ਡਾਕਾ ਮਾਰ ਰਿਹਾ ਹੈ ,ਅਤੇ ਇਸ ਸੰਵਿਧਾਨ ਅਧੀਨ ਭਾਰਤੀ ਫੌਜ ਵਲੋਂ ਜੂਨ 1984 ਦੌਰਾਨ ਸੱਚਖੰਡ ਸ੍ਰੀ ਦਰਬਾਰ ਸਾਹਿਬ ਤੇ ਭਾਰਤੀ ਫੌਜਾਂ ਵਲੋਂ ਟੈਂਕਾਂ ਅਤੇ ਤੋਪਾਂ ਨਾਲ ਹਮਲਾ ਕੀਤਾ ਗਿਆ, ਪੰਜਾਬ ਦੀ ਧਰਤੀ ਤੇ ਅਣਗਿਣਤ ਸਿੱਖਾਂ ਨੂੰ ਸ਼ਹੀਦ ਕੀਤਾ ਗਿਆ, ਪੰਜਾਬ ਦੇ ਚੌਰਾਹਿਆ , ਨਹਿਰਾਂ,ਡਰੇਨਾਂ ਦੇ ਪੁਲਾਂ ਨੂੰ ਸਿੱਖ ਨੌਜਵਾਨਾਂ ਦੇ ਖੂਨ ਨਾਲ ਲੱਥਪੱਥ ਕੀਤਾ ਗਿਆ। ਕੌਮੀ ਆਜਾਦੀ ਵਾਸਤੇ ਸੰਘਰਸਸ਼ੀਲ ਸਿੱਖ ਨੌਜਵਾਨ ਤੀਹ ਤੀਹ ਸਾਲਾਂ ਤੋਂ ਜੇਲਾਂ ਵਿੱਚ ਬੰਦ ਹਨ ।ਇਹ ਸੰਵਿਧਾਨ ਉਹਨਾਂ ਨੂੰ ਰਿਹਾਅ ਨਹੀਂ ਕਰ ਰਿਹਾ ।ਜਦਕਿ ਸਿੱਖਾਂ ਤੇ ਜ਼ੁਲਮ ਕਰਨ ਵਾਲੇ ਕਾਤਲ ਪੁਲਸੀਆਂ ਅਤੇ ਸਿੱਖ ਵਿਰੋਧੀ ਲੋਕਾਂ ਨੂੰ ਇਹ ਸੰਵਿਧਾਨ ਹਮੇਸ਼ਾਂ ਹੀ ਰਾਹਤ ਪ੍ਰਦਾਨ ਕਰਦਾ ਆ ਰਿਹਾ ਹੈ। ਸਿੱਖਾਂ ਦੀਆਂ ਅਣਗਿਣਤ ਕੁਰਬਾਨੀਆਂ ਨਾਲ ਲੰਬਾ ਸਮਾਂ ਸੰਘਰਸ਼ ਕਰਨ ਮਗਰੋਂ ਭਾਰਤ ਅੰਗਰੇਜਾਂ ਦੀ ਗ੍ਰਿਫਤ ਚੋਂ ਭਾਂਵੇ ਆਜ਼ਾਦ ਹੋ ਗਿਆ ਸੀ ਪਰ ਨੱਬੇ ਫੀਸਦੀ ਦੇ ਕਰੀਬ ਕੁਰਬਾਨੀਆਂ ਕਰਨ ਵਾਲੀ ਸਿੱਖ ਕੌਮ ਨੂੰ ਬਣਦੇ ਹੱਕ ਅਤੇ ਆਜ਼ਾਦੀ ਨਸੀਬ ਨਾ ਹੋ ਸਕੀ ਪਰ ਉਹਨਾਂ ਨੂੰ ਫਿਰਕਾਪ੍ਰਸਤ ਭਾਰਤੀ ਹਾਕਮਾਂ ਵਲੋਂ ਜਰਾਇਮ ਪੇਸ਼ਾ ਹੋਣ ਦਾ ਖਿਤਾਬ ਜ਼ਰੂਰ ਦੇ ਦਿੱਤਾ ਗਿਆ। ।ਸਿੱਖ ਕੌਮ ਨਾਲ ਭਾਰਤੀ ਹਾਕਮਾਂ ਵਲੋਂ ਲਗਾਤਾਰ ਵਿਤਕਰਾ ,ਧੱਕੇਸ਼ਾਹੀਆਂ ਦਾ ਸਿਲਸਲਾ ਜਾਰੀ ਹੈ। ਜਿੰਨੇ ਜ਼ੁਲਮ ਭਾਰਤੀ ਹਾਕਮਾਂ ਵਲੋਂ ਕੀਤੇ ਗਏ ਉਹਨਾਂ ਨੇ ਸਾਹਮਣੇ ਹਿਟਲਰਸ਼ਾਹੀ ,ਮੀਰ ਮੰਨੂ, ਅਬਦਾਲੀ ਅਤੇ ਜਕਰੀਏ ਖਾਨ ਦੇ ਜ਼ੁਲਮਾਂ ਨੂੰ ਵੀ ਬੌਣੇ ਨਜ਼ਰ ਆਉਂਦੇ ਹੈ। ਤੇਰਾਂ ਐਪਰੈਲ 1978 ਦਾ ਖੂਨੀ ਸਾਕਾ,ਜੂਨ 1984 ਦਾ ਘੱਲੂਘਾਰਾ,ਨਵੰਬਰ 1984 ਦੌਰਾਨ ਸਿੱਖਾਂ ਦੀ ਯੋਜਨਾਬੱਧ ਤਰੀਕੇ ਸਰਕਾਰੀ ਸਰਪ੍ਰਸਤੀ ਨਾਲ ਕੀਤੀ ਗਈ ਨਸਲਕੁਸ਼ੀ ਅਤੇ ਪੰਜਾਬ ਵਿੱਚ ਸਿੱਖ ਨੌਜਵਾਨਾਂ ਨੂੰ ਵੱਡੀ ਪੱਧਰ ਤੇ ਸ਼ਹੀਦ ਕਰਨਾ ਜ਼ੁਲਮਾਂ ਦੀਆਂ ਪ੍ਰਤੱਖ ਮਿਸਾਲਾਂ ਹਨ ।ਭਾਰਤ ਸਰਕਾਰ ਦੀਆਂ ਏਜੰਸੀਆਂ ਸਿੱਖਾਂ ਨੂੰ ਗੁਲਾਮ ਅਤੇ ਦੁਬੇਲ ਬਣਾ ਕੇ ਰੱਖਣ ਲਈ ਕੋਝੇ ਹੱਥਕੰਡੇ ਅਪਣਾ ਰਹੀਆਂ ਹਨ ।ਰੋਸ ਮੁਜਾਹਰੇ ਦੌਰਾਨ ਖਾਲਿਸਤਾਨ ਦੇ ਹੱਕ ਵਿੱਚ ਅਤੇ ਭਾਰਤ ਸਰਕਾਰ ਦੇ ਵਿਰੋਧ ਵਿੱਚ ਜਬਰਦਸਤ ਨਾਹਰੇਬਾਜੀ ਹੋਈ । ਉੱਥੇ ਮੀਡੀਏ ਨੂੰ ਮੁਖਾਤਿਬ ਹੁੰਦਿਆਂ ਖਾਲਿਸਤਾਨ ਦੀ ਜੰਗੇ ਆਜਾਦੀ ਦੇ ਜੁਝਾਰੂ ਆਗੂ ਭਾਈ ਵਧਾਵਾ ਸਿੰਘ ਬੱਬਰ, ਭਾਈ ਰਣਜੀਤ ਸਿੰਘ ਨੀਟਾ ਅਤੇ ਭਾਈ ਮਹਿਲ ਸਿੰਘ ਦੀ ਚੜਦੀ ਕਲਾ ,ਸਿਹਤਯਾਬੀ ਦੀ ਕਾਮਨਾ ਕਰਦਿਆਂ ਲੰਬੇ ਅਰਸੇ ਤੋਂ ਜੇਹਲਾਂ ਵਿੱਚ ਬੰਦ ਭਾਈ ਜਗਤਾਰ ਸਿੰਘ ਹਾਵਾਰਾ,ਭਾਈ ਜਗਤਾਰ ਸਿੰਘ ਤਾਰਾ,ਭਾਈ ਜਗਤਾਰ ਸਿੰਘ ਜੱਗੀ ਜੌਹਲ, ਭਾਈ ਬਲਵੰਤ ਸਿੰਘ ਰਾਜੋਆਣਾ , ਭਾਈ ਪਰਮਜੀਤ ਸਿੰਘ ਭਿਉਰਾ,ਭਾਈ ਰਮਨਦੀਪ ਸਿੰਘ ਬੱਗਾ,ਭਾਈ ਹਰਦੀਪ ਸਿੰਘ ਸ਼ੇਰਾ ,ਭਾਈ ਗੁਰਮੀਤ ਸਿੰਘ ਖੇੜਾ, ਪ੍ਰੋਫੈਸਰ ਦਵਿੰਦਰਪਾਲ ਸਿੰਘ ਭੁੱਲਰ ,ਭਾਈ ਧਰਮਿੰਦਰ ਸਿੰਘ ਅਤੇ ਭਾਈ ਅੰਮ੍ਰਿਤਪਾਲ ਸਿੰਘ ਸਮੇਤ ਸਮੂਹ ਬੰਦੀ ਸਿੰਘਾਂ ਦੀ ਰਿਹਾਈ ਦੀ ਆਵਾਜ ਉਠਾਈ ਗਈ ।ਕਿਸਾਨਾਂ ਦੀਆਂ ਹੱਕੀ ਮੰਗਾਂ ਨੂੰ ਸਮਰਪਿਤ ਚੱਲ ਰਹੇ ਸੰਘਰਸ਼ ਦੀ ਡੱਟ ਕੇ ਹਿਮਾਇਤ ਕੀਤੀ ਗਈ ਹੈ। ਮੁਜਾਹਰੇ ਦੌਰਾਨ ਇੱਕ ਭਾਰਤੀ ਅੰਬੈਸੀ ਦੇ ਕਰਿੰਦੇ ਵਲੋਂ ਸਿੱਖਾਂ ਨੂੰ ਗਲਤ ਇਸ਼ਾਰਾ ਕਰਨ ਨਾਲ ਹੰਗਮਾ ਹੋਇਆ। ਇਸ ਮੌਕੇ ਪੁਲਿਸ ਵੱਡੀ ਗਿਣਤੀ ਵਿੱਚ ਮੌਜੂਦ ਰਹੀ ,ਜਿਸਨੇ ਮੁਜਾਹਰਾਕਾਰੀਆਂ ਅਤੇ ਭਾਰਤੀ ਅੰਬੈਸੀ ਦੇ ਵਿੱਚਕਾਰ ਮਨੁੱਖੀ ਕੰਧ ਬਣਾਈ ਰੱਖੀ ।ਫੈਡਰੇਸ਼ਨ ਆਫ ਸਿੱਖ ਆਰਗੇਨਾਈਜੇਸ਼ਨਜ਼ ਯੂ,ਕੇ ਵਲੋਂ ਰੋਸ ਮੁਜਾਹਰੇ ਵਿੱਚ ਸ਼ਾਮਲ ਸਿੱਖ ਸੰਗਤਾਂ ਦਾ ਅਤੇ ਮੀਡੀਏ ਦਾ ਧੰਨਵਾਦ ਕਰਦਿਆਂ ਸਿੱਖ ਕੌਮ ਨੂੰ ਸਨਿਮਰ ਅਪੀਲ ਕੀਤੀ ਗਈ ਕਿ ਅੱਜ ਹਰੇਕ ਨੂੰ ਇਹ ਮਹਿਸੂਸ ਕਰਨ ਦੀ ਲੋੜ ਹੈ ਕਿ ਸਿੱਖ ਭਾਰਤ ਵਿੱਚ ਗੁਲਾਮ ਹਨ ਅਤੇ ਇਸ ਗੁਲਾਮੀ ਨੂੰ ਗਲੋਂ ਲਾਹੁਣਾ ਹੈ ।ਕਿਉਂ ਕਿ ਸਿੱਖਾਂ ਦੀਆਂ ਧਾਰਮਿਕ,ਆਰਥਿਕ ਰਾਜਨੀਤਿਕ ਅਤੇ ਸਮਾਜਿਕ ਸਮੱਸਿਆਵਾਂ ਦਾ ਸਥਾਈ ਹੱਲ ਕੇਵਲ ਖਾਲਿਸਤਾਨ ਹੈ।

> **"ਕੜਾਕੇ ਦੀ ਠੰਡ ਅਤੇ ਭਾਰੀ ਮੀਂਹ ਦੌਰਾਨ ਖਾਲਿਸਤਾਨ ਦੇ ਨਾਹਰਿਆਂ ਦੀਆਂ ਪੈਂਦੀਆਂ ਰਹੀਆਂ ਗੂੰਜਾਂ"**

## ਹਰਿਆਣਾ ਕਮੇਟੀ ਚੋਣਾਂ ਵਿੱਚ ਅਯੋਗ ਵੋਟਰਾਂ ਕਾਰਣ ਹੋਈ ਵੱਡੀ ਧਾਂਦਲੀ - ਭਾਈ ਬਰਾੜ

### ਹਲਕਾ ਕਾਲਾਂਵਾਲੀ 35 ਨੰਬਰ ਵਾਰਡ ਚ 9009 ਵੋਟਾਂ ਚ 2549 ਵੋਟਾਂ ਪਤਿਤ ਗੈਰ ਸਿੱਖ ਅਤੇ ਡੇਰਾ ਪ੍ਰੇਮੀਆਂ ਦੀਆਂ, ਮਾਮਲਾ ਹਾਈਕੋਰਟ ਵਿੱਚ ਸੁਣਵਾਈ ਅਧੀਨ



**ਸਿਰਸਾ, 27 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ 19 ਜਨਵਰੀ ਨੂੰ ਚੋਣਾਂ ਹੋ ਗਈਆਂ ਹਨ ਭਾਵੇਂ ਕੇ ਇਨਾਂ ਚੋਣਾਂ ਵਿੱਚ ਕਿਸੇ ਵੀ ਧੜੇ ਨੂੰ ਬਹੁਮਤ ਪ੍ਰਾਪਤ ਨਹੀਂ ਹੋਇਆ ਪਰ ਇਨਾਂ ਵੋਟਾਂ ਵਿੱਚ ਵੱਡੀ ਪੱਧਰ ਤੇ ਅਯੋਗ ਵੋਟਾਂ ਦੀ ਧਾਂਦਲੀ ਦੀਆਂ ਖਬਰਾਂ ਸਾਹਮਣੇ ਆ ਰਹੀਆਂ ਹਨ ਹਲਕਾ ਕਾਲਾਂਵਾਲੀ 35 ਨੰਬਰ ਵਾਰਡ ਵਿੱਚ ਹੀ 9009 ਵੋਟਾਂ ਵਿੱਚੋਂ 2549 ਵੋਟਾਂ ਪਤਿਤ,ਗੈਰ ਸਿੱਖ ਅਤੇ ਡੇਰਾ ਸਿਰਸਾ ਪ੍ਰੇਮੀਆਂ ਦੀਆਂ ਹਨ ਇਹ ਜਾਣਕਾਰੀ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਦੇ ਸਹਾਇਕ ਭਾਈ ਜਗਮੀਤ ਸਿੰਘ ਬਰਾੜ ਨੇ ਇੱਕ ਲਿਖਤੀ ਪ੍ਰੈਸ ਨੋਟ ਜਾਰੀ ਕਰਦਿਆਂ ਮੀਡੀਆ ਨਾਲ ਸਾਂਝੀ ਕੀਤੀ ਭਾਈ ਬਰਾੜ ਨੇ ਕਿਹਾ ਕੇ ਹਲਕਾ ਕਾਲਾਂਵਾਲੀ 35 ਨੰਬਰ ਵਾਰਡ ਦੇ 11 ਪਿੰਡਾਂ ਦੀਆਂ ਰੰਗੀਨ ਵੋਟਰ ਲਿਸਟਾਂ ਲੈ ਕੇ ਉਨਾਂ ਪਿੰਡਾਂ ਦੇ ਸਿੱਖ ਵੋਟਰਾਂ ਨੂੰ ਬੁਲਾ ਕੇ ਜਦੋਂ ਲਿਸਟਾਂ ਦੀ ਸਕਰੀਨਿੰਗ ਕੀਤੀ ਗਈ ਤਾਂ 2549 ਵੋਟਾਂ ਅਯੋਗ ਪਾਈਆਂ ਗਈਆਂ ਜਿਨਾਂ ਵਿੱਚ ਪਿੰਡ ਦਾਦੂ ਸਾਹਿਬ 136 ਪਤਿਤ 29 ਡੇਰਾ ਸਿਰਸਾ ਪੈਰੋਕਾਰ, ਪਿੰਡ ਤਖ਼ਤਮੱਲ 101 ਪਤਿਤ 3 ਡੇਰਾ ਸਿਰਸਾ ਪੈਰੋਕਾਰ,ਪਿੰਡ ਧਰਮਪੁਰਾ 39 ਪਤਿਤ 4 ਡੇਰਾ ਸਿਰਸਾ ਪੈਰੋਕਾਰ,ਪਿੰਡ ਤਾਰੂਆਣਾ 179 ਪਤਿਤ 7 ਡੇਰਾ ਸਿਰਸਾ ਪੈਰੋਕਾਰ,ਪਿੰਡ ਕੇਵਲ 162 ਪਤਿਤ 30 ਡੇਰਾ ਸਿਰਸਾ ਪੈਰੋਕਾਰ 6 ਗੈਰ ਸਿੱਖ,ਪਿੰਡ ਸਿੰਘਪੁਰਾ 253 ਪਤਿਤ 8 ਡੇਰਾ ਸਿਰਸਾ ਪੈਰੋਕਾਰ, ਪਿੰਡ ਦੇਸੂ ਮਲਕਾਣਾ 345 ਪਤਿਤ 30 ਡੇਰਾ ਸਿਰਸਾ ਪੈਰੋਕਾਰ,ਪਿੰਡ ਚਕੇਰੀਆਂ 163 ਪਤਿਤ 12 ਡੇਰਾ ਸਿਰਸਾ ਪੈਰੋਕਾਰ 3 ਗੈਰ ਸਿੱਖ, ਪਿੰਡ ਜਲਾਲਆਣਾ 157 ਪਤਿਤ 80 ਡੇਰਾ ਸਿਰਸਾ ਪੈਰੋਕਾਰ,ਪਿੰਡ ਕਾਲਾਂਵਾਲੀ 787 ਪਤਿਤ 5 ਡੇਰਾ ਸਿਰਸਾ ਪੈਰੋਕਾਰ 10 ਗੈਰ ਸਿੱਖ ਵੋਟਾਂ ਸਨ ਟੋਟਲ 2549 ਵੋਟਾਂ ਅਯੋਗ ਸਨ ਭਾਈ ਬਰਾੜ ਨੇ ਕਿਹਾ ਕੇ ਇਨਾਂ ਅਯੋਗ ਵੋਟਾਂ ਬਾਰੇ ਹਾਈਕੋਰਟ ਵਿੱਚ ਚੋਣਾ ਤੋਂ ਪਹਿਲਾਂ ਹੀ ਰਿਟ ਪਟੀਸ਼ਨ ਦਾਇਰ ਕੀਤੀ ਗਈ ਸੀ ਜਿਸ ਦੀ 18 ਅਤੇ 20 ਜਨਵਰੀ ਨੂੰ ਸੁਣਵਾਈ ਹੋਈ ਜਿਸ ਵਿੱਚ ਹਰਿਆਣਾ ਸਰਕਾਰ ਨੂੰ ਇਨਾਂ ਅਯੋਗ ਵੋਟਾਂ ਬਾਰੇ ਮਾਣਯੋਗ ਹਾਈਕੋਰਟ ਨੇ ਨੋਟਿਸ ਜਾਰੀ ਕਰਕੇ ਜਵਾਬ ਮੰਗਿਆ ਗਿਆ ਹੈ ਅਤੇ ਸੁਣਵਾਈ ਦੀ ਅਗਲੀ ਤਰੀਕ ਅਪ੍ਰੈਲ ਮਹੀਨੇ ਵਿੱਚ ਪਾਈ ਗਈ ਹੈ ਭਾਈ ਬਰਾੜ ਨੇ ਕਿਹਾ ਕੇ ਇਨਾਂ ਅਯੋਗ ਵੋਟਾਂ ਬਾਰੇ ਗੁਰਦੁਆਰਾ ਚੋਣ ਕਮਿਸ਼ਨਰ ਐਚ ਐਸ ਭੱਲਾ ਨੂੰ ਬਾਰ-ਬਾਰ ਫੋਨ ਕਾਲ ਅਤੇ ਵਟਸਅੱਪ ਰਾਹੀਂ ਸ਼ਿਕਾਇਤ ਕੀਤੀ ਜਾਂਦੀ ਰਹੀ ਪਰ ਉਨਾਂ ਨੇ ਕੋਈ ਗੌਰ ਨਹੀਂ ਕੀਤਾ ਜਿਸ ਕਰਕੇ ਅਯੋਗ ਵੋਟਾਂ ਬੇਖੌਫ ਭੁਗਤੀਆਂ ਅਤੇ ਗੁਰਦੁਆਰਾ ਐਕਟ 2014 ਦੀ ਘੋਰ ਉਲੰਘਣਾ ਹੋਈ ਉਨਾਂ ਕਿਹਾ ਕੇ ਇਸ ਬਾਰੇ ਪੂਰੇ ਹਰਿਆਣਾ ਵਿੱਚੋਂ ਵੋਟਰ ਲਿਸਟਾਂ ਹਰੇਕ ਹਲਕੇ ਵੱਲੋਂ ਟਿੱਕ ਮਾਰਕ ਕਰਕੇ ਭੇਜੀਆਂ ਜਾ ਰਹੀਆਂ ਹਨ ਜੋ ਹਾਈਕੋਰਟ ਵਿੱਚ ਪੇਸ਼ ਕੀਤੀਆਂ ਜਾਣਗੀਆਂ ਜਿਸ ਤੇ ਸੁਣਵਾਈ ਕਰਦਿਆਂ ਮਾਣਯੋਗ ਹਾਈਕੋਰਟ ਇਹ ਚੋਣ ਰੱਦ ਵੀ ਕਰ ਸਕਦੀ ਹੈ।

## ਮਨਜਿੰਦਰ ਸਿਰਸਾ ਵਲੋਂ ਸਿੱਖ ਪੰਥ ਦੇ ਗੰਭੀਰ ਮੁੱਦੇ ਅਮਿਤ ਸ਼ਾਹ ਦੀ ਹਾਜ਼ਿਰੀ ਵਿਚ ਨਾਂ ਚੁੱਕਣਾ ਉਨ੍ਹਾਂ ਦੇ ਸਿੱਖ ਹੋਣ ਤੇ ਸੁਆਲ: ਰਮਨਦੀਪ ਸਿੰਘ ਸੋਨੂੰ

### ਅਮਿਤ ਸ਼ਾਹ ਨੇ ਕੀਤਾ ਸੀ ਸਿਰਸਾ ਦੇ ਹਕ. ਵਿਚ ਪ੍ਰਚਾਰ ਪਰ ਸਿੱਖ ਮੁੱਦਿਆਂ ਤੇ ਇਕ ਲਫ਼ਜ ਵੀ ਨਹੀਂ ਸੀ ਬੋਲਿਆ



**ਨਵੀਂ ਦਿੱਲੀ, 27 ਜਨਵਰੀ (ਮਨਪ੍ਰੀਤ ਸਿੰਘ ਖਾਲਸਾ)**-ਬੀਤੇ ਇਕ ਦਿਨ ਪਹਿਲਾਂ ਦੇਸ਼ ਦੇ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਮਨਜਿੰਦਰ ਸਿੰਘ ਸਿਰਸਾ ਦੇ ਹਕ. ਵਿਚ ਪ੍ਰਚਾਰ ਕੀਤਾ ਪਰ ਦੁੱਖ ਦੀ ਗੱਲ ਹੈ ਕਿ ਸਿੱਖਾਂ ਕੋਲੋਂ ਵੋਟ ਮੰਗਣ ਅਤੇ ਮੰਗਵਾਣ ਵਾਲਾ ਮਨਜਿੰਦਰ ਸਿਰਸਾ ਸਿੱਖ ਮਸਲੇਆਂ ਤੇ ਇਕ ਵੀ ਅੱਖਰ ਗ੍ਰਿਹ ਮੰਤਰੀ ਕੋਲੋਂ ਨਹੀਂ ਅਖਵਾ ਸਕਿਆ। ਹਵਾਈ ਸਫ਼ਰ ਅਤੇ ਏਅਰਪੋਰਟ ਤੇ ਕੰਮ ਕਰ ਰਹੇ ਸਿੱਖਾਂ ਨੂੰ ਕਕਾਰਾਂ ਕਰਕੇ ਤੰਗ ਕੀਤਾ ਜਾਣਾ, ਬੱਚਿਆਂ ਨੂੰ ਪੇਪਰ ਦੇਣ ਸਮੇਂ ਕਕਾਰ ਉਤਰਵਾਏ ਜਾਣੇ, ਇਤਿਹਾਸਿਕ ਗੁਰਦੁਆਰਾ ਸਾਹਿਬਾਨ ਨੂੰ ਮੁੜ ਸਥਾਪਿਤ ਕਰਣਾ, ਛੋਟੇ ਸਾਹਿਬਜਾਦਿਆਂ ਦੇ ਸ਼ਹੀਦੀ ਦਿਹਾੜਿਆਂ ਨੂੰ ਬਾਲ ਦਿਵਸ ਕਹਿਣਾ ਅਤੇ ਕਿਸਾਨੀ ਖਿੱਤੇ ਲਈ ਮੰਗਾ ਮੰਗ ਰਹੇ ਕਿਸਾਨ ਵੀਰਾਂ ਦੇ ਮਸਲੇ ਦਾ ਹੱਲ ਕੱਢਣਾ, ਇੰਨ੍ਹਾ ਤੋਂ ਅਲਾਵਾ ਹੋਰ ਵੀ ਬਹੁਤੇ ਗੰਭੀਰ ਮੁੱਦੇ ਹਨ ਪਰ ਮਨਜਿੰਦਰ ਸਿਰਸਾ ਵਲੋਂ ਇਕ ਵੀ ਮੁੱਦਾ ਉਨ੍ਹਾਂ ਦੀ ਹਾਜ਼ਿਰੀ ਵਿਚ ਨਾਂ ਚੁੱਕਣਾ ਉਨ੍ਹਾਂ ਦੇ ਸਿੱਖ ਹੋਣ ਤੇ ਸੁਆਲ ਚੁੱਕ ਰਿਹਾ ਹੈ ।ਪੰਥ ਦਾ ਇਕ ਅਹਿਮ ਮਸਲਾ ਲੰਮੇ ਸਮੇਂ ਤੋਂ ਵੱਖ ਵੱਖ ਦੇਸ਼ ਦੀਆਂ ਜੇਲ ਬੰਦ ਆਪਣੀਆਂ ਸਜ਼ਾਵਾਂ ਭੁਗਤ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਪਿਛਲੇ ਲੰਮੇ ਤੋਂ ਵਾਰ ਵਾਰ ਚਿੱਠੀਆਂ ਲਿਖ ਕੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਜਾਂਦੀ ਰਹੀ ਹੈ ਕਿ ਆਪਣੀਆਂ ਸਜ਼ਾਵਾਂ ਭੁਗਤ ਚੁੱਕੇ ਇਹਨਾਂ ਬੰਦੀ ਸਿੰਘਾਂ ਨੂੰ ਰਿਹਾਅ ਕੀਤਾ ਜਾਵੇ ਅਤੇ ਆਪਣੇ ਪਰਿਵਾਰ ਵਿੱਚ ਵਿਚਰਨ ਦਿੱਤਾ ਜਾਵੇ ਪਰੰਤੂ ਹੈਰਾਨੀ ਦੀ ਗੱਲ ਹੈ ਕਿ ਕੇਂਦਰ ਸਰਕਾਰ ਤੇ ਇਸ ਮਾਮਲੇ ਨੂੰ ਲੈ ਕੇ ਜੂੰ ਤੱਕ ਨਹੀਂ ਸਰਕ ਰਹੀ। ਉਹਨਾਂ ਕਿਹਾ ਕਿ ਇਸ ਸਭ ਦੇ ਬਾਵਜੂਦ ਸੰਗੀਨ ਦੋਸ਼ਾਂ ਦੇ ਸਾਹਮਣਾ ਕਰ ਰਹੇ ਲੋਕਾਂ ਨੂੰ ਵਾਰ ਵਾਰ ਪੈਰੋਲ ਅਤੇ ਅਤੇ ਫਰਲੋਆਂ ਦਿੱਤੀਆਂ ਜਾ ਰਹੀਆਂ ਹਨ ਤੇ ਉਹ ਜਦੋਂ ਮਰਜ਼ੀ ਜੇਲਾਂ ਤੋਂ ਬਾਹਰ ਆ ਕੇ ਆਪਣੀ ਜ਼ਿੰਦਗੀ ਬਸਰ ਕਰ ਰਹੇ ਹਨ। ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਯੂਥ ਵਿੰਗ ਪ੍ਰਧਾਨ ਰਮਨਦੀਪ ਸਿੰਘ ਸੋਨੂੰ ਨੇ ਕਿਹਾ ਕਿ ਇੱਕੋ ਹੀ ਦੇਸ਼ ਵਿੱਚ ਦੋ ਕਾਨੂੰਨ ਨਹੀਂ ਹੋ ਸਕਦੇ, ਇਸ ਲਈ ਬੰਦੀ ਸਿੰਘਾਂ ਦੀ ਰਿਹਾਈ ਦੇ ਮਾਮਲੇ ਨੂੰ ਕੇਂਦਰ ਸਰਕਾਰ ਵੱਲੋਂ ਗੰਭੀਰਤਾ ਨਾਲ ਲੈਂਦਿਆਂ ਹੋਇਆਂ ਉਨਾਂ ਨੂੰ ਵੀ ਆਜ਼ਾਦ ਫਿਜ਼ਾ ਵਿੱਚ ਰਹਿ ਕੇ ਆਪਣਾ ਜੀਵਨ ਬਸਰ ਕਰਨ ਦੀ ਆਜ਼ਾਦੀ ਦੇਣੀ ਚਾਹੀਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਅੱਡਾ ਨਾਥ ਦੀ ਖੂੰਹੀ (ਚੰਨਣਕੇ) ਵਿਖੇ

# ਅਨੋਖੇ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਮਨਾਇਆ





**ਚੌਕ ਮਹਿਤਾ 27 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਗੁਰਦੁਆਰਾ ਸਿੰਘ ਸਭਾ ਅੱਡਾ ਨਾਥ ਦੀ ਖੂੰਹੀ ( ਚੰਨਣਕੇ) ਵਿੱਖੇ ਅਨੋਖੇ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਸਹੀਦ ਦਾ ਪਵਿੱਤਰ ਪਾਵਨ ਜਨਮ ਦਿਹਾੜਾ ਪ੍ਰਬੰਧਕ ਕਮੇਟੀ ਅਤੇ ਸਮੂਹ ਸੰਗਤ ਅਤੇ ਐਨ ਆਰ ਆਈ ਵੀਰਾ ਦੇ ਸਹਿਯੋਗ ਦੇ ਨਾਲ ਮਨਾਇਆ ਗਿਆ। 25 ਜਨਵਰੀ 2025 ਦਿਨ ਸ਼ਨੀਵਾਰ ਨੂੰ ਪਵਿੱਤਰ ਪਾਵਨ ਗੁਰਬਾਣੀ ਦੇ ਸ੍ਰੀ ਆਖੰਡ ਪਾਠ ਸਾਹਿਬ ਆਰੰਭ ਕੀਤੇ ਗਏ। ਅਤੇ 27 ਜਨਵਰੀ 2025 ਦਿਨ ਸੋਮਵਾਰ ਨੂੰ ਸਵੇਰੇ 11 ਵਜੇ ਪਵਿੱਤਰ ਪਾਵਨ ਗੁਰਬਾਣੀ ਦੇ ਭੋਗ ਪਾਏ ਗਏ। ਉਪਰੰਤ ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ ਦੇ ਜਥੇ ਨੇ ਕੀਰਤਨ ਅਤੇ ਬਾਬਾ ਜੀ ਦਾ ਇਤਿਹਾਸ ਸੰਗਤਾਂ ਨੂੰ ਸਰਵਨ ਕਰਵਾਇਆ ਗਿਆ। ਉਪਰੰਤ ਪ੍ਰਧਾਨ ਪ੍ਰਿੰਸੀਪਲ ਸ਼ਿਵਚਰਨ ਸਿੰਘ, ਕਵਲਜੀਤ ਸਿੰਘ ਨੇ ਸਮੂਹ ਸੇਵਾਦਾਰਾਂ ਨੂੰ ਸਿਰਪਾਉ ਦੇਕੇ ਸਨਮਾਨਿਤ ਕੀਤਾ ਗਿਆ। ਉਪਰੰਤ ਗੁਰੂ ਜੀ ਲੰਗਰ ਸਾਰੀ ਦਿਹਾੜੀ ਆਟੁਤ ਵਰਤੇ ਗਏ। ਇਸ ਮੌਕੇ ਤੇ ਮੁੱਖ ਸੇਵਾਦਾਰ ਕਵਲਜੀਤ ਸਿੰਘ, ਹੈਡ ਗ੍ਰੰਥੀ ਭਾਈ ਸਾਹਿਬ ਸਿੰਘਪ੍ਰਧਾਨ ਪ੍ਰਿੰਸੀਪਲ ਸ਼ਿਵਚਰਨ ਸਿੰਘ, ਸਰਪੰਚ ਲਖਵਿੰਦਰ ਸਿੰਘ, ਸਾਬਕਾ ਸਰਪੰਚ ਦਵਿੰਦਰ ਸਿੰਘ, ਸਾਬਕਾ ਸਰਪੰਚ ਕਸ਼ਮੀਰ ਸਿੰਘ, ਸਰਪੰਚ ਮੇਜਰ ਸਿੰਘ ਨਵਾ ਚੰਨਣਕੇ, ਬਲਕਾਰ ਸਿੰਘ, ਭਾਉ ਸਿੰਦਾ ਸਿੰਘ, ਜਥੇਦਾਰ ਵੱਸਨ ਸਿੰਘ, ਮੈਬਰ ਸਕਤੀ ਸਿੰਘ, ਸਾਬਕਾ ਸਰਪੰਚ ਬਿੱਲਾ ਸਿੰਘ, ਕੁਲਦੀਪ ਸਿੰਘ ਰੰਧਾਵਾ, ਰਛਪਾਲ ਸਿੰਘ, ਆਦਿ ਸੇਵਾਦਾਰ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰੋ. ਬਲਜਿੰਦਰ ਕੌਰ ਨੇ 06 ਕਰੋੜ 99 ਲੱਖ ਰੁਪਏ ਦੀ ਲਾਗਤ ਵਾਲੇ 12 ਕੰਮਾਂ ਦਾ ਰੱਖਿਆ ਨੀਂਹ ਪੱਥਰ

# ਪਿੰਡ ਨਥੇਹਾ ਬਣੇਗਾ ਸੁੰਦਰ ਗ੍ਰਾਮ





**ਤਲਵੰਡੀ ਸਾਬੋ, 27 ਜਨਵਰੀ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਪਿੰਡਾਂ ਦੇ ਵਿਕਾਸ ਕਾਰਜਾਂ ਦੀ ਲੜੀ ਤਹਿਤ ਅੱਜ ਕੈਬਨਿਟ ਮੰਤਰੀ ਰੈਂਕ ਅਤੇ ਤਲਵੰਡੀ ਸਾਬੋ ਦੇ ਵਿਧਾਇਕਾ ਪ੍ਰੋ. ਬਲਜਿੰਦਰ ਕੌਰ ਨੇ ਆਪਣੇ ਵਿਧਾਨ ਸਭਾ ਹਲਕੇ ਦੇ ਪਿੰਡ ਨਥੇਹਾ ਵਿਖੇ 12 ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਰੱਖੇ ਗਏ ਇਕੱਠ ਨੂੰ ਸੰਬੋਧ ਕਰਦਿਆਂ ਜਿੱਥੇ ਮੁਸ਼ਕਲਾਂ ਸੁਣੀਆਂ ਉਥੇ ਉਹਨਾਂ ਕਿਹਾ ਕਿ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਿਚ ਪੰਜਾਬ ਸਰਕਾਰ ਪਿੰਡਾਂ ਦੇ ਵਿਕਾਸ ਲਈ ਯਤਨਸ਼ੀਲ ਹੈ ਅਤੇ ਵਿਕਾਸ ਕਾਰਜਾਂ ਨੂੰ ਨੇਪਰੇ ਚਾੜਣ ਲਈ ਫੰਡਾਂ ਦੀ ਕੋਈ ਘਾਟ ਨਹੀਂ ਆਉਣ ਦਿਤੀ ਜਾਵੇਗੀ। ਉਹਨਾ ਦੱਸਿਆ ਕਿ ਪਿੰਡ ਨਥੇਹਾ ਵਿਖੇ ਲਗਭਗ 06 ਕਰੋੜ 99 ਲੱਖ ਰੁਪਏ ਦੀ ਲਾਗਤ ਨਾਲ ਲਗਭਗ 45 ਗਲੀਆਂ ਨਾਲੀਆਂ,



ਛਪੜਾਂ ਦਾ ਨਵੀਨੀਕਰਨ, 4 ਪਾਰਕ, ਦੋ ਆਂਗਣਵਾੜੀ ਇਮਾਰਤਾਂ, ਮਗਨਰੇਗਾ ਭਵਨ ਅਤੇ ਬਾਲਮੀਕੀ ਧਰਮਸ਼ਾਲਾ ਦੀ ਉਸਾਰੀ, ਡਿਸਪੈਂਸਰੀ ਦੀ ਇਮਾਰਤ, ਹਰਿਆਣਾ ਦੇ ਪਿੰਡ ਸੂਰਤੀਆ ਨੂੰ ਜੋੜਨ ਵਾਲੀ ਅਤੇ ਮੇਨ ਰੋਡ ਤੋਂ ਸਕੂਲ ਨੂੰ ਜਾਣ ਵਾਲਾ ਕੱਚੇ ਰਸਤੇ ਕੰਕਰੀਟ ਸੜਕ ਬਣਾ ਕੇ ਜੋੜਿਆ ਜਾਵੇਗਾ। ਇਸਤੋਂ ਇਲਾਵਾ ਖੇਡ ਗਰਾਉਂਡ, ਚਾਰ ਪਬਲਿਕ ਟੁਆਇਲਟ ਅਤੇ ਕਬਰਾਂ ਦੀ ਚਾਰ ਦੀਵਾਰੀ ਕਰਵਾ ਕੇ ਜਲਦ ਹੀ ਕੰਮ ਨੂੰ ਮੁਕੰਮਲ ਕਰ ਲਿਆ ਜਾਵੇਗਾ। ਇਸ ਮੌਕੇ ਸਰਪੰਚ ਸ਼੍ਰੀਮਤੀ ਰਾਜ ਰਾਣੀ ਨੇ ਹਲਕਾ ਵਿਧਾਇਕਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਨਵੀਨੀਕਰਨ ਨਾਲ ਪਿੰਡ ਦੀ ਸੁੰਦਰਤਾ ਵਿਚ ਵਾਧਾ ਹੋਵੇਗਾ ਅਤੇ ਸਾਫ ਸਫਾਈ ਰਹਿਣ ਨਾਲ ਪਿੰਡ ਵਾਸੀ ਸਿਹਤਯਾਬ ਰਹਿਣਗੇ ਅਤੇ ਪਿੰਡ ਦੀਆਂ ਗਲੀਆਂ ਸਾਫ ਹੋਣ ਕਾਰਨ "ਸੁੰਦਰ ਗ੍ਰਾਮ" ਕਹਿਲਾਏਗਾ। ਇਸ ਮੌਕੇ ਸਰਪੰਚ ਦੇ ਪਤੀ ਸੁਖਪਾਲ ਸਿੰਘ ਅਤੇ ਬਲਾਕ ਪ੍ਰਧਾਨ ਬਿੱਕਰ ਸਿੰਘ ਨਥੇਹਾ ਜਿੱਥੇ ਪੰਜਾਬ ਸਰਕਾਰ ਅਤੇ ਪ੍ਰੋ. ਬਲਜਿੰਦਰ ਕੌਰ ਦਾ ਧੰਨਵਾਦ ਕੀਤਾ ਉਥੇ ਕਿਹਾ ਕਿ ਕੁਝ ਹੋਰ ਕੰਮ ਅਧੂਰੇ ਹਨ ਉਹ ਵੀ ਜਲਦੀ ਹੀ ਕਰਵਾਏ ਜਾਣਗੇ ਤਾਂ ਕਿ ਪਿੰਡ ਸੁੰਦਰ ਬਣਾਇਆ ਜਾ ਸਕੇ। ਇਸ ਮੌਕੇ ਸਮੁੱਚੀ ਪੰਚਾਇਤ ਤੋਂ ਇਲਾਵਾ ਜਸਵੀਰ ਸਿੰਘ ਚਾਹਲ, ਚਰਨਜੀਤ ਸਿੰਘ ਸੱਗੂ, ਗੁਰਮੇਲ ਸਿੰਘ ਗੇਲੂ, ਜਸਵਿੰਦਰ ਕੌਰ ਸਰਪੰਚ ਜਗਾ ਰਾਮ ਤੀਰਥ, ਕਿਰਪਾਲ ਸਿੰਘ ਮਾਖਾ, ਸਿੰਕਦਰ ਸਿੰਘ, ਕੁਲਵੰਤ ਸਿੰਘ, ਸਤਨਾਮ ਸਿੰਘ ਸੱਤਾ, ਤਰਸੇਮ ਸਿੰਘ ਸੇਮੀ, ਸਮੂਹ ਅਹੁਦੇਦਾਰ ਤੇ ਪਾਰਟੀ ਵਰਕਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸੰਤ ਬਾਬਾ ਅਤਰ ਸਿੰਘ ਮਸਤੂਆਣੇ ਵਾਲਿਆਂ ਤੋਂ ਵਰਸੋਏ 108 ਸੰਤ ਬਾਬਾ ਗੁਰਬਖਸ਼ ਸਿੰਘ ਜੀ ਜੋਤੀਸਰ ਵਾਲਿਆਂ ਦੀ ਨਿੱਘੀ ਮਿੱਠੀ ਯਾਦ ਚ 66 ਵਾਂ ਸਾਲਾਨਾ ਗੁਰਮਤਿ ਸਮਾਗਮ ਕਰਵਾਇਆ ਗਿਆ



**ਜੰਡਿਆਲਾ ਗੁਰੂ, 27 ਜਨਵਰੀ (ਕੁਲਵੰਤ ਸਿੰਘ ਵਿਰਦੀ)**-ਬੀਤੇ ਦਿਨ 24 ਜਨਵਰੀ 2025 ਸ਼ੁਕਰਵਾਰ ਨੂੰ ਤੱਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਜੋਤੀਸਰ ਸਾਹਿਬ ਜੰਡਿਆਲਾ ਗੁਰੂ ਵਿਖੇ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸ਼ਿਮਲਾ ਹਿਮਾਚਲ ਪ੍ਰਦੇਸ਼ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਜੀ ਵੱਲੋਂ ਸੱਚਖੰਡ ਵਾਸੀ ਸੰਤ ਮਹਾਂਪੁਰਖ ਸ੍ਰੀ ਮਾਨ 108, ਸੰਤ ਬਾਬਾ ਅਤਰ ਸਿੰਘ ਜੀ ਮਸਤੂਆਣੇ ਵਾਲਿਆਂ ਦੇ ਵਰੋਸਾਏ ਹੋਏ ਸ੍ਰੀ ਮਾਨ 108 ਸੰਤ ਬਾਬਾ ਗੁਰਬਖਸ਼ ਸਿੰਘ ਜੀ ਜੋਤੀਸਰ ਜੰਡਿਆਲਾ ਗੁਰੂ ਅਤੇ ਸ਼ਿਮਲੇ ਵਾਲਿਆਂ ਦੀ ਨਿੱਘੀ ਤੇ ਮਿੱਠੀ ਯਾਦ ਵਿੱਚ ਸਮੂਹ ਦੇਸ਼ ਵਿਦੇਸ਼ ਵਿੱਚ ਵੱਸਦੀਆਂ ਸੰਗਤਾਂ ਤੇ ਜੋਤੀਸਰ ਕਾਲੋਨੀ ਜੰਡਿਆਲਾ ਤੇ ਇਲਾਕਾ ਵਾਸੀ ਸੰਗਤਾਂ ਦੇ ਸਹਿਯੋਗ ਸਦਕਾ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁਰਦੁਆਰਾ ਸਾਹਿਬ ਵਿਖੇ ਪੰਜ ਰੋਜ਼ਾ ਗੁਰਮਤਿ ਸਮਾਗਮ ਕਰਵਾਇਆ ਗਿਆ ਜਿਸ ਵਿੱਚ 20 ਜਨਵਰੀ ਤੋਂ ਪਹਿਲੇ ਪੜਾਅ ਚ 20 ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਲੜੀ ਆਰੰਭ ਕੀਤੀ ਗਈ ਅਤੇ ਤਿੰਨਾਅ ਦੇ 22 ਜਨਵਰੀ ਨੂੰ ਭੋਗ ਪਾਏ ਗਏ ਅਤੇ ਭੋਗਾਂ ਤੋਂ ਉਪਰੰਤ 20 ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਲੜੀ ਆਰੰਭ ਕੀਤੀ ਗਈ ਅਤੇ 24 ਜਨਵਰੀ ਦਿਨ ਸ਼ੁਕਰਵਾਰ ਨੂੰ 40 ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਲੜੀ ਦੀ ਅਰਦਾਸ ਬੇਨਤੀ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਕੀਤੀ ਗਈ ਅਤੇ ਉਪਰੰਤ ਖੁਲ੍ਹੇ ਪੰਡਾਲ ਵਿੱਚ 66ਵੇਂ ਸਾਲਾਨਾ ਮਹਾਨ ਗੁਰਮਤਿ ਸਮਾਗਮ ਨੂੰ ਸਮਰਪਿਤ ਕੀਰਤਨ ਦਰਬਾਰ ਸਜਾਏ ਗਏ ਇਨ੍ਹਾਂ ਦੀਵਾਨਾਂ ਵਿੱਚ ਸੰਤਾਂ ਮਹਾਂਪੁਰਖਾਂ ਤੇ ਵੱਖ-ਵੱਖ ਰਾਗੀ ਢਾਡੀ ਕਵੀਸ਼ਰੀ ਜਥਿਆਂ ਪ੍ਰਚਾਰਕਾਂ ਨੇ ਹਾਜ਼ਰੀ ਲਗਵਾਈ ਜਿਨ੍ਹਾਂ ਵਿੱਚ ਹਜ਼ੂਰੀ ਰਾਗੀ ਸ੍ਰੀ ਤਰਨਤਾਰਨ ਸਾਹਿਬ ਜੀ ਤੋਂ ਭਾਈ ਗੁਰਸ਼ੇਰ ਸਿੰਘ ਦੇ ਜਥੇ ਵੱਲੋਂ ਕੀਰਤਨ ਕਰਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਣਾ ਕੀਤਾ ਗਿਆ ਉਪਰੰਤ ਕਵੀਸ਼ਰੀ ਜਥਾ ਭਾਈ ਭਗਵੰਤ ਸਿੰਘ ਸੂਰਵਿੰਡ ਵਾਲਿਆਂ ਨੇ ਸੰਖੇਪ ਵਿੱਚ ਸੰਤ ਬਾਬਾ ਗੁਰਬਖਸ਼ ਸਿੰਘ ਜੀ ਦੀ ਜੀਵਨੀ ਤੋਂ ਸੰਗਤਾਂ ਨੂੰ ਜਾਣੂੰ ਕਰਵਾਉਂਦਿਆਂ ਹੋਇਆਂ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਵਿਖੇ ਬਣ ਰਹੇ ਲੰਗਰ ਹਾਲ ਲਈ ਵੱਧ ਤੋਂ ਵੱਧ ਸੇਵਾਵਾਂ ਵਿਚ ਹਿੱਸਾ ਪਾ ਕਿ ਕਿਰਤ ਕਮਾਈ ਨੂੰ ਸਫ਼ਲ ਬਣਾਉਣ ਲਈ ਅਤੇ ਤਨ ਮਨ ਨਾਲ ਸੇਵਾ ਕਰਕੇ ਆਪਣੇ ਜੀਵਨ ਨੂੰ ਸਫਲ ਬਣਾਉਣ ਲਈ ਬੇਨਤੀ ਕੀਤੀ ਅਤੇ ਉਪਰੰਤ ਕਥਾਵਾਚਕ ਗਿਆਨੀ ਫਤਿਹ ਸਿੰਘ ਡੇਹਰੀਵਾਲ ਵਾਲਿਆਂ ਵੱਲੋਂ ਕਥਾ ਵੀਚਾਰਾਂ ਰਾਹੀਂ ਸੰਗਤਾਂ ਨਾਲ ਸਾਂਝ ਪਾਉਂਦਿਆਂ ਹੋਇਆਂ ਸੰਤਾਂ ਮਹਾਂਪੁਰਖਾਂ ਦੇ ਜੀਵਨ ਤੋਂ ਸੇਧ ਲੈ ਕਿ ਜ਼ਿੰਦਗੀ ਜਿਊਣ ਲਈ ਪ੍ਰੇਰਿਤ ਕੀਤਾ ਅਤੇ ਉਪਰੰਤ ਕਵੀਸ਼ਰੀ ਜਥਾ ਭਾਈ ਗੁਰਨਾਮ ਸਿੰਘ ਮੱਲੀਆਂ, ਅਤੇ ਹੋਰ ਵੱਖ-ਵੱਖ ਪ੍ਰਚਾਰਕਾਂ ਨੇ ਸੰਤਾਂ ਮਹਾਂਪੁਰਖਾਂ ਦੀ ਜੀਵਨੀ ਤੇ ਚਾਨਣਾ ਪਾਇਆ ਅਤੇ ਗੁਰ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਇਨ੍ਹਾਂ ਸਮਾਗਮਾਂ ਵਿੱਚ ਸੰਤ ਬਾਬਾ ਪ੍ਰਮਾਨੰਦ ਜੀ ਤੱਪ ਅਸਥਾਨ ਬਾਬਾ ਹੁੰਦਾਲ ਜੀ ਜੰਡਿਆਲਾ ਗੁਰੂ ਵਾਲੇ, ਜਥੇਦਾਰ ਬਾਬਾ ਮੇਜ਼ਰ ਸਿੰਘ ਦਸਮੇਸ਼ ਤਰਨਾ ਦਲ ਵਾਲੇ , ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ, ਸੰਤ ਬਾਬਾ ਜੋਗਿੰਦਰ ਸਿੰਘ ਕਾਰ ਸੇਵਾ ਸ੍ਰੀ ਆਨੰਦਪੁਰ ਸਾਹਿਬ ਵਾਲੇ, ਜਥੇਦਾਰ ਬਾਬਾ ਜਗੀਰ ਸਿੰਘ ਭੰਬਈ ਵਾਲੇ,, ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਵਾਲੇ, ਸੰਤ ਬਾਬਾ ਗੁਰਦੀਪ ਸਿੰਘ ਟਾਹਲਾ ਸਾਹਿਬ ਵਾਲ਼ੇ , ਜਥੇਦਾਰ ਬਾਬਾ ਸ਼ਿਵੰਦਰ ਸਿੰਘ ਟਾਹਲੀ ਸਾਹਿਬ ਵਾਲੇ, ਬਾਬਾ ਸੁਖਵੰਤ ਸਿੰਘ ਸਮਾਜਸੇਵੀ, ਗਿਆਨੀ ਹਰਪ੍ਰੀਤ ਸਿੰਘ ਸ਼੍ਰੋਮਣੀ ਪ੍ਰਚਾਰਕ ਜੰਡਿਆਲਾ ਗੁਰੂ ਵਾਲਿਆਂ ਨੇ ਹਾਜ਼ਰੀ ਭਰ ਕਿ ਸੰਗਤਾਂ ਨੂੰ ਬਾਣੀ ਤੇ ਬਾਣੇ ਦੇ ਧਾਰਨੀ ਹੋਣ ਦਾ ਉਪਦੇਸ਼ ਦਿੱਤਾ। ਇਸ ਮੌਕੇ ਖ਼ੂਨਦਾਨ ਕੈਂਪ ਲਗਾਇਆ ਗਿਆ ਅਤੇ ਇਸ ਮੌਕੇ ਵੱਡੀ ਗਿਣਤੀ ਵਿੱਚ ਆਈਆਂ ਸੰਗਤਾਂ ਲਈ ਗੁਰੂ ਕਿ ਵੱਖ- ਵੱਖ ਪਕਵਾਨਾਂ ਦੇ ਲੰਗਰ ਲਗਾਏ ਗਏ ਉਪਰੰਤ ਸਮਾਪਤੀ ਮੌਕੇ ਬਾਬਾ ਸੁੱਖਾ ਸਿੰਘ ਜੀ ਵੱਲੋਂ ਸਮਾਗਮ ਵਿੱਚ ਸਮੂਹ ਨੌਜਵਾਨ ਸੇਵਾਦਾਰਾਂ ਬੀਬੀਆਂ ਭੈਣਾਂ ਵੱਲੋਂ ਨਿਭਾਈਆਂ ਗਈਆਂ ਸੇਵਾਵਾਂ ਅਤੇ ਸਮਾਗਮ ਚ ਪਹੁੰਚੀਆਂ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਜੀ ਆਇਆਂ ਆਖਿਆ ।

ਆਵਾਜ਼ਿ ਕੌਮ AWAZE QAUM International Newspaper & WEB TV

# ਮਲਕੀਤ ਸਿੰਘ ਬਡਬਰ ਬਣੇ ਸਬ ਇੰਸਪੈਕਟਰ ਦੋਸਤਾਂ ਮਿੱਤਰਾਂ ਨੇ ਦਿੱਤੀ ਮੁਬਾਰਕਬਾਦ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪਿਛਲੇ ਲੰਮੇ ਸਮੇਂ ਤੋਂ ਪੰਜਾਬ ਪੁਲਿਸ ਦੇ ਵਿੱਚ ਤਨਦੇਹੀ ਤੇ ਇਮਾਨਦਾਰੀ ਨਾਲ ਆਪਣੀਆਂ ਸੇਵਾਵਾਂ ਨਿਭਾ ਰਹੇ ਸ, ਮਲਕੀਤ ਸਿੰਘ ਸਿੱਧੂ ਬਡਬਰ ਨੂੰ ਮਹਿਕਮੇ ਵੱਲੋਂ ਤਰੱਕੀ ਦੇ ਕੇ ਸਬ ਇੰਸਪੈਕਟਰ ਬਣਾਇਆ ਗਿਆ ਹੈ। ਇਸ ਤਰੱਕੀ ਹੋਣ ਦੇ ਨਾਲ ਜਿੱਥੇ ਪਰਿਵਾਰ ਵਿੱਚ ਖੁਸ਼ੀ ਪਾਈ ਜਾ ਰਹੀ ਹੈ ਉਥੇ ਉਨ੍ਹਾਂ ਦੇ ਦੋਸਤਾਂ ਮਿੱਤਰਾਂ ਦੀ ਦੁਨੀਆਂ ਵਿੱਚ ਵੀ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਉੱਘੇ ਸਮਾਜ ਸੇਵੀ ਇਕਬਾਲ ਸਿੰਘ ਲੱਕੀ, ਪਰਮਜੀਤ ਸਿੰਘ ਬੱਬੂ ਯਮੁਨਾਨਗਰ ,ਠੇਕੇਦਾਰ ਬਲਵਿੰਦਰ ਸਿੰਘ, ਗੋਗੀ ਮਡਾਹਰ, ਸੁਖਪਾਲ ਸਿੰਘ ਬਡਬਰ, ਜਗਦੇਵ ਸਿੰਘ ਭੱਟੀ, ਸੁਖਵਿੰਦਰ ਸਿੰਘ, ਸੁਖਚੈਨ ਸਿੰਘ, ਬਲਵਿੰਦਰ ਸਿੰਘ ਢੇਰੂ ਆਦਿ ਆਗੂਆਂ ਨੇ ਮਲਕੀਤ ਸਿੰਘ ਸਿੱਧੂ ਨੂੰ ਤਰੱਕੀ ਮਿਲਣ 'ਤੇ ਮੁਬਾਰਕਵਾਦ ਦਿੱਤੀ ਅਤੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਪਰਮਾਤਮਾ ਪਰਿਵਾਰ 'ਤੇ ਹਮੇਸ਼ਾ ਹੀ ਮੇਹਰ ਭਰਿਆ ਹੱਥ ਰੱਖੇ। ਇਸ ਮੌਕੇ ਸ, ਮਲਕੀਤ ਸਿੰਘ ਨੇ ਸਬ ਇੰਸਪੈਕਟਰ ਬਣਨ ਤੇ ਜਿੱਥੇ ਆਪਣੇ ਸੀਨੀਅਰ ਪੁਲਿਸ ਅਧਿਕਾਰੀਆਂ ਦਾ ਧੰਨਵਾਦ ਕੀਤਾ ਉੱਥੇ ਵਿਸ਼ਵਾਸ ਦਵਾਇਆ ਕਿ ਉਹ ਮਿਲੀ ਤਰੱਕੀ ਨੂੰ ਮਿਹਨਤ ਅਤੇ ਇਮਾਨਦਾਰੀ ਨਾਲ ਨਿਭਾਉਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਦੁਆਰਾ ਨਾਨਕਪੁਰੀ ਸਾਹਿਬ ਗੁਰਮਤਿ ਵਿਦਿਆਲੇ ਪਿੰਡ ਬੁੱਕਣ ਖਾਂ ਵਿਖੇ ਦਮਦਮੀ ਟਕਸਾਲ ਦੇ ਪਹਿਲੇ ਜਥੇਦਾਰ ਅਨੋਖੇ ਸ਼ਹੀਦ

# ਧੰਨ-ਧੰਨ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਮੁੱਖ ਰੱਖਦਿਆਂ ਮਹਾਨ ਨਗਰ ਕੀਰਤਨ ਸਜਾਇਆ







**ਫ਼ਿਰੋਜ਼ਪੁਰ, 27 ਜਨਵਰੀ (ਮਨੋਹਰ ਲਾਲ) :**— ਗੁਰਦੁਆਰਾ ਨਾਨਕਪੁਰੀ ਸਾਹਿਬ ਗੁਰਮਤਿ ਵਿਦਿਆਲੇ ਦਮਦਮੀ ਟਕਸਾਲ ਪਿੰਡ ਬੁੱਕਣ ਖਾਂ ਵਿਖੇ ਦਮਦਮੀ ਟਕਸਾਲ ਦੇ ਪਹਿਲੇ ਜਥੇਦਾਰ ਅਨੋਖੇ ਸ਼ਹੀਦ ਧੰਨ—ਧੰਨ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਮੁੱਖ ਰੱਖਦਿਆਂ ਮਹਾਨ ਨਗਰ ਕੀਰਤਨ ਸਜਾਇਆ ਗਿਆ। ਇਹ ਮਹਾਨ ਨਗਰ ਕੀਰਤਨ ਗੁਰਦੁਆਰਾ ਨਾਨਕਪੁਰੀ ਸਾਹਿਬ ਗੁਰਮਤਿ ਵਿਦਿਆਲੇ ਦਮਦਮੀ ਟਕਸਾਲ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਝੂਲਦੇ ਨਿਸ਼ਾਨ ਸਾਹਿਬ ਪੰਜ ਨਿਸ਼ਾਨਚੀ ਗੁਰਦੁਆਰਾ ਨਾਨਕਪੁਰੀ ਸਾਹਿਬ ਗੁਰਮਤਿ ਵਿਦਿਆਲੇ ਦਮਦਮੀ ਟਕਸਾਲ ਪਿੰਡ ਬੁੱਕਣ ਖਾਂ ਦੇ ਮੁੱਖ ਸੇਵਾਦਾਰ ਗਿਆਨੀ ਸੁਖਦੇਵ ਸਿੰਘ ਦੀ ਦੇਖ—ਰੇਖ ਹੇਠ ਸਵੇਰੇ 8:30 ਵਜੇ ਪ੍ਰਾਰੰਭ ਹੋ ਕੇ ਪਿੰਡ ਬੁੱਕਣ ਖਾਂ ਵਾਲਾ ਤੋਂ ਸੈਦੇ ਕੇ ਰੁਹੇਲਾ, ਬਸਤੀ ਨੱਥੇ ਸ਼ਾਹ, ਧੀਰਾ ਪੱਤਰਾ, ਮੋਹਰੇ ਵਾਲਾ, ਨਸੀਰਾ ਖਲਚੀਆਂ, ਚੂਹੜ ਖਲਚੀਆਂ, ਚੱਕ ਰੋੜਾਂ ਵਾਲਾ, ਮਹਿਮਾ, ਭਾਵੜਾ ਆਜਮ ਸ਼ਾਹ, ਗਾਮੇਵਾਲਾ, ਬਾਲੇਵਾਲਾ, ਗੋਬਿੰਦ ਨਗਰ, ਠਾਠ ਨਾਨਕਸਰ, ਮੀਰਾ ਸ਼ਾਹ ਨੂਰ, ਹਾਜੀ ਵਾਲਾ, ਬਸਤੀ ਕੀਮੇਵਾਲੀ, ਬਸਤੀ ਨੇਕਵਾਲੀ, ਫੱਤੂ ਵਾਲਾ, ਜੀਆ ਬੱਤਾ, ਗੁਰਦੁਆਰਾ ਕਰਮਸਰ, ਝੋਕ ਹਰੀਹਰ ਤੋਂ ਬੁਕਣ ਖਾਂ ਵਾਲਾ ਤੋਂ ਹੁੰਦਾ ਹੋਇਆ ਸ਼ਾਮ ਨੂੰ ਗੁਰਦੁਆਰਾ ਨਾਨਕਪੁਰੀ ਸਾਹਿਬ ਗੁਰਮਤਿ ਵਿਦਿਆਲੇ ਦਮਦਮੀ ਟਕਸਾਲ ਵਿਚ ਸਮਾਪਤੀ ਦੀ ਅਰਦਾਸ ਹੋਈ। ਇਸ ਵਿਸ਼ਾਲ ਤੇ ਮਹਾਨ ਨਗਰ ਕੀਰਤਨ ਵਿਚ ਹਰ ਪਿੰਡ ਵਾਲਿਆਂ ਨੇ ਚਾਹ ਦਾ ਲੰਗਰ, ਖੀਰ ਦਾ ਲੰਗਰ, ਪਕੌੜਿਆਂ ਦਾ ਲੰਗਰ, ਫਰੂਟ ਦਾ ਲੰਗਰ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਲੰਗਰਾਂ ਨਾਲ ਸੰਗਤਾਂ ਦੀ ਸੇਵਾ ਕੀਤੀ। ਇਸ ਵਿਸ਼ਾਲ ਅਤੇ ਮਹਾਨ ਨਗਰ ਨੂੰ ਮੁੱਖ ਰੱਖਦਿਆਂ ਹੋਇਆ ਥਾਂ—ਥਾਂ ਸਵਾਗਤੀ ਗੇਟ ਸਜਾਏ ਹੋਏ ਸੀ। ਇਸ ਵਿਸ਼ਾਲ ਤੇ ਮਹਾਨ ਨਗਰ ਕੀਰਤਨ ਵਿਚ ਸ਼ਹੀਦ ਬਾਬਾ ਬੋਤਾ ਸਿੰਘ, ਬਾਬਾ ਗਰਜਾ ਸਿੰਘ ਗੱਤਕਾ ਅਖਾੜੇ ਵੱਲੋਂ ਗੱਤਕੇ ਦੇ ਜੌਹਰ ਵਿਖਾਏ, ਜ਼ੋ ਕਿ ਪਿੰਡਾਂ ਵਾਲਿਆਂ ਦਾ ਖਿੱਚ ਦਾ ਕੇਂਦਰ ਸਨ ਅਤੇ ਸੰਗਤਾਂ ਵੇਖ ਕੇ ਵਾਹ—ਵਾਹ ਕਰ ਉਠੀਆਂ। ਇਸ ਮੌਕੇ ਤੇ ਭਾਈ ਗੁਰਦੀਪ ਸਿੰਘ ਬੁਕਣ ਖਾਂ ਵਾਲਿਆਂ ਨੇ ਅਤੇ ਪਰਿਵਾਰ ਨੇ ਤਨ, ਮਨ, ਧਨ ਨਾਲ ਸੇਵਾ ਕੀਤੀ, ਜਿਹੜੇ ਕਿ ਕਾਫੀ ਦਿਨਾਂ ਤੋਂ ਸੇਵਾ ਕਰ ਰਹੇ ਹਨ। ਇਸ ਮੌਕੇ ਤੇ ਗੁਰਦੁਆਰਾ ਨਾਨਕਪੁਰੀ ਸਾਹਿਬ ਗੁਰਮਤਿ ਵਿਦਿਆਲੇ ਦਮਦਮੀ ਟਕਸਾਲ ਪਿੰਡ ਬੁਕਣ ਖਾਂ ਦੇ ਮੁੱਖ ਸੇਵਾਦਾਰ ਸ੍ਰੀਮਾਨ ਗਿਆਨੀ ਸੁਖਦੇਵ ਸਿੰਘ ਖਾਲਸਾ ਨੇ ਸਭ ਤੋਂ ਹਿਲਾਂ ਜਿਹੜੀਆਂ ਸੰਗਤਾਂ ਗੁਰ ਦੀ ਬਖਸ਼ਿਸ਼ ਨਾਲ ਟਰੈਕਟਰ, ਟਰਾਲੀਆਂ, ਜੀਪਾਂ, ਕਾਰਾਂ ਲੈ ਕੇ ਇਹ ਵਿਸ਼ਾਲ ਤੇ ਮਹਾਨ ਨਗਰ ਕੀਰਤਨ ਵਿਚ ਸਾਰਾ ਦਿਨ ਹਾਜ਼ਰੀ ਭਰੀ, ਉਨ੍ਹਾਂ ਦਾ ਅਸੀਂ ਧੰਨਵਾਦ ਕਰਦੇ ਹਾਂ ਅਤੇ ਇਸੇ ਤਰ੍ਹਾਂ ਉਹ 27 ਜਨਵਰੀ ਦਿਨ ਸੋਮਵਾਰ ਨੂੰ ਗੁਰਮਤਿ ਸਮਾਗਮ ਵਿਚ ਵੀ ਹਾਜ਼ਰੀ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ।

## ਕਿਸਾਨਾਂ ਨੇ ਕੱਢਿਆ ਟਰੈਕਟਰ ਮਾਰਚ

# ਕਿਸਾਨੀ ਮੰਗਾਂ ਦੀ ਕੀਤੀ ਵਕਾਲਤ



ਫ਼ਿਰੋਜ਼ਪੁਰ, 27 ਜਨਵਰੀ (ਮਨੋਹਰ ਲਾਲ):— 26 ਜਨਵਰੀ 2025 ਨੂੰ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਉੱਪਰ ਜ਼ਿਲਾ ਫਿਰੋਜ਼ਪੁਰ ਵਿੱਚ ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਿਲ ਜਥੇਬੰਦੀਆਂ ਵੱਲੋਂ ਬਲਾਕ ਮਮਦੋਟ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਅਤੇ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਵੱਲੋਂ ਸਾਂਝੇ ਤੌਰ ਤੇ ਮਮਦੋਟ ਦਾਣਾ ਮੰਡੀ ਵਿਖੇ ਸੈਂਕੜੇ ਟਰੈਕਟਰ ਅਤੇ ਕਿਸਾਨਾਂ ਨੇ ਸ਼ਮੂਲੀਅਤ ਕੀਤੀ ਦਾਣਾ ਮੰਡੀ ਮਮਦੋਟ ਤੋਂ ਲੈ ਕੇ ਬਾਜ਼ਾਰ ਵਿੱਚ ਦੀ ਲੰਘਦਿਆਂ ਹੋਇਆਂ ਵਿਸ਼ਾਲ ਟਰੈਕਟਰ ਮਾਰਚ ਬੀ ਡੀ ਓ ਦਫਤਰ ਮਮਦੋਟ ਵਿਖੇ ਸਮਾਪਤ ਕੀਤਾ ਗਿਆ ਸਮਾਪਤੀ ਮੌਕੇ ਕਿਸਾਨ ਆਗੂਆਂ ਨੇ ਬੋਲਦਿਆਂ ਹੋਇਆਂ ਕਿਹਾ ਕਿ ਦਿੱਲੀ ਦੇ ਇਤਿਹਾਸਿਕ ਘੋਲ ਉਪਰੰਤ ਮੰਨੀਆਂ ਹੋਈਆਂ ਮੰਗਾਂ ਤੋਂ ਕੇਂਦਰ ਦੀ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਮੁੱਕਰ ਗਈ ਹੈ ਜਿਸ ਵਿੱਚ ਸਮੁੱਚੇ ਭਾਰਤ ਦੇ ਲੋਕਾਂ ਦੇ ਕਰਜ਼ਾ ਮੁਆਫੀ ਦੀ ਮੰਗ ਐਮਐਸ ਪੀ ਤੇ ਗਰੰਟੀ ਕਾਨੂੰਨ ਅਤੇ ਖਰੀਦ ਨੂੰ ਯਕੀਨੀ ਬਣਾਉਣਾ 2020 ਬਿਜਲੀ ਸੋਧ ਬਿੱਲ ਤਿੰਨ ਖੇਤੀ ਕਾਨੂੰਨ ਰੱਦ ਕਰਨੇ ਇਹਨਾਂ ਸਾਰੀਆਂ ਮੰਗਾਂ ਤੋਂ ਕੇਂਦਰ ਸਰਕਾਰ ਪਾਸਾ ਵੱਟ ਰਹੀ ਹੈ ਅਤੇ ਹੁਣ ਉਹੀ ਤਿੰਨ ਖੇਤੀ ਕਾਨੂੰਨ ਸੂਬਾ ਸਰਕਾਰ ਨੂੰ ਲਾਗੂ ਕਰਨ ਲਈ ਜੋਰ ਦੇ ਰਹੀ ਹੈ ਆਗੂਆਂ ਨੇ ਬੋਲਦਿਆਂ ਹੋਇਆਂ ਕਿਹਾ ਕਿ ਪੰਜਾਬ ਸਰਕਾਰ ਇਸ ਕੌਮੀ ਖੇਤੀ ਨੀਤੀ ਖਰੜੇ ਨੂੰ ਵਿਸ਼ੇਸ਼ ਸੈਸ਼ਨ ਬੁਲਾ ਕੇ ਰੱਦ ਕਰੇ ਅਤੇ ਬੇਰੰਗ ਸੈਂਟਰ ਸਰਕਾਰ ਨੂੰ ਵਾਪਸ ਭੇਜੇ ਨਹੀਂ ਤਾਂ ਆਉਣ ਵਾਲੇ ਦਿਨਾਂ ਵਿੱਚ ਪੰਜਾਬ ਦੇ ਕਿਰਤੀ ਅਤੇ ਮਿਹਨਤਕਸ਼ ਲੋਕਾਂ ਵੱਲੋਂ ਪੰਜਾਬ ਸਰਕਾਰ ਦਾ ਘਰਾਓ ਕੀਤਾ ਜਾਵੇਗਾ ਅਤੇ ਸੰਘਰਸ਼ ਨੂੰ ਹੋਰ ਵੀ ਤੇਜ਼ ਕੀਤਾ ਜਾਵੇਗਾ ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜਿਲ੍ਹਾ ਪ੍ਰੈੱਸ ਸਕੱਤਰ ਲਖਵੀਰ ਸਿੰਘ ਡੋਡ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜ਼ਿਲਾ ਖਜਾਨਚੀ ਜਤਿੰਦਰ ਸਿੰਘ ਕੜਮਾ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਜ਼ਿਲ੍ਹਾ ਪ੍ਰਧਾਨ ਗੁਰਿੰਦਰ ਸਿੰਘ ਖਹਿਰਾ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਬਲਾਕ ਮਮਦੋਟ ਪ੍ਰਧਾਨ ਮਨਪ੍ਰੀਤ ਸਿੰਘ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਮਮਦੋਟ ਬਲਾਕ ਪ੍ਰਧਾਨ ਬਲਕਾਰ ਸਿੰਘ ਜੋਧਪੁਰ ਬਲਾਕ ਜਨਰਲ ਸਕੱਤਰ ਹਰਬੰਸ ਸਿੰਘ ਜੋਧਪੁਰ ਬਲਾਕ ਪ੍ਰੈਸ ਸਕੱਤਰ ਜਗਤਾਰ ਸਿੰਘ ਭੱਟੀਆਂ ਬਲਾਕ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਗੱਟੀ ਭਜਨ ਸਿੰਘ ਜੋਧਪੁਰ ਮਹਿਲ ਸਿੰਘ ਕਰਮਾ ਸੋਨੂ ਉਪਲ ਮੌੜਾ ਸਿੰਘ ਪ੍ਰੀਤਮ ਸਿੰਘ ਗੁਰਦੀਪ ਸਿੰਘ ਗੁਰ ਪ੍ਰਤਾਪ ਸਿੰਘ ਗੁਰਜੀਤ ਸਿੰਘ ਜੋਧਾ ਸਿੰਘ ਸਰਦੂਲ ਸਿੰਘ ਮਨਜੀਤ ਸਿੰਘ ਫਤਿਹ ਸਿੰਘ ਨਮਨ ਬਰਾੜ ਪਵਨ ਬਰਾੜ, ਮੇਜਰ ਸਿੰਘ ਚੰਦੀ ਗੁਰਮੇਲ ਸਿੰਘ ਕੜਮਾ ਪੰਜਾਬ ਸਿੰਘ ਕੜਮਾ ਦਲਜੀਤ ਸਿੰਘ ਛਾਂਗਾ ਮੰਗਲ ਸਿੰਘ ਮੁਰਕਵਾਲਾ ਬੂਟਾ ਸਿੰਘ ਗੁਰਨਾਮ ਸਿੰਘ ਸੁਰਜੀਤ ਸਿੰਘ ਕਿੱਕਰ ਸਿੰਘ ਸੁਖਦੇਵ ਸਿੰਘ ਹੰਸਾ ਸਿੰਘ ਪਰਮਜੀਤ ਸਿੰਘ, ਪ੍ਰਧਾਨ ਗੁਰਵਿੰਦਰ ਸਿੰਘ ਖਹਿਰਾ, ਜ਼ਿਲ੍ਹਾ ਮੀਤ ਪ੍ਰਧਾਨ ਮਹਿੰਦਰ ਸਿੰਘ ਵਧੌਣ, ਬਲਾਕ ਝੋਕ ਮੋਹੜੇ ਪ੍ਰਧਾਨ ਗੁਰਪਿਆਰ ਸਿੰਘ, ਜ਼ਿਲ੍ਹਾ ਕਮੇਟੀ ਮੈਂਬਰ ਗੁਰਬਚਨ ਸਿੰਘ ਕਿੱਲੀ, ਬਲਾਕ ਪ੍ਰਧਾਨ ਮਨਪ੍ਰੀਤ ਸਿੰਘ, ਖਜਾਨਚੀ ਨਿਸ਼ਾਨ ਸਿੰਘ ਸੰਧੂ, ਪ੍ਰੈਸ ਸਕੱਤਰ ਵਿਕਰਮਜੀਤ ਸਿੰਘ, ਬਲਵਿੰਦਰ ਸਿੰਘ, ਪ੍ਰਤਾਪ ਸਿੰਘ, ਛਿੰਦਾ ਸੇਠੀ, ਹਰਦੀਪ ਸਿੰਘ ਸੋਢੀ ਆਦਿ ਹਾਜਰ ਸਨ।

# ਗਣਤੰਤਰ ਦਿਵਸ ਤੇ ਭਗਵਾਨ ਪਰਸ਼ੂਰਾਮ ਵਾਟਿਕਾ ਵਿਚ ਮਨਾਏ ਜ਼ਸ਼ਨ



ਫ਼ਿਰੋਜ਼ਪੁਰ, 27 ਜਨਵਰੀ (ਮਨੋਹਰ ਲਾਲ) :— ਫ਼ਿਰੋਜ਼ਪੁਰ ਸ਼ਹਿਰ ਦੇ ਬਾਬਾ ਫਕੀਰ ਮਾਰਕੀਟ ਵਿਚ ਸਥਿਤ ਭਗਵਾਨ ਪਰਸ਼ੂਰਾਮ ਵਾਟਿਕਾ ਵਿਚ ਸ੍ਰੀ ਬ੍ਰਾਹਮਣ ਸਭਾ ਵੱਲੋਂ ਗਣਤੰਤਰ ਦਿਵਸ ਧੂਮ—ਧਾਮ ਨਾਲ ਮਨਾਇਆ। ਇਸ ਸਮਾਗਮ ਦੀ ਅਗਵਾਈ ਸੰਸਥਾ ਦੇ ਆਗੂ ਸ੍ਰੀ ਹਰੀ ਰਾਮ ਖਿੰਦੜੀ ਵੱਲੋਂ ਕੀਤੀ ਗਈ, ਜਦੋਂ ਕਿ ਵੱਡੀ ਗਿਣਤੀ ਬ੍ਰਾਹਮਣ ਸਭਾ ਦੇ ਆਗੂਆਂ ਸਮੇਤ ਬਜ਼ਾਰ ਵਾਸੀਆਂ ਨੇ ਸ਼ਿਰਕਤ ਕਰਕੇ ਤਿਰੰਗੇ ਨੂੰ ਸਲੂਟ ਕੀਤਾ। ਗੱਲਬਾਤ ਕਰਦਿਆਂ ਸ੍ਰੀ ਹਰੀ ਰਾਮ ਖਿੰਦੜੀ ਨੇ ਦੱਸਿਆ ਕਿ ਇਹ ਵਾਟਿਕਾ ਸਵਰਗੀ ਸ੍ਰੀ ਕਮਲ ਸ਼ਰਮਾ ਵੱਲੋਂ ਬਣਵਾਈ ਗਈ ਸੀ, ਜਿਨ੍ਹਾਂ ਨੂੰ ਹਰ ਸਮੇਂ ਯਾਦ ਕਰਦਿਆਂ ਭਾਵ—ਭਿੰਨੀਆਂ ਸ਼ਰਧਾਂਜਲੀਆਂ ਅਰਪਿਤ ਕੀਤੀਆਂ ਜਾਂਦੀਆਂ ਹਨ, ਕਿਉਂਕਿ ਉਨ੍ਹਾਂ ਨੇ ਇਲਾਕਾ ਨਿਵਾਸੀਆਂ ਲਈ ਕਈ ਮੀਲ ਪੱਥਰ ਸਥਾਪਿਤ ਕੀਤੇ ਹਨ।

ਇਸ ਮੌਕੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਨੁਮੀਤ ਸਿੰਘ ਹੀਰਾ ਸੋਢੀ ਵੱਲੋਂ ਅਦਾ ਕੀਤੀ ਗਈ, ਜਦੋਂ ਕਿ ਇਸ ਸਮਾਗਮ ਵਿਚ ਸ੍ਰੀ ਬ੍ਰਾਹਮਣ ਸਭਾ ਦੇ ਪ੍ਰਧਾਨ ਰਾਜੇਸ਼ ਦੱਤ, ਸੀਨੀਅਰ ਉਪ ਪ੍ਰਧਾਨ ਪ੍ਰੇਮ ਰਾਜਨ ਜ਼ੋਸ਼ੀ, ਹਾਈ ਪਾਵਰ ਕਮੇਟੀ ਦੇ ਆਗੂ ਪ੍ਰੇਮ ਕੁਮਾਰ ਸ਼ਰਮ, ਸੰਜੀਵ ਸ਼ਰਮਾ, ਕੌਂਸਲਰ ਮੁਨੀਸ਼ ਸ਼ਰਮਾ, ਅਸ਼ਵਨੀ ਸ਼ਰਮਾ, ਪੰਡਿਤ ਅਨੂਪ ਸ਼ਰਮਾ ਆਦਿ ਨੇ ਝੰਡਾ ਲਹਿਰਾਉਣ ਉਪਰੰਤ ਆਪੋ—ਆਪਣੇ ਵਿਚਾਰ ਸਾਂਝੇ ਕੀਤੇ। ਇਸ ਸਮਾਗਮ ਦੌਰਾਨ ਅੰਮ੍ਰਿਤ ਵੇਲਾ ਸਮਿਤੀ ਦੇ ਪ੍ਰਧਾਨ ਸਚਿਨ ਨਾਰੰਗ ਅਤੇ ਬਾਬਾ ਫਕੀਰ ਮਾਰਕੀਟ ਦੇ ਪ੍ਰਧਾਨ ਮੋਹਿਤ ਕੁਮਾਰ ਮਿਕੀ ਸਮੇਤ ਵਪਾਰ ਮੰਡਲ ਦੇ ਪ੍ਰਧਾਨ ਅਸ਼ਵਨੀ ਮਹਿਤਾ ਇਸ ਸਮਾਗਮ ਵਿਚ ਵਿਸ਼ੇਸ਼ ਤੌਰ ਤੇ ਪੁੱਜੇ। ਸਮਾਗਮ ਦਾ ਆਗਾਜ਼ ਪ੍ਰੇਮ ਰਾਜਨ ਜ਼ੋਸ਼ੀ ਦੁਆਰਾ ਕੀਤਾ ਗਿਆ, ਜਦੋਂ ਕਿ ਪ੍ਰਧਾਨ ਰਾਜੇਸ਼ ਦੱਤ ਵੱਲੋਂ ਆਏ ਮਹਿਮਾਨਾਂ ਦਾ ਸਵਾਗਤ ਕਰਦਿਆਂ ਭਗਵਾਨ ਪਰਸ਼ੂਰਾਮ ਵਾਟਿਕਾ ਦੇ ਵਿਕਾਸ ਲਈ ਸਹਿਯੋਗ ਦੀ ਮੰਗ ਕੀਤੀ, ਉਪਰੰਤ ਪਾਰਕ ਵਿਚ ਪੌਦੇ ਲਗਾਏ ਗਏ ਅਤੇ ਹਾਜ਼ਰੀਨ ਨੂੰ ਲੱਡੂ ਵੰਡ ਕੇ ਖੁਸ਼ੀਆਂ ਸਾਂਝੀਆਂ ਕੀਤੀਆਂ ਗਈਆਂ।

# ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਨੇ ਮਨਾਇਆ ਗਣਤੰਤਰ ਦਿਵਸ



ਫ਼ਿਰੋਜ਼ਪੁਰ, 27 ਜਨਵਰੀ (ਮਨੋਹਰ ਲਾਲ) :— ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਫ਼ਿਰੋਜ਼ਪੁਰ ਨੇ ਡਾ: ਅਨਿਲ ਬਾਗੀ ਪਾਰਕ ਫ਼ਿਰੋਜ਼ਪੁਰ ਸ਼ਹਿਰ ਵਿਖੇ ਡਾ: ਦੀਵਾਨ ਚੰਦ ਸੁਖੀਜਾ, ਪਰਵੀਨ ਕੁਮਾਰ ਧਵਨ, ਰਮੇਸ਼ ਬਜਾਜ ਅਤੇ ਰਾਮ ਕਿਸ਼ੋਰ ਦੀ ਅਗਵਾਈ ਹੇਠ ਬੜੀ ਧੂਮ—ਧਾਮ ਨਾਲ ਗਣਤੰਤਰ ਦਿਵਸ ਮਨਾਇਆ। ਇਸ ਮੌਕੇ ਤਿਰੰਗੇ ਨੂੰ ਸਲਾਮੀ ਦਿੱਤੀ ਅਤੇ ਕੁਰਬਾਨੀਆਂ ਦੇਣ ਵਾਲਿਆਂ ਨੂੰ ਯਾਦ ਕੀਤਾ। ਇਸ ਖੁਸ਼ੀ ਦੇ ਮੌਕੇ ਤੇ ਸ੍ਰੀਮਤੀ ਕਮਲਾ ਛਾਬੜਾ 80 ਸਾਲਾ ਸੁਸਾਇਟੀ ਮੈਂਬਰ ਨੂੰ ਸਨਮਾਨਿਤ ਕਰਦਿਆਂ ਉਨ੍ਹਾਂ ਦੀ ਲੰਬੀ ਉਮਰ ਦੀ ਕਾਮਨਾ ਕੀਤੀ। ਇਸ ਮੌਕੇ ਸਰਿਸ਼ਟੀ ਬਾਲਾ, ਪੁਸ਼ਪਲਤਾ, ਪ੍ਰੇਮ ਮੈਂਬਰਜ਼ ਤੋਂ ਇਲਾਵਾ ਸਤੀਸ਼ ਸ਼ਰਮਾ, ਕਿਸ਼ਨ ਲਾਲ ਗੁਲਾਟੀ, ਅਸ਼ੋਕ ਚੁੱਘ, ਐਸ.ਪੀ ਖੁਰਾਣਾ, ਸ਼ਾਮ ਬਿਹਾਰੀ ਅਤੇ ਜਤਿੰਦਰ ਨਰੂਲਾ ਹਾਜ਼ਰ ਸਨ।

# ਸੰਤ ਗਿਆਨੀ ਕਰਤਾਰ ਸਿੰਘ ਮੈਮੋਰੀਅਲ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਚ ਗਣਤੰਤਰ ਦਿਵਸ ਮਨਾਇਆ ਗਿਆ




ਫ਼ਿਰੋਜ਼ਪੁਰ, 27 ਜਨਵਰੀ (ਮਨੋਹਰ ਲਾਲ) :— ਜਿਥੇ ਦੇਸ਼ ਭਰ ਵਿੱਚ ਗਣਤੰਤਰ ਦਿਵਸ ਮਨਾਇਆ ਗਿਆ ਉਥੇ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਬੁਰਜ ਮੱਖਣ ਸਿੰਘ ਵਾਲਾ ਵਿਖੇ ਵਿਦਿਆਰਥੀਆਂ ਅਤੇ ਸਟਾਫ ਵੱਲੋ ਵੀ 76ਵਾਂ ਗਣਤੰਤਰ ਦਿਵਸ ਮਨਾਇਆ ਗਿਆ। ਇਸ ਦਿਹਾੜੇ ਨੂੰ ਵਿਸ਼ੇਸ਼ ਬਨਾਉਂਦਿਆਂ ਸਕੂਲ ਵੱਲੋਂ ਬੱਚਿਆਂ ਦੇ ਪੇਟਿੰਗ ਮੁਕਾਬਲੇ ਕਰਵਾਏ ਗਏ, ਜਿਸ ਵਿਚ ਵੱਡੀ ਤਦਾਦ ਸਕੂਲੀ ਵਿਦਿਆਰਥੀਆਂ ਨੇ ਸ਼ਿਰਕਤ ਕਰਕੇ ਆਪਣੇ ਅੰਦਰਲੀ ਕਲਾਂ ਦਾ ਮੁਜ਼ਾਹਰਾ ਕੀਤਾ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ ਅਤੇ ਵਿਦਿਆਰਥੀ ਹਾਜ਼ਰ ਸੀ।

### ਕੈਬਨਿਟ ਮੰਤਰੀ ਹਰਭਜਨ ਸਿੰਘ ਨੇ ਫਿਰੋਜ਼ਪੁਰ ਵਿਖੇ

# ਗਣਤੰਤਰ ਦਿਵਸ ਮੌਕੇ ਲਹਿਰਾਇਆ ਕੌਮੀ ਝੰਡਾ





**ਫ਼ਿਰੋਜ਼ਪੁਰ, 27 ਜਨਵਰੀ (ਮਨੋਹਰ ਲਾਲ) :—** 76ਵੇਂ ਗਣਤੰਤਰ ਦਿਵਸ ਮੌਕੇ ਕੈਂਟ ਬੋਰਡ ਸਟੇਡੀਅਮ ਫ਼ਿਰੋਜ਼ਪੁਰ ਵਿਖੇ ਜ਼ਿਲ੍ਹਾ ਪੱਧਰੀ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਪੰਜਾਬ ਦੇ ਊਰਜਾ ਅਤੇ ਲੋਕ ਨਿਰਮਾਣ ਮੰਤਰੀ ਸ।ਹਰਭਜਨ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਉਨ੍ਹਾਂ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਅਤੇ ਜ਼ਿਲ੍ਹਾ ਵਾਸੀਆਂ ਦੇ ਨਾਮ ਸੰਦੇਸ਼ ਦਿੱਤਾ। ਇਸ ਮੌਕੇ ਉਨ੍ਹਾਂ ਪਰੇਡ ਦਾ ਨਿਰੀਖਣ ਕੀਤਾ ਅਤੇ ਪਰੇਡ ਤੋਂ ਸਲਾਮੀ ਲਈ। ਉਨ੍ਹਾਂ ਦੇ ਨਾਲ ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਅਤੇ ਐਸ.ਐਸ.ਪੀ. ਸੋਮਿਆ ਮਿਸ਼ਰਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਮੌਕੇ ਕੈਬਨਿਟ ਮੰਤਰੀ ਹਰਭਜਨ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਅਨੇਕਾਂ ਲੋਕ—ਪੱਖੀ ਪਹਿਲਕਦਮੀਆਂ ਕੀਤੀਆਂ ਹਨ ਜਿਸ ਤਹਿਤ ਸੂਬੇ ਵਿੱਚ ਮੁਫ਼ਤ ਬਿਜਲੀ ਦੇ ਐਲਾਨ ਤੋਂ ਬਾਅਦ ਸੂਬੇ ਦੇ 90 ਫੀਸਦੀ ਘਰੇਲੂ ਖਪਤਕਾਰਾਂ ਨੂੰ ਜ਼ੀਰੋ ਬਿਜਲੀ ਬਿੱਲ ਆ ਰਹੇ ਹਨ। ਇਸ ਤੋਂ ਇਲਾਵਾ ਪਿਛਲੇ ਸਾਲ ਗੋਇੰਦਵਾਲ ਪਾਵਰ ਪਲਾਂਟ ਨੂੰ 1080 ਕਰੋੜ ਰੁਪਏ ਦੀ ਲਾਗਤ ਨਾਲ ਖਰੀਦਿਆ ਗਿਆ ਹੈ ਜੋ ਕਿ ਭਾਰਤ ਵਿੱਚ ਕਿਸੇ ਸੂਬਾ ਸਰਕਾਰ ਦੁਆਰਾ ਇਕ ਪ੍ਰਾਈਵੇਟ ਪਾਵਰ ਪਲਾਂਟ ਖਰੀਦਣ ਦੀ ਇਹ ਪਹਿਲੀ ਉਪਲੱਬਧੀ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਵਿੱਤੀ ਸਾਲ ਲਈ ਖੇਤੀਬਾੜੀ ਨੂੰ ਮੁਫ਼ਤ ਬਿਜਲੀ ਦੀ ਸਹੂਲਤ ਲਈ ਕੁੱਲ 9330 ਕਰੋੜ ਰੁਪਏ ਦਾ ਉਪਬੰਧ ਕੀਤਾ ਗਿਆ ਹੈ। ਰਾਜ ਸਰਕਾਰ ਵੱਲੋਂ ਖੇਡਾਂ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਕਈ ਕਦਮ ਉਠਾਏ ਗਏ ਹਨ ਅਤੇ ਮੈਡਲ ਜਿੱਤਣ ਵਾਲੇ ਖਿਡਾਰੀਆਂ ਨੂੰ ਨਕਦ ਇਨਾਮਾਂ ਦੀ ਵੰਡ ਕੀਤੀ ਗਈ ਹੈ। ਫਿਰੋਜ਼ਪੁਰ ਵਿਖੇ ਸ਼ਹੀਦ ਭਗਤ ਸਿੰਘ ਸਟੇਡੀਅਮ ਵਿਖੇ 7 ਕਰੋੜ ਰੁਪਏ ਦੀ ਲਾਗਤ ਨਾਲ ਸਿੰਥੈਟਿਕ ਐਥਲੇਟਿਕ ਟਰੈਕ ਦਾ ਕੰਮ ਮੁਕੰਮਲ ਕੀਤਾ ਜਾ ਚੁੱਕਾਹੈ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਵੱਲੋਂ 11 ਨਾਮੀ ਖਿਡਾਰੀਆਂ ਨੂੰ ਪੀ.ਸੀ.ਐਸ. ਅਤੇ ਡੀ.ਐਸ.ਪੀ. ਦੀ ਨੌਕਰੀ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਪੈਰਿਸ ਉਲੰਪਿਕਸ ਵਿੱਚ ਭਾਰਤ ਦੇ ਕੁੱਲ 100 ਖਿਡਾਰੀਆਂ ਵਿਚੋਂ 19 ਖਿਡਾਰੀ ਪੰਜਾਬ ਦੇ ਸਨ ਜੋ ਸਾਡੇ ਲਈ ਬੜੇ ਮਾਣ ਵਾਲੀ ਗੱਲ ਹੈ।

**☛ ਸ਼ਹੀਦੀ ਸਮਾਰਕ ਹੁਸੈਨੀਵਾਲਾ ਵਿਖੇ ਕੈਬਨਿਟ ਮੰਤਰੀ ਹੋਏ ਨਤਮਸਤਕ, ਸ਼ਹੀਦਾਂ ਦੇ ਦਰਸਾਏ ਰਸਤਿਆਂ ਤੇ ਚੱਲਣ ਲਈ ਕੀਤਾ ਪ੍ਰੇਰਿਤ ☛ 90 ਫੀਸਦੀ ਪਰਿਵਾਰਾਂ ਨੂੰ ਮਿਲ ਰਹੀ ਹੈ ਮੁਫ਼ਤ ਬਿਜਲੀ ਦੀ ਸਹੂਲਤ—ਹਰਭਜਨ ਸਿੰਘ ☛ ਕਿਹਾ, ਫਿਰੋਜ਼ਪੁਰ ਜ਼ਿਲ੍ਹੇ ਦੇ ਇਤਿਹਾਸਕ ਮਹੱਤਤਾ ਵਾਲੇ ਸਥਾਨਾਂ ਨੂੰ ਸੈਲਾਨੀ ਕੇਂਦਰ ਵਜੋਂ ਵਿਕਸਤ ਕਰ ਰਹੀ ਹੈ ਪੰਜਾਬ ਸਰਕਾਰ ☛ ਕੈਂਟ ਬੋਰਡ ਸਟੇਡੀਅਮ ਵਿਖੇ ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਸਮਾਗਮ ਦਾ ਆਯੋਜਨ**

ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਨੇ ਜ਼ਿਲ੍ਹੇ ਦੇ ਵਿਧਾਇਕਾਂ ਅਤੇ ਅਧਿਕਾਰੀਆਂ ਸਮੇਤ ਹੁਸੈਨੀਵਾਲਾ ਸ਼ਹੀਦੀ ਸਮਾਰਕ 'ਤੇ ਸ਼ਹੀਦ—ਏ—ਆਜਮ ਸਰਦਾਰ ਭਗਤ ਸਿੰਘ, ਸ਼ਹੀਦ ਰਾਜਗੁਰੂ, ਸ਼ਹੀਦ ਸੁਖਦੇਵ, ਸੁਤੰਤਰਤਾ ਸੰਗਰਾਮੀ ਬੀ.ਕੇ. ਦੱਤ ਤੇ ਰਾਜਮਾਤਾ ਦੀਆਂ ਸਮਾਰਕਾਂ ਤੇ ਸ਼ਰਧਾ ਦੇ ਫੁੱਲ ਭੇਟ ਕਰਨ ਉਪਰੰਤ ਕਿਹਾ ਕਿ ਇਨ੍ਹਾਂ ਸ਼ਹੀਦਾਂ ਦੀ ਬਦੌਲਤ ਅਸੀਂ ਅੱਜ ਆਜ਼ਾਦ ਦੇਸ਼ ਵਿੱਚ ਰਹਿ ਰਹੇ ਹਾਂ ਇਸ ਮੌਕੇ ਉਨ੍ਹਾਂ ਸੰਵਿਧਾਨ ਦੇ ਨਿਰਮਾਤਾ ਡਾ: ਭੀਮ ਰਾਓ ਅੰਬੇਦਕਰ ਨੂੰ ਵੀ ਸਿਜਦਾ ਕੀਤਾ ਅਤੇ ਸਮੂਹ ਦੇਸ਼ ਵਾਸੀਆਂ ਤੇ ਪੰਜਾਬ ਵਾਸੀਆਂ ਨੂੰ ਗਣਤੰਤਰ ਦਿਵਸ ਦੀ ਵਧਾਈ ਦਿੱਤੀ। ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਸੱਦਾ ਦਿੰਦਿਆਂ ਕਿਹਾ ਕਿ ਸਾਨੂੰ ਹਮੇਸ਼ਾ ਸਾਡੇ ਸ਼ਹੀਦਾਂ ਦੇ ਦਿਖਾਏ ਰਸਤੇ 'ਤੇ ਚੱਲਦੇ ਹੋਏ ਦੇਸ਼ ਭਗਤੀ ਦੀ ਭਾਵਨਾ ਨਾਲ ਦੇਸ਼ ਦੀ ਖ਼ੁਸ਼ਹਾਲੀ ਤੇ ਉੱਨਤੀ ਲਈ ਹਰ ਵੱਧ ਤੋਂ ਵੱਧ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਹ ਦਿਹਾੜਾ ਸਾਨੂੰ ਸਾਡੇ ਸ਼ਹੀਦਾਂ੍ਆਜ਼ਾਦੀ ਘੁਲਾਟੀਆਂ ਵੱਲੋਂ ਭਾਰਤ ਦੇ ਭਵਿੱਖ ਦੇ ਬਾਰੇ ਲਏ ਗਏ ਸੁਪਨਿਆਂ ਨੂੰ ਸਾਕਾਰ ਕਰਨ ਦੀ ਯਾਦ ਦਿਵਾਉਂਦਾ ਹੈ ਅਤੇ ਆਪਣੀ ਸਮੁੱਚੀ ਕਾਰਗੁਜ਼ਾਰੀ ਉੱਤੇ ਝਾਤ ਮਾਰਨ ਦਾ ਮੌਕਾ ਵੀ ਪ੍ਰਦਾਨ ਕਰਦਾ ਹੈ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਫ਼ਿਰੋਜ਼ਪੁਰ ਜ਼ਿਲ੍ਹੇ ਨੂੰ ਸੈਰ ?ਸਪਾਟੇ ਦੇ ਕੇਂਦਰ ਵਜੋਂ ਵਿਕਸਿਤ ਕਰਨ ਲਈ ਉਪਰਾਲੇ ਕੀਤੇ ਜਾ ਰਹੇ ਹਨ। ਇਸ ਮੌਕੇ ਜ਼ਿਲ੍ਹੇ ਦੇ ਵੱਖ ?ਵੱਖ ਵਿਭਾਗਾਂ ਜਿਵੇਂ ਕਿ ਸਿਹਤ ਵਿਭਾਗ, ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ, ਬਾਗ਼ਬਾਨੀ ਵਿਭਾਗ, ਖੇਤੀਬਾੜੀ ਵਿਭਾਗ, ਪਸ਼ੂ ਪਾਲਣ ਤੇ ਮੱਛੀ ਪਾਲਣ, ਲੀਡ ਬੈਂਕ, ਸੀ.ਐਮ. ਦੀ ਯੋਗਸ਼ਾਲਾ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਨਗਰ ਕੌਂਸਲ ਵੱਲੋਂ ਸੁੰਦਰ ਝਾਕੀਆਂ ਪੇਸ਼ ਕੀਤੀਆਂ ਗਈਆਂ ਅਤੇ ਵੱਖ ?ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਬੈਂਡ ਅਤੇ ਪੰਜਾਬ ਦੇ ਲੋਕ ਨਾਚ ਗਿੱਧਾ, ਭੰਗੜਾ ਅਤੇ ਸਭਿਆਚਾਰਕ ਦੇਸ਼ ਭਗਤੀ ਦਾ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ। ਇਸ ਇਤਿਹਾਸਕ ਦਿਹਾੜੇ 'ਤੇ ਲੋੜਵੰਦਾਂ ਨੂੰ ਟਰਾਈ ਸਾਈਕਲ ਅਤੇ ਸਿਲਾਈ ਮਸ਼ੀਨਾਂ ਦੀ ਵੰਡ ਵੀ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਆਜ਼ਾਦੀ ਘੁਲਾਟੀਆਂ, ਕਾਰਗਿਲ ਦੇ ਸ਼ਹੀਦਾਂ ਦੇ ਪਰਿਵਾਰਾਂ ਸਮੇਤ ਯੂਥ ਕਲੱਬਾਂ, ਖਿਡਾਰੀਆਂ, ਸਮਾਜ ਸੇਵੀ ਸੰਸਥਾਵਾਂ ਅਤੇ ਚੰਗੀ ਕਾਰਗੁਜ਼ਾਰੀ ਵਾਲੇ ਅਧਿਕਾਰੀਆਂ੍ਕਰਮਚਾਰੀਆਂ ਆਦਿ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਦੌਰਾਨ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੁੱਖ ਮਹਿਮਾਨ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਸਮਾਗਮ ਵਿੱਚ ਵਿਧਾਇਕ ਫਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ, ਵਿਧਾਇਕ ਫਿਰੋਜ਼ਪੁਰ ਦਿਹਾਤੀ ਸ੍ਰੀ ਰਜਨੀਸ਼ ਦਹੀਯਾ, ਵਿਧਾਇਕ ਗੁਰੂਹਰਸਹਾਏ ਫੌਜਾ ਸਿੰਘ ਸਰਾਰੀ, ਵਿਧਾਇਕ ਜ਼ੀਰਾ ਸ੍ਰੀ ਨਰੇਸ਼ ਕਟਾਰੀਆ, ਜ਼ਿਲ੍ਹਾ ਤੇ ਸੈਸ਼ਨ ਜੱਜ ਸ੍ਰੀ ਵੀਰਇੰਦਰ ਅਗਰਵਾਲ, ਡੀ.ਆਈ.ਜੀ. ਫ਼ਿਰੋਜ਼ਪੁਰ ਰੇਂਜ ਸ: ਰਣਜੀਤ ਸਿੰਘ ਢਿੱਲੋਂ, ਐਸ.ਪੀ. (ਡੀ) ਸ੍ਰੀ ਰਣਧੀਰ ਕੁਮਾਰ, ਵਧੀਕ ਡਿਪਟੀ ਕਮਿਸ਼ਨਰ (ਜ) ਡਾ: ਨਿਧੀ ਕੁਮੁਦ ਬੰਬਾਹ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ: ਲਖਵਿੰਦਰ ਸਿੰਘ ਰੰਧਾਵਾ, ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਚੰਦ ਸਿੰਘ ਗਿੱਲ, ਚੇਅਰਮੈਨ ਮਾਰਕਿਟ ਕਮੇਟੀ ਫ਼ਿਰੋਜ਼ਪੁਰ ਬਲਰਾਜ ਸਿੰਘ ਕਟੋਰਾ, ਸ੍ਰੀ ਧਾਰਾਵਤ ਸਾਈ ਪ੍ਰਕਾਸ਼ ਆਈ.ਪੀ.ਐਸ. (ਅੰਡਰ ਟ੍ਰੇਨਿੰਗ) ਸਮੇਤ ਜ਼ਿਲ੍ਹੇ ਦਾ ਸਮੂਹ ਵਿਭਾਗਾਂ ਦੇ ਮੁਖੀ, ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸੰਤ ਗਿਆਨੀ ਕਰਤਾਰ ਸਿੰਘ ਮੈਮੋਰੀਅਲ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਚ ਗਣਤੰਤਰ ਦਿਵਸ ਮਨਾਇਆ ਗਿਆ





ਫ਼ਿਰੋਜ਼ਪੁਰ, 27 ਜਨਵਰੀ (ਮਨੋਹਰ ਲਾਲ) :— ਜਿਥੇ ਦੇਸ਼ ਭਰ ਵਿੱਚ ਗਣਤੰਤਰ ਦਿਵਸ ਮਨਾਇਆ ਗਿਆ ਉਥੇ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਸੀਨੀਅਰ ਸੈਕੈਂਡਰੀ ਸਕੂਲ ਬੁਰਜ ਮੱਖਣ ਸਿੰਘ ਵਾਲਾ ਵਿਖੇ ਵਿਦਿਆਰਥੀਆਂ ਅਤੇ ਸਟਾਫ ਵੱਲੋ ਵੀ 76ਵਾਂ ਗਣਤੰਤਰ ਦਿਵਸ ਮਨਾਇਆ ਗਿਆ ਇਸ ਮੌਕੇ ਵਿਦਿਆਰਥੀਆਂ ਦੇ ਪੇਂਟਿੰਗ ਮੁਕਾਬਲੇ ਕਰਵਾਏ ਗਏ ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸਜ਼ਾਵਾਂ ਪੂਰੀਆਂ ਕਰ ਚੁੱਕੇ ਸਿੱਖਾਂ ਦੀ ਰਿਹਾਈ ਤੇ ਹੋਰ ਮੰਗਾਂ ਲਈ ਜਥੇਬੰਦੀਆਂ ਨੇ ਗਣਤੰਤਰ ਦਿਵਸ ਮੌਕੇ ਕੀਤਾ ਰੋਹ ਮੁਜ਼ਾਹਰਾ



ਫ਼ਿਰੋਜ਼ਪੁਰ, 27 ਜਨਵਰੀ (ਮਨੋਹਰ ਲਾਲ) :— ਗਣਤੰਤਰ ਦਿਵਸ ਮੌਕੇ ਸਮੂਹ ਸਿੱਖ ਜਥੇਬੰਦੀਆਂ ਅਤੇ ਕਿਸਾਨ ਜਥੇਬੰਦੀਆਂ ਵੱਲੋਂ ਫ਼ਿਰੋਜ਼ਪੁਰ ਸ਼ਹਿਰ ਦੇ ਸ਼ਹੀਦ ਊਧਮ ਸਿੰਘ ਚੌਂਕ ਵਿਖੇ ਰੋਹ ਮੁਜ਼ਾਹਰਾ ਕਰਦਿਆਂ ਸਿਰਾਂ ਤੇ ਕਾਲੀਆਂ ਪੱਟੀਆਂ ਬੰਨ ਕੇ ਸਮੇਂ ਦੇ ਹਾਕਮਾਂ ਨੂੰ ਹਲੂਣਿਆ। ਇਸ ਮੌਕੇ ਰੋਹ ਮੁਜ਼ਾਹਰਾ ਕਰ ਰਹੇ ਜਥੇਬੰਦੀਆਂ ਦੇ ਆਗੂਆਂ ਲਖਵੀਰ ਸਿੰਘ ਸਰਪ੍ਰਸਤ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਪੰਜਾਬ, ਇੰਟਰਨੈਸ਼ਨਲ ਪੰਥਕ ਦਲ ਬਾਬਾ ਸਤਨਾਮ ਸਿੰਘ ਵਲੀਆ, ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਦੇ ਭਾਈ ਜ਼ਸਪਾਲ ਸਿੰਘ, ਕੁਲਦੀਪ ਸਿੰਘ ਨੰਢਾ ਪ੍ਰਧਾਨ ਸ਼ਹਿਰੀ, ਕਲਗੀਧਰ ਅੰਮ੍ਰਿਤ ਸੰਚਾਰ ਜਥਾ ਦੇ ਜਗਤਾਰ ਸਿੰਘ, ਭਾਈ ਬਲਕਾਰ ਸਿੰਘ, ਸੁਖਦੇਵ ਸਿੰਘ, ਸੰਤੋਸ਼ ਸਿੰਘ, ਬਾਬਾ ਦਿਲਬਾਗ ਸਿੰਘ ਦਲ ਪੰਥ ਬਾਬਾ ਬਿਧੀ ਚੰਦ, ਅਕਾਲੀ ਦਲ ਵਾਰਿਸ ਪੰਜਾਬ ਦੇ ਸੁਖਦੇਵ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ 26 ਜਨਵਰੀ ਗਣਤੰਤਰ ਦਿਵਸ ਨੂੰ ਕਾਲੇ ਦਿਨ ਵਜੋਂ ਮਨਾਉਂਦਿਆਂ ਜਥੇਬੰਦੀਆਂ ਦੇ ਆਗੂਆਂ ਵੱਲੋਂ ਹੱਥਾਂ ਵਿਚ ਕਾਲੀਆਂ ਝੰਡੀਆਂ ਫੜ ਕੇ ਸਿਰਾਂ ਤੇ ਕਾਲੀਆਂ ਪਟੀਆਂ ਬੰਨ ਕੇ ਸਰਕਾਰ ਨੂੰ ਜਾਗਣ ਦੀ ਅਪੀਲ ਕੀਤੀ। ਇਸ ਮੌਕੇ ਹੱਥਾਂ ਵਿਚ ਬੈਨਰ ਫੜ ਕੇ ਬੰਦੀ ਸਿੰਘਾਂ ਦੀ ਰਿਹਾਈ ਲਈ, ਗੁਰੂ ਗ੍ਰੰਥ ਸਾਹਿਬ ਦੀਆਂ ਹੋਈਆਂ ਬੇਅਦਬੀਆਂ, ਕਿਸਾਨੀ ਮੰਗਾਂ ਨੂੰ ਮਨਾਉਣ ਲਈ ਰਾਸ਼ਟਰਪਤੀ ਦੇ ਨਾਂ ਤੇ ਪ੍ਰਧਾਨ ਮੰਤਰੀ ਦੇ ਨਾਮ ਅਤੇ ਪ੍ਰਧਾਨ ਮੰਤਰੀ, ਮੁੱਖ ਮੰਤਰੀ ਪੰਜਾਬ ਅਤੇ ਰਾਜਪਾਲ ਪੰਜਾਬ ਨੂੰ ਮੰਗ ਪੱਤਰ ਭੇਜੇ ਗਏ। ਇਸ ਮੌਕੇ ਤੇ ਲਖਵੀਰ ਸਿੰਘ ਮਹਾਲਮ ਸਰਪ੍ਰਸਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ, ਏਕਨੂਰ ਖਾਲਸਾ ਫੌਜ਼ ਜ਼ਿਲ੍ਹਾ ਪ੍ਰਧਾਨ, ਨਾਇਬ ਸਿੰਘ, ਭਾਈ ਮਨੀ ਸਿੰਘ ਸੁਸਾਇਟੀ ਦੇ ਪ੍ਰਧਾਨ, ਜਰਨੈਲ ਸਿੰਘ ਮੁੱਦਕੀ, ਬਾਬਾ ਦਿਲਬਾਗ ਸਿੰਘ, ਭਾਈ ਸੁਖਦੇਵ ਸਿੰਘ, ਸਰਪੰਚ ਸੁਖਦੇਵ ਸਿੰਘ ਮਹਾਲਮ, ਸੁੱਖਾ ਸਿੰਘ ਮਹਾਲਮ, ਜਗਤਾਰ ਸਿੰਘ ਮੈਂਬਰ ਪੰਚਾਇਤ, ਕਸ਼ਮੀਰ ਸਿੰਘ, ਨਿਰਮਲ ਸਿੰਘ, ਸ਼ਹੀਦ ਭਾਈ ਰਸਾਲ ਸਿੰਘ ਦਾ ਬੇਟਾ, ਬਲਕਾਰ ਸਿੰਘ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਆਦਿ ਹਾਜ਼ਰ ਸਨ, ਜਿਨ੍ਹਾਂ ਨੇ ਮੰਗ ਪੱਤਰ ਸੌਂਪੇ।

## ਡਾਕਟਰ ਅਭਿਸ਼ੇਕ ਅਰੋੜਾ ਨੂੰ ਗਣਤੰਤਰ ਦਿਵਸ ਤੇ ਪੰਜਾਬ ਸਰਕਾਰ ਵੱਲੋਂ ਕੀਤਾ ਸਨਮਾਨਿਤ



ਫ਼ਿਰੋਜ਼ਪੁਰ, 27 ਜਨਵਰੀ (ਮਨੋਹਰ ਲਾਲ) :— 76ਵੇਂ ਗਣਤੰਤਰ ਦਿਵਸ ਦੇ ਮੌਕੇ ਤੇ ਫਿਰੋਜ਼ਪੁਰ ਦੇ ਕੈਂਟ ਬੋਰਡ ਸਟੇਡਿਅਮ ਵਿੱਚ ਜ਼ਿਲ੍ਹਾ ਪੱਧਰੀ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਤੇ ਜੇਨੇਸਿਸ ਅਮਨਦੀਪ ਹਸਪਤਾਲ ਦੇ ਫੈਸਿਲਟੀ ਡਾਇਰੈਕਟਰ ਡਾਕਟਰ ਅਭਿਸ਼ੇਕ ਅਰੋੜਾ ਨੂੰ ਪੰਜਾਬ ਸਰਕਾਰ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਸਮਾਰੋਹ ਵਿੱਚ ਪੰਜਾਬ ਦੇ ਊਰਜਾ ਅਤੇ ਲੋਕ ਨਿਰਮਾਣ ਮੰਤਰੀ ਸ। ਹਰਭਜਨ ਸਿੰਘ ਨੇ ਮੁੱਖ ਮਹਿਮਾਨ ਵਜੋਂ ਰਾਸ਼ਟਰੀ ਝੰਡਾ ਲਹਿਰਾਇਆ। ਇਸ ਮੌਕੇ ਤੇ ਕਈ ਪ੍ਰਮੁੱਖ ਹਸਤੀਆਂ ਹਾਜ਼ਰ ਸਨ, ਜਿਨ੍ਹਾਂ ਵਿੱਚ ਫਿਰੋਜ਼ਪੁਰ ਸ਼ਹਿਰੀ ਵਿਧਾਇਕ ਰਣਬੀਰ ਸਿੰਘ ਭੁੱਲਰ, ਫਿਰੋਜ਼ਪੁਰ ਦਿਹਾਤੀ ਵਿਧਾਇਕ ਰਜਨੀਸ਼ ਦਹੀਆ, ਗੁਰੂਹਰਸਹਾਏ ਵਿਧਾਇਕ ਫੌਜਾ ਸਿੰਘ ਸਰਾਰੀ, ਜੀਰਾ ਵਿਧਾਇਕ ਨਰੇਸ਼ ਕਟਾਰੀਆ ਅਤੇ ਜ਼ਿਲ੍ਹਾ ਤੇ ਸੈਸ਼ਨ ਜਜ ਸ੍ਰੀ ਵੀਰੇਂਦਰ ਅਗਰਵਾਲ ਸ਼ਾਮਲ ਸਨ। ਇਸ ਤੋਂ ਇਲਾਵਾ, ਡੀ.ਆਈ.ਜੀ ਫਿਰੋਜ਼ਪੁਰ ਰੇਂਜ ਸ੍ਰੀ ਰਣਜੀਤ ਸਿੰਘ ਢਿੱਲੋਂ, ਐਸ.ਪੀ (ਡੀ) ਸ੍ਰੀ ਰਣਧੀਰ ਕੁਮਾਰ ਅਤੇ ਹੋਰ ਪ੍ਰਸ਼ਾਸਨਿਕ ਅਧਿਕਾਰੀ ਵੀ ਇਸ ਮੌਕੇ ਤੇ ਹਾਜ਼ਰ ਸਨ। ਕੈਬਨਿਟ ਮੰਤਰੀ ਹਰਭਜਨ ਸਿੰਘ ਨੇ ਜੇਨੇਸਿਸ ਅਮਨਦੀਪ ਹਸਪਤਾਲ ਦੇ ਫੈਸਿਲਟੀ ਡਾਇਰੈਕਟਰ ਡਾਕਟਰ ਅਭਿਸ਼ੇਕ ਅਰੋੜਾ ਨੂੰ ਖਾਸ ਤੌਰ ਤੇ ਸਨਮਾਨਿਤ ਕੀਤਾ। ਇਸ ਮੌਕੇ ਤੇ ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਅਤੇ ਐਸ.ਐਸ.ਪੀ ਸੋਮਿਆ ਮਿਸ਼ਰਾ ਵੀ ਵਿਸ਼ੇਸ਼ ਤੌਰ ਤੇ ਮੌਜੂਦ ਸਨ। ਜ਼ਿਕਰਯੋਗ ਹੈ ਕਿ ਡਾਕਟਰ ਅਰੋੜਾ, ਜਿਹੜੇ ਵਰਤਮਾਨ ਵਿੱਚ ਜੇਨੇਸਿਸ ਅਮਨਦੀਪ ਹਸਪਤਾਲ ਦੇ ਫੈਸਿਲਟੀ ਡਾਇਰੈਕਟਰ ਵਜੋਂ ਕੰਮ ਕਰ ਰਹੇ ਹਨ, ਸਿਹਤ ਸੇਵਾਵਾਂ ਦੇ ਖੇਤਰ ਵਿੱਚ ਇੱਕ ਪ੍ਰਮੁੱਖ ਨਾਮ ਹਨ। ਆਪਣੀ ਸੁਰੱਖਿਆਯੋਗ ਅਗਵਾਈ ਅਤੇ ਪ੍ਰਬੰਧਕੀ ਕੌਸ਼ਲ ਲਈ ਪ੍ਰਸਿੱਧ, ਡਾਕਟਰ ਅਰੋੜਾ ਨੇ ਖੇਤਰੀ ਸਿਹਤ ਸੇਵਾਵਾਂ ਨੂੰ ਅਗਾਊ ਅਤੇ ਸੌਖੀਆਂ ਬਣਾਉਣ ਵਿੱਚ ਮਹੱਤਵਪੂਰਨ ਯੋਗਦਾਨ ਦਿੱਤਾ ਹੈ। ਡਾਕਟਰ ਅਰੋੜਾ ਦਾ ਧਿਆਨ ਹਮੇਸ਼ਾ ਉੱਚ ਗੁਣਵੱਤਾ ਵਾਲੀਆਂ ਮੈਡੀਕਲ ਸੇਵਾਵਾਂ ਨੂੰ ਯਕੀਨੀ ਬਣਾਉਣ ਅਤੇ ਮਰੀਜ਼ਾਂ ਦੀਆਂ ਜ਼ਰੂਰਤਾਂ ਨੂੰ ਪਹਿਲ ਦਿੰਦੇ ਰਹਿਣਾ ਹੈ। ਉਨ੍ਹਾਂ ਦੀ ਦੂਰਦਰਸ਼ੀ ਸੋਚ ਅਤੇ ਸੇਵਾ-ਭਾਵਨਾ ਕਰਕੇ ਉਨ੍ਹਾਂ ਨੂੰ ਕਈ ਵਾਰ ਸਨਮਾਨਿਤ ਕੀਤਾ ਗਿਆ ਹੈ। ਹਾਲ ਹੀ ਵਿੱਚ, 76ਵੇਂ ਗਣਤੰਤਰ ਦਿਵਸ ਦੇ ਜ਼ਿਲ੍ਹਾ ਪੱਧਰੀ ਸਮਾਰੋਹ ਵਿੱਚ ਉਨ੍ਹਾਂ ਨੂੰ ਪੰਜਾਬ ਦੇ ਊਰਜਾ ਅਤੇ ਲੋਕ ਨਿਰਮਾਣ ਮੰਤਰੀ ਸ। ਹਰਭਜਨ ਸਿੰਘ ਦੁਆਰਾ ਸਨਮਾਨਿਤ ਕੀਤਾ ਗਿਆ, ਜੋ ਉਨ੍ਹਾਂ ਦੀਆਂ ਸੇਵਾਵਾਂ ਅਤੇ ਸਮਰਪਣ ਦਾ ਪ੍ਰਮਾਣ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਅਮਰ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ

# ਦੂਖ ਨਿਵਾਰਨ ਕੈਂਪ ਲਗਾਇਆ ਗਿਆ



ਜੰਡਿਆਲਾ ਗੁਰੂ 27 ਜਨਵਰੀ ( ਕੁਲਵੰਤ ਸਿੰਘ ਵਿਰਦੀ) ਅਮਰ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਜੀ ਦੇ ਜਨਮ ਦਿਹਾੜਾ ਗੁਰੂ ਨਾਨਕ ਲੇਵਾ ਸਮੂਹ ਸੰਗਤਾਂ ਵੱਲੋਂ ਬੜੀ ਸ਼ਰਧਾ ਭਾਵਨਾ ਤੇ ਪਿਆਰ ਨਾਲ ਮਨਾਇਆ ਜਾ ਰਿਹਾ ਹੈ ਜਿਸ ਦੇ ਚੱਲਦਿਆਂ ਪਿੰਡ ਰਾਣਾ ਕਾਲਾ ਵਿਖੇ ਭਾਈ ਬਿਕਰਮਜੀਤ ਸਿੰਘ ਨਰੈਣਗੜ੍ਹ ਜੀ ਦੇ ਸਹਿਯੋਗ ਸਦਕਾ ਪਿੰਡ ਪਿੰਡ ਸੰਗਤਾਂ ਦੇ ਘਰ ਸਰਬੱਤ ਦੇ ਭਲੇ ਲਈ ਅਤੇ ਅਮਰ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਦੂਖ ਨਿਵਾਰਨ ਕੈਂਪ ਲਗਾਇਆ ਗਿਆ ਇਸ ਮੌਕੇ ਗੱਲਬਾਤ ਦੌਰਾਨ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਨੇ ਦੱਸਿਆ ਕਿ ਦੂਖ ਨਿਵਾਰਨ ਕੈਂਪ ਹਰ ਰੋਜ਼ ਸ਼ਾਮ ਨੂੰ 7 ਵਜੇ ਤੋਂ ਲੈਕੇ 9 ਵਜ਼ੇ ਤੱਕ ਨਿਸ਼ਕਾਮ ਭੇਟਾ ਰਹਿਤ ਲਗਾਇਆ ਜਾਂਦਾ ਹੈ ਅਤੇ ਅੱਜ ਧੰਨ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਇਹ ਕੈਂਪ ਲਗਾਇਆ ਗਿਆ ਹੈ ਇਸ ਮੌਕੇ ਸੰਗਤ ਰੂਪ ਵਿੱਚ ਧੁਰ ਕੀ ਬਾਣੀ ਇਲਾਹੀ ਬਾਣੀ ਦਾ ਸ਼ਬਦ ਰੂਪ ਵਿੱਚ ਗਾਇਨ ਕੀਤਾ ਜਾਂਦਾ ਹੈ ਅਤੇ ਸਮਾਪਤੀ ਮੌਕੇ ਸ੍ਰੀ ਆਨੰਦ ਸਾਹਿਬ ਜੀ ਦੇ ਪਾਠ ਕਰਕੇ ਉਪਰੰਤ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਾਈ ਜਾਂਦੀ ਹੈ ਅਤੇ ਆਈਆਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਲੰਗਰ ਛਕਾਏ ਜਾਂਦੇ ਹਨ ਅੱਗੇ ਬਾਬਾ ਬਿਬੇਕ ਸਿੰਘ ਜੀ ਨੇ ਕਿਹਾ ਕਿ ਅਸਲ ਵਿੱਚ ਗੁਰਬਾਣੀ ਗਾਇਨ ਕਰਨ ਨਾਲ ਸਾਡੀ ਸੂਰਤ ਇਕਾਗਰ ਹੁੰਦੀ ਹੈ ਅਤੇ ਸ਼ਰਵਨ ਕੀਤੀ ਗਈ ਗੁਰਬਾਣੀ ਦਾ ਫ਼ਲ ਸਾਨੂੰ ਪ੍ਰਾਪਤ ਹੁੰਦਾ ਹੈ ਇਸ ਦਾ ਮੇਨ ਮਨੋਰਥ ਸੰਗਤਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ੍ਹ ਲਗਾ ਕੇ ਬਾਣੀ ਬਾਣੇ ਦੇ ਧਾਰਨੀ ਬਣਾਉਣਾ ਹੈ ਅਤੇ ਇਸ ਨਾਲ ਅਸੀਂ ਵੀ ਆਪਣੇ ਆਪ ਨੂੰ ਵਡਭਾਗੇ ਸਮਝਦੇ ਹਾਂ ਕਿ ਗੁਰੂ ਸਾਹਿਬ ਜੀ ਨੇ ਤਰਸ ਕਰਕੇ ਇਹ ਸੇਵਾ ਸਾਡੀ ਝੋਲੀ ਵਿੱਚ ਪਾਈ ਹੈ ਅੱਗੇ ਬਾਬਾ ਬਿਬੇਕ ਸਿੰਘ ਜੀ ਨੇ ਕਿਹਾ ਕਿ ਅੱਜ ਉਨ੍ਹਾਂ ਬੱਚਿਆਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ ਹੈ ਜਿਨ੍ਹਾਂ ਬੱਚਿਆਂ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਕੇਸਾਂ ਦੀ ਮੋਹਰ ਦੀ ਸੰਭਾਲ ਕੀਤੀ ਹੋਈ ਹੈ ਅਤੇ ਸਿਰਾਂ ਉਪਰ ਦਸਤਾਰਾਂ ਸਜਾਈਆਂ ਹੋਈਆਂ ਸਨ ਜਿਸ ਵਿੱਚ ਉਨ੍ਹਾਂ ਬੱਚਿਆਂ ਨੂੰ ਕੁਝ ਕੁ ਮਾਇਆ ਅਤੇ ਗੁਰੂ ਸਾਹਿਬ ਜੀ ਦੇ ਸਿਰਪਾਓ ਦੀ ਬਖਸ਼ਿਸ਼ ਭੇਟ ਕੀਤੇ ਗਏ ਹਨ ਕਿਉਂਕਿ ਇਨ੍ਹਾਂ ਬੱਚਿਆਂ ਵੱਲੋਂ ਦੂਖ ਨਿਵਾਰਨ ਵਿੱਚ ਹਾਜ਼ਰੀਆਂ ਭਰੀਆਂ ਗਈਆਂ ਹਨ ਅੱਗੇ ਬਾਬਾ ਬਿਬੇਕ ਸਿੰਘ ਜੀ ਨੇ ਬੱਚਿਆਂ ਦੀਆਂ ਮਾਵਾਂ ਦੀ ਸ਼ਲਾਘਾ ਕਰਦਿਆਂ ਹੋਇਆਂ ਕਿਹਾ ਕਿ ਗੁਰੂ ਸਾਹਿਬ ਜੀ ਦੀ ਬੜੀ ਅਪਾਰ ਕਿਰਪਾ ਹੈ ਜੋ ਮਾਵਾਂ ਆਪਣੇ ਬੱਚਿਆਂ ਦੇ ਕੇਸਾਂ ਦੀ ਸੰਭਾਲ ਕਰਦੀਆਂ ਹਨ ਵਧਾਈ ਦੀਆਂ ਪਾਤਰ ਹਨ ਅੱਗੇ ਬਾਬਾ ਬਿਬੇਕ ਸਿੰਘ ਜੀ ਨੇ ਅਮਰ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਦੀਆਂ ਦੇਸ਼ ਵਿਦੇਸ਼ ਵਿੱਚ ਵੱਸਦੀਆਂ ਸਮੂਹ ਸੰਗਤਾਂ ਨੂੰ ਵਧਾਈਆਂ ਦਿੱਤੀਆਂ।

**ਦਸਤਾਰਾਂ ਸਜਾਉਣ ਵਾਲੇ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ-ਬਾਬਾ ਬਿਬੇਕ ਸਿੰਘ**

ਅਕਾਲੀ ਦਲ "ਵਾਰਿਸ ਪੰਜਾਬ ਦੇ" ਵੱਲੋਂ ਜਿਲਾ ਅੰਮ੍ਰਿਤਸਰ ਦੇ ਸ਼ਹਿਰੀ ਤੇ ਦਿਹਾਤੀ ਦੀਆਂ

# ਕਾਰਜਕਾਰਨੀ ਕਮੇਟੀਆਂ ਦਾ ਐਲਾਨ





**ਅੰਮ੍ਰਿਤਸਰ 27 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਅੱਜ ਅਕਾਲੀ ਦਲ ( ਵਾਰਿਸ ਪੰਜਾਬ ਦੇ ) ਵੱਲੋਂ ਪਾਰਟੀ ਦੇ ਮੁੱਖ ਸੇਵਾਦਾਰ ਅਤੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਨੇ ਪਿੰਡ ਜੱਲੂਪੁਰ ਖੈੜੇ ਵਿਖੇ ਪ੍ਰੈਸ ਕਾਨਫਰੰਸ ਦੌਰਾਨ ਪਾਰਟੀ ਦੇ ਢਾਂਚੇ ਦੇ ਵਿਸਥਾਰ ਦਾ ਐਲਾਨ ਕੀਤਾ। ਇਸ ਮੌਕੇ ਸੀਨੀਅਰ ਲੀਡਰਸ਼ਿਪ ਵਿੱਚੋਂ ਬਾਪੂ ਤਰਸੇਮ ਸਿੰਘ ਜੀ ਤੋਂ ਇਲਾਵਾ ਭਾਈ ਪਰਮਜੀਤ ਸਿੰਘ ਜੌਹਲ, ਭਾਈ ਪ੍ਰਗਟ ਸਿੰਘ ਜੀ, ਭਾਈ ਸੁਖਚੈਨ ਸਿੰਘ ਜੀ, ਬਾਬਾ ਬਿਬੇਕ ਸਿੰਘ ਜੀ ਜੰਡਿਆਲਾ ਗੁਰੂ, ਭਾਈ ਅਮਨਦੀਪ ਸਿੰਘ ਡੱਡੂਆਣਾਂ, ਸਰਪੰਚ ਸਰਪ੍ਰੀਤ ਸਿੰਘ ਢਪੱਈਆਂ, ਭਾਈ ਪਲਵਿੰਦਰ ਸਿੰਘ ਜੀ, ਭਾਈ ਅਮਰਿੰਦਰ ਸਿੰਘ ਜੀ, ਭਾਈ ਹਰੀ ਸਿੰਘ ਜੀ, ਭਾਈ ਦਯਾ ਸਿੰਘ ਜੀ, ਭਾਈ ਗੁਰਜੀਤ ਸਿੰਘ ਜੀ ਕੋਹਾਲੀ, ਭਾਈ ਬਚਿੱਤਰ ਸਿੰਘ ਤਰਸਿੱਕਾ, ਭਾਈ ਜਤਿੰਦਰ ਸਿੰਘ ਮਹਿਤਾ, ਭਾਈ ਸੌਦਾਗਰ ਸਿੰਘ ਜੀ, ਭਾਈ ਗਗਨਦੀਪ ਸਿੰਘ ਬੁੱਟਰ ਅਤੇ ਭਾਈ ਕੰਵਲਜੀਤ ਸਿੰਘ ਮਨੀ ਵੀ ਮੌਜੂਦ ਸਨ। ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਕੇ ਅਰਦਾਸ ਉਪਰੰਤ ਇਸ ਮੌਕੇ ਤੇ ਬਾਪੂ ਤਰਸੇਮ ਸਿੰਘ ਜੀ ਨੇ ਪ੍ਰੈਸ ਨੂੰ ਸੰਬੋਧਨ ਕਰਦਿਆਂ ਹੋਇਆਂ ਕਿਹਾ ਅੱਜ ਪਾਰਟੀ ਵੱਲੋਂ ਅੰਮ੍ਰਿਤਸਰ ਸ਼ਹਿਰੀ ਦੀ ਪੰਜ ਮੈਂਬਰੀ ਕਾਰਜਕਾਰਨੀ ਕਮੇਟੀ ਅਤੇ ਅੰਮ੍ਰਿਤਸਰ ਦਿਹਾਤੀ ਵਿੱਚ ਪੈਂਦੇ ਚਾਰ ਵਿਧਾਨ ਸਭਾ ਹਲਕਿਆਂ ਕਮੇਟੀਆਂ ਦੇ ਮੁੱਖ ਸੇਵਾਦਾਰਾਂ ਦਾ ਐਲਾਨ ਕੀਤਾ ਜਾ ਰਿਹਾ ਹੈ ਜਿੰਨਾਂ ਵਿੱਚੋਂ ਹਲਕਾ ਰਾਜਾਸਾਂਸੀ ਸੀਨੀਅਰ ਲੀਡਰਸ਼ਿਪ ਦੇ ਵਿਚਾਰ ਅਧੀਨ ਹਨ ਅਤੇ ਉਹਨਾਂ ਦੇ ਨਾਮ ਬਾਅਦ ਵਿੱਚ ਐਲਾਨੇ ਜਾਣਗੇ। ਇਹ ਕਮੇਟੀਆਂ ਪਾਰਟੀ ਦੇ ਪ੍ਰਬੰਧ ਨੂੰ ਮਜ਼ਬੂਤ ਕਰਨ, ਲੋਕਾਂ ਨਾਲ ਨਜ਼ਦੀਕੀ ਸੰਪਰਕ ਬਣਾਉਣ, ਅਤੇ ਪਾਰਟੀ ਦੇ ਉਦੇਸ਼ ਨੂੰ ਘਰ-ਘਰ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ। ਇਹਨਾਂ ਕਮੇਟੀਆਂ ਵਿੱਚ ਸ਼ਾਮਲ ਮੈਂਬਰਾਂ ਦੇ ਨਾਮ ਇਸ ਪ੍ਰਕਾਰ ਹਨ, ਅੰਮ੍ਰਿਤਸਰ ਸ਼ਹਿਰੀ ਦੇ ਅਬਜ਼ਰਵਰ ਭਾਈ ਅਮਨਦੀਪ ਸਿੰਘ ਜੀ ਡੱਡੂਆਣਾਂ ਤੇ ਪੰਜ ਮੈਂਬਰੀ ਕਾਰਜਕਾਰਨੀ ਕਮੇਟੀ ਵਿੱਚ ਭਾਈ ਸ਼ਮਸ਼ੇਰ ਸਿੰਘ ਜੀ ਪੱਧਰੀ, ਭਾਈ ਭੁਪਿੰਦਰ ਸਿੰਘ ਜੀ ਗੱਦਲੀ, ਭਾਈ ਹਰਜੀਤ ਸਿੰਘ ਜੀ ਪੁਰੇਵਾਲ, ਭਾਈ ਪਰਵਿੰਦਰ ਸਿੰਘ ਜੀ ਅਤੇ ਭਾਈ ਕੁਲਬੀਰ ਸਿੰਘ ਜੀ ਗੰਡੀਵਿੰਡ ਅਤੇ ਅੰਮ੍ਰਿਤਸਰ ਦਿਹਾਤੀ ਤੋਂ ਅਬਜ਼ਰਵਰ ਭਾਈ ਗੁਰਲਾਲ ਸਿੰਘ ਜੀ ਸਖ਼ੀਰਾ ਅਤੇ ਕਾਰਜਕਾਰਨੀ ਕਮੇਟੀ ਵਿੱਚ ਹਲਕਾ ਜੰਡਿਆਲਾ ਤੋਂ ਭਾਈ ਗੁਰਪ੍ਰੀਤ ਸਿੰਘ ਜੀ ਢਪੱਈਆਂ, ਬਾਬਾ ਬਕਾਲਾ ਤੋਂ ਭਾਈ ਸਰਬਜੀਤ ਸਿੰਘ ਜੀ ਖ਼ਾਨਪੁਰ, ਅਜਨਾਲਾ ਤੋਂ ਭਾਈ ਸੁਰਿੰਦਰਪਾਲ ਸਿੰਘ ਜੀ ਤਾਲਿਬਪੁਰਾ ਅਤੇ ਮਜੀਠਾ ਤੋਂ ਭਾਈ ਨਾਥਵਿੰਦਰ ਸਿੰਘ ਜੀ ਫੌਜੀ ਅਤੇ ਅਟਾਰੀ ਤੋਂ ਬਾਬਾ ਬਿਬੇਕ ਸਿੰਘ ਜੀ ਮੁੱਖ ਸੇਵਾਦਾਰ ਹੋਣਗੇ। ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਇਹ ਕਮੇਟੀਆਂ ਪਾਰਟੀ ਦੀਆਂ ਨੀਤੀਆਂ ਦੇ ਪ੍ਰਚਾਰ ਅਤੇ ਪ੍ਰਸਾਰ ਦਾ ਕੰਮ ਕਰਨ ਦੇ ਨਾਲ ਨਾਲ ਭਰਤੀ ਮੁਹਿੰਮ ਨੂੰ ਵੀ ਅੱਗੇ ਵਧਾਉਣਗੀਆਂ। ਹਲਕਿਆਂ ਵਿੱਚ ਪਾਰਟੀ ਦੇ ਮੈਂਬਰਾਂ ਦੀ ਭਰਤੀ, ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਜ਼ਮੀਨੀ ਪੱਧਰ 'ਤੇ ਕੰਮ ਕਰਨਾ, ਅਤੇ ਹਲਕਿਆਂ ਵਿੱਚ ਪਾਰਟੀ ਸਰਗਰਮੀਆਂ ਵਿੱਚ ਤੇਜੀ ਲਿਆਉਣਾ ਇਨ੍ਹਾਂ ਕਮੇਟੀਆਂ ਦਾ ਪ੍ਰਮੁੱਖ ਕਾਰਜ ਹੋਵੇਗਾ। ਇਹ ਕਮੇਟੀਆਂ ਪੰਥਕ ਸਿਧਾਂਤਾਂ ਤੇ ਚਲਦਿਆਂ, ਸਰਬੱਤ ਦੇ ਭਲੇ ਦੇ ਉਦੇਸ਼ ਨਾਲ ਹਰ ਵਰਗ ਨੂੰ ਆਪਣੇ ਨਾਲ ਸ਼ਾਮਿਲ ਕਰਦੇ ਹੋਏ ਸਮਾਜਿਕ ਨਿਆਂ ਅਤੇ ਭਾਈਚਾਰੇ ਦੀ ਮੁਹਿੰਮ ਨੂੰ ਅੱਗੇ ਵਧਾਉਣਗੀਆਂ। ਪਾਰਟੀ ਦਾ ਮੁੱਖ ਟੀਚਾ ਹਰ ਵਰਗ ਦੇ ਹੱਕਾਂ ਦੀ ਰੱਖਿਆ ਕਰਨਾਂ ਅਤੇ ਪੰਜਾਬ ਦੇ ਸੁਹਾਵਣੇ ਭਵਿੱਖ ਲਈ ਨਵੀਂ ਉਮੀਦ ਜਗਾਉਣਾ ਹੈ। ਸੀਨੀਅਰ ਲੀਡਰਸ਼ਿਪ ਨੇ ਕਮੇਟੀ ਮੈਂਬਰਾਂ ਨੂੰ ਆਪਣੀ ਜ਼ਿੰਮੇਵਾਰੀ ਇਮਾਨਦਾਰੀ, ਨਿਸ਼ਠਾ ਅਤੇ ਸੇਵਾ ਦੇ ਜਜ਼ਬੇ ਨਾਲ ਨਿਭਾਉਣ ਦੀ ਅਪੀਲ ਕੀਤੀ ਹੈ। ਇਹ ਕਮੇਟੀਆਂ ਪਾਰਟੀ ਦੇ ਵਿਸਥਾਰ ਅਤੇ ਮਿਸ਼ਨ ਨੂੰ ਅੱਗੇ ਵਧਾਉਣ ਵਿੱਚ ਕੇਂਦਰੀ ਭੂਮਿਕਾ ਨਿਭਾਉਣਗੀਆਂ।

## ਸੱਤਿਆ ਐਲੀਮੈਂਟਰੀ ਸਕੂਲ ਚੰਨਣਕੇ ਵਿਖੇ ਗਣਤੰਤਰ ਦਿਵਸ ਮਨਾਇਆ ਗਿਆ



**ਚੌਂਕ ਮਹਿਤਾ, 27 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਸੱਤਿਆ ਐਲੀਮੈਂਟਰੀ ਸਕੂਲ ਚੰਨਣਕੇ ਦੇ ਮੁੱਖ ਅਧਿਆਪਕਾਂ ਸ੍ਰੀ ਮਤੀ ਮੈਡਮ,ਨਵਨੀਤ ਕੌਰ ਦੀ ਅਗਵਾਈ ਹੇਠ ਗਣਤੰਤਰ ਦਿਵਸ ਮਨਾਇਆ ਗਿਆ। ਜਿਸ ਵਿੱਚ ਸਕੂਲ ਦੀ ਮੁੱਖ ਅਧਿਆਪਕਾਂ ਸ੍ਰੀ ਮਤੀ ਮੈਡਮ ਨਵਨੀਤ ਕੌਰ ਨੇ ਬੱਚਿਆਂ ਨੂੰ ਗਣਤੰਤਰ ਦਿਵਸ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਤੇ ਸਕੂਲ ਦੇ ਬੱਚਿਆਂ ਨੇ ਰੰਗਾਂ ਰੰਗ ਪ੍ਰੋਗਰਾਮ ਪੇਸ ਕੀਤਾ ਗਿਆ। ਅਤੇ ਬੱਚਿਆਂ ਵੱਲੋਂ ਗਣਤੰਤਰ ਦਿਵਸ ਮੌਕੇ ਤੇ ਝਾਕੀਆਂ ਵੀ ਕੱਢੀਆਂ ਗਈਆਂ। ਇਸ ਮੌਕੇ ਤੇ ਥਾਣਾ ਚੌਂਕ ਮਹਿਤਾ ਦੀ ਪੁਲਿਸ ਦੀ ਕਾਂਸਟੇਵਲ ਸ੍ਰੀ ਮਤੀ ਪ੍ਰਭਜੋਤ ਕੌਰ ਨੇ ਬੱਚਿਆਂ ਨੂੰ ਗਣਤੰਤਰ ਦਿਵਸ ਮੌਕੇ ਤੇ ਸੰਬੋਧਨ ਕਰਦਿਆਂ ਹੋਇਆਂ ਕਿਹਾ ਕਿ ਸਾਨੂੰ ਦੇਸ ਦੀ ਰਾਖੀ ਲਈ ਦਿਨ ਰਾਤ ਇੱਕ ਕਰ ਦੇਣਾ ਚਾਹੀਦਾ ਹੈ। ਕੋਈ ਵੀ ਦੇਸ ਵਿਰੋਧੀ ਅਨਸਰਾਂ ਸਿਰ ਨਹੀ ਚੁਕਣ ਦੇਣਾ ਚਾਹੀਦਾ ਹੈ। ਸਕੂਲ ਦੀ ਮੁੱਖ ਅਧਿਆਪਕਾਂ ਵੱਲੋਂ ਸ੍ਰੀ ਮਤੀ ਪ੍ਰਭਜੋਤ ਕੌਰ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਸਰਪੰਚ ਸ, ਕੁਲਵਿੰਦਰ ਸਿੰਘ ਮਿੱਠਾ, ਸਾਬਕਾ ਸਰਪੰਚ ਦਵਿੰਦਰ ਸਿੰਘ ਰੰਧਾਵਾ ਨਵਾਂ ਚੰਨਣਕੇ, ਸਾਬਕਾ ਸਰਪੰਚ ਪ੍ਰਗਟ ਸਿੰਘ, ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ, ਬੂਟਾ ਸਿੰਘ ਜਲਾਲ, ਸ੍ਰੀ ਮਤੀ ਮੈਡਮ ਨਵਨੀਤ ਕੌਰ, ਮੈਡਮ ਗੁਰਮੀਤ ਕੌਰ, ਮੈਡਮ, ਸੰਦੀਪ ਕੌਰ, ਮੈਡਮ ਲਵਦੀਪ ਕੌਰ, ਮੈਡਮ ਸੁਖਬੀਰ ਕੌਰ, ਮੈਡਮ ਅਮਨਦੀਪ ਕੌਰ, ਮੈਡਮ ਸਹਿਜਦੀਪ ਕੌਰ, ਮੈਡਮ ਪਰਦੀਪ ਕੌਰ ਆਦਿ ਹਾਜ਼ਰ ਸਨ

## ਡਾ. ਭੀਮ ਰਾਓ ਅੰਬੇਡਕਰ ਸਾਹਿਬ ਦੇ ਬੁੱਤ ਨਾਲ ਸੇੜ ਸਾੜ ਕਰਨ ਵਾਲੇ ਨੂੰ ਸਖਤ ਸਜ਼ਾ ਦਿੱਤੀ ਜਾਵੇ: ਡਾ. ਜਗਜੀਵਨ ਸਿੰਘ ਸ਼ੇਰਪੁਰ



ਸੇਰਪੁਰ ( ਰਣਜੀਤ ਸਿੰਘ ਪੇਧਨੀ ) ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਬਾਵਾ ਸਾਹਿਬ ਦੇ ਬੁੱਤ ਦੇ ਨਾਲ ਸੇੜ ਸਾੜ ਕਰਨਾ ਅਤੀ ਨਿੰਦਣ ਯੋਗ ਹੈ। ਅਸੀਂ ਬਹੁਜਨ ਸਮਾਜ ਪਾਰਟੀ ਵੱਲੋਂ ਇਸ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦੇ ਹਾਂ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਬਹੁਜਨ ਸਮਾਜ ਪਾਰਟੀ ਬਰਨਾਲਾ ਦੇ ਇੰਨਚਾਰਜ ਸਮਾਜ ਸੇਵੀ ਡਾਕਟਰ ਜਗਜੀਵਨ ਸਿੰਘ ਸ਼ੇਰਪੁਰ ਨੇ ਕੀਤਾ। ਉਹਨਾਂ ਕਿਹਾ ਕਿ 26 ਜਨਵਰੀ ਵਾਲੇ ਦਿਨ ਸਰਕਾਰਾਂ ਦੀਆਂ ਨਲਾਇਕੀਆਂ ਕਾਰਨ ਇਸ ਤਰ੍ਹਾਂ ਦੀ ਘਟਨਾ ਦਾ ਵਾਪਰਨਾ ਸਮੁੱਚੇ ਡਾਕਟਰ ਭੀਮ ਰਾਓ ਅੰਬੇਡਕਰ ਸਾਹਿਬ ਨੂੰ ਪਿਆਰ ਕਰਨ ਵਾਲਿਆਂ ਦੇ ਮਨਾਂ ਵਿੱਚ ਡੂੰਘੀ ਸੱਟ ਵੱਜੀ ਹੈ ਉਹਨਾਂ ਕਿਹਾ ਕਿ ਜੇਕਰ ਸਰਕਾਰਾਂ ਇਸ ਤਰ੍ਹਾਂ ਦੇ ਵਿਅਕਤੀਆਂ ਨੂੰ ਪਹਿਲਾਂ ਤੋਂ ਹੀ ਲਗਾਮ ਦੇ ਕੇ ਰੱਖਣ ਤਾਂ ਇਸ ਤਰ੍ਹਾਂ ਦੀਆਂ ਘਟਨਾਵਾਂ ਪੰਜਾਬ ਵਿੱਚ ਨਾ ਵਾਪਰਨ । ਉਨਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਘਟਨਾ ਨੂੰ ਅੰਜਾਮ ਦੇਣ ਵਾਲੇ ਵਿਅਕਤੀ ਨੂੰ ਫਾਂਸੀ ਦੀ ਸਜ਼ਾ ਦਿੱਤੀ ਜਾਵੇ ਤਾਂ ਜੋ ਕੋਈ ਹੋਰ ਇਸ ਤਰ੍ਹਾਂ ਦੀ ਘਿਨਾਉਣੀ ਹਰਕਤ ਨਾ ਕਰ ਸਕੇ। ਜੇਕਰ ਸਰਕਾਰ ਨੇ ਇਸ ਮਸਲੇ ਨੂੰ ਗੰਭੀਰਤਾ ਨਾਲ ਨਾ ਲਿਆ ਤਾਂ ਆਉਣ ਵਾਲੇ ਸਮੇਂ ਵਿੱਚ ਡਾਕਟਰ ਭੀਮ ਰਾਓ ਅੰਬੇਦਕਰ ਸਾਹਿਬ ਨੂੰ ਪਿਆਰ ਕਰਨ ਵਾਲੇ ਲੋਕ ਸੜਕਾਂ ਤੇ ਆਉਣ ਲਈ ਮਜਬੂਰ ਹੋਣਗੇ ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਦੀ ਹੋਵੇਗੀ।

## ਗੁਰੂ ਕਾਸ਼ੀ ਯੂਨੀਵਰਸਿਟੀ ਨੇ ਚਾਵਾਂ ਮਲ੍ਹਾਰਾਂ ਨਾਲ ਮਨਾਇਆ "ਗਣਤੰਤਰ ਦਿਵਸ"



**ਤਲਵੰਡੀ ਸਾਬੋ, 27 ਜਨਵਰੀ(ਗੁਰਜੰਟ ਸਿੰਘ ਨਥੇਹਾ)**- ਭਾਰਤ ਦਾ 76ਵਾਂ ਗਣਤੰਤਰ ਦਿਵਸ ਗੁਰੂ ਕਾਸ਼ੀ ਯੂਨੀਵਰਸਿਟੀ ਨੇ ਬੜੇ ਚਾਵਾਂ ਮਲ੍ਹਾਰਾਂ ਨਾਲ ਮਨਾਇਆ। ਇਸ ਮੌਕੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਮੁੱਖ ਮਹਿਮਾਨ ਪ੍ਰੋ.(ਡਾ.) ਪੀਯੂਸ਼ ਵਰਮਾ ਕਾਰਜਕਾਰੀ ਉਪ ਕੁਲਪਤੀ ਨੇ ਅਦਾ ਕੀਤੀ। ਸਮਾਰੋਹ ਵਿੱਚ ਵੱਖ-ਵੱਖ ਫੈਕਲਟੀਆਂ ਦੇ ਡੀਨ, ਅਧਿਕਾਰੀ, ਸਟਾਫ ਅਤੇ ਵਿਦਿਆਰਥੀ ਹਾਜ਼ਰ ਹੋਏ। ਮੁੱਖ ਮਹਿਮਾਨ ਡਾ. ਵਰਮਾ ਨੇ ਦੇਸ਼ ਭਗਤਾਂ ਦੀ ਕੁਰਬਾਨੀ ਨੂੰ ਸਿਜਦਾ ਕਰਦੇ ਹੋਏ ਕਿਹਾ ਕਿ ਪੰਜਾਬ ਗੁਰੂਆਂ ਪੀਰਾਂ ਦੀ ਧਰਤੀ ਹੈ। ਸਾਨੂੰ ਉਨ੍ਹਾਂ ਦੀ ਕੁਰਬਾਨੀ ਨੂੰ ਨਮਨ ਕਰਦੇ ਹੋਏ ਉਨ੍ਹਾਂ ਵੱਲੋਂ ਵਿਖਾਏ ਰਸਤੇ ਤੇ ਚਲਣਾ ਚਾਹੀਦਾ ਹੈ। ਉਨ੍ਹਾਂ ਸਾਰਿਆਂ ਨੂੰ ਆਪਣੇ ਕਰਤੱਵਾਂ ਦਾ ਪਾਲਣ ਕਰਕੇ ਦੇਸ਼ ਦੇ ਵਿਕਾਸ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਵਿਸ਼ੇਸ਼ ਤੌਰ ਤੇ ਨੌਜਵਾਨਾਂ ਨੂੰ ਆਪਣੀ ਊਰਜਾ ਤੇ ਕੌਸ਼ਲ ਨੂੰ ਦੇਸ਼ ਦੇ ਨਿਰਮਾਣ ਵਿੱਚ ਲਗਾਉਣ ਦੀ ਅਪੀਲ ਕੀਤੀ। ਇਸ ਮੌਕੇ ਐਨ.ਸੀ.ਸੀ. ਕੈਡਿਟਾਂ ਵੱਲੋਂ ਕਦਮਤਾਲ ਵਿੱਚ ਕੀਤਾ ਗਿਆ ਮਾਰਚ ਪਾਸਟ ਸਭਨਾਂ ਦੀ ਖਿੱਚ ਦਾ ਕੇਂਦਰ ਸੀ। ਵਿਦਿਆਰਥੀਆਂ ਵੱਲੋਂ ਦੇਸ਼ ਭਗਤਾਂ ਦੇ ਗੀਤਾਂ ਤੇ ਆਧਾਰਿਤ ਪੇਸ਼ ਕੀਤੇ ਗਏ ਸੱਭਿਆਚਾਰਕ ਪ੍ਰੋਗਰਾਮ ਨੇ ਦਰਸ਼ਕਾਂ ਨੂੰ ਕੀਲ ਕੇ ਰੱਖ ਦਿੱਤਾ। ਨਿਵੇਕਲੇ ਅੰਦਾਜ਼ ਵਿੱਚ ਮਨਪ੍ਰੀਤ ਕੌਰ ਬਰਾੜ ਦਾ ਮੰਚ ਸੰਚਾਲਨ ਸ਼ਲਾਘਾਯੋਗ ਸੀ। ਇਸ ਮੌਕੇ ਸਰਦੂਲ ਸਿੰਘ ਸਿੱਧੂ ਡਾਇਰੈਕਟਰ ਵਿਦਿਆਰਥੀ ਭਲਾਈ ਨੇ ਸਭਨਾਂ ਦਾ ਧੰਨਵਾਦ ਕਰਦੇ ਹੋਏ ਨੌਜਵਾਨ ਪੀੜੀ ਨੂੰ ਤਕਨੀਕੀ ਖੇਤਰ ਵਿੱਚ ਖੋਜ ਕਾਰਜ ਕਰਕੇ ਨਿੱਘਰ ਸਮਾਜ ਦੇ ਨਿਰਮਾਣ ਲਈ ਕਿਹਾ। ਆਯੋਜਕਾਂ ਵੱਲੋਂ ਸਮਾਰੋਹ ਦੀ ਸਮਾਪਤੀ ਤੇ ਸਭਨਾਂ ਨੂੰ ਲੱਡੂ ਵੰਡੇ ਗਏ।



ਜਉ ਤਉ ਪ੍ਰੇਮ ਖੇਲਣ ਕਾ ਚਾਉ ॥ ਸਿਰੁ ਧਰਿ ਤਲੀ ਗਲੀ ਮੇਰੀ ਆਉ ॥
ਇਤੁ ਮਾਰਗਿ ਪੈਰੁ ਧਰੀਜੈ ॥ ਸਿਰੁ ਦੀਜੈ ਕਾਣਿ ਨ ਕੀਜੈ ॥



ਕਲਮ ਅਤੇ ਖੰਡੇ ਦੇ ਧਨੀ ਬੁੱਢੇ ਜਰਨੈਲ, ਬ੍ਰਹਮ ਗਿਆਨੀ

# ਸ਼ਹੀਦ ਬਾਬਾ ਦੀਪ ਸਿੰਘ ਜੀ

## ਦੇ ਜਨਮ ਦਿਹਾੜੇ ਦੀਆਂ ਲੱਖ ਲੱਖ ਵਧਾਈਆਂ

ਵਾਹਿਗੁਰੂ ਜੀ ਆਪ ਸਭ ਦੇ ਜੀਵਨ ਵਿਚ ਨਾਮ ਬਾਣੀ ਅਤੇ ਖੁਸ਼ੀਆਂ ਦਾ ਪ੍ਰਕਾਸ਼ ਕਰਨ

-WWW.DHANSIKHI.COM-




--★ ਵੱਲੋਂ ★--

# ਸੰਤ ਸਮਾਜ (ਮਾਝਾ)

## ਜਾਰੀ ਕਰਤਾ :

## ਬਾਬਾ ਸੁਖਵੰਤ ਸਿੰਘ ਚੰਨਣਕੇ (ਚੌਕ ਮਹਿਤਾ)

# ਧੰਨ ਧੰਨ ਅਮਰ ਅਨੋਖੇ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਪਵਿੱਤਰ ਪਾਵਨ ਦਿਹਾੜੇ ਦੀਆਂ ਸਮੂਹ ਦੇਸਾ ਵਿਦੇਸਾਂ ਦੀਆਂ ਸੰਗਤਾਂ ਨੂੰ ਲੱਖ ਲੱਖ ਵਧਾਈਆਂ ਹੋਣ ਜੀ








--✶ ਵੱਲੋਂ ✶--

# ਸੰਤ ਸਮਾਜ ( ਮਾਝਾ )



ਜਾਰੀ ਕਰਤਾ :

## ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ

ਆਵਾਜ਼ਿ ਕੌਮ AWAZE QAUM
International Newspaper & WEB TV

### ਕੈਨੇਡੀਅਨ ਸਿੱਖਾਂ ਨੇ 26 ਜਨਵਰੀ ਨੂੰ ਮਨਾਇਆ ਕਾਲਾ ਦਿਨ, ਕੀਤੇ ਰੋਸ ਮੁਜਾਹਿਰੇ

# ਭਾਰਤੀ ਸੰਵਿਧਾਨ ਨੇ ਹਮੇਸ਼ਾ ਸਿੱਖਾਂ ਨੂੰ ਦਬਾਇਆ ਅਤੇ ਕੁਚਲਿਆ

**ਨਵੀਂ ਦਿੱਲੀ 27 ਜਨਵਰੀ (ਮਨਪ੍ਰੀਤ ਸਿੰਘ ਖਾਲਸਾ)**:- 26 ਜਨਵਰੀ ਨੂੰ ਕੈਨੇਡਾ (ਸਰੀ, ਓਟਾਵਾ) ਦੀਆਂ ਸਿੱਖ ਸੰਗਤਾਂ ਨੇ ਕਾਲਾ ਦਿਨ ਮਨਾਇਆ, ਕੌਮ ਦੇ ਸ਼ਹੀਦ ਭਾਈ ਹਰਦੀਪ ਸਿੰਘ ਜੀ ਨਿੱਝਰ ਨੇ ਖ਼ੁਦ ਇਹ ਕਾਲੇ ਦਿਨ ਮਨਾਉਣੇ ਸ਼ੁਰੂ ਕੀਤੇ ਸਨ ਅਤੇ ਓਸੇ ਲੜੀ ਨੂੰ ਬਰਕਰਾਰ ਰੱਖਦਿਆਂ, ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਦੀ ਅਗਵਾਈ ਹੇਠ ਵੈਨਕੂਵਰ-ਸਰੀ, ਓਟਾਵਾ ਦੀਆਂ ਸਿੱਖ ਸੰਗਤਾਂ ਨੇ ਭਾਰਤੀ ਅੰਬੈਸੀ ਵੈਨਕੂਵਰ ਓਟਾਵਾ ਦੇ ਸਾਹਮਣੇ ਜਾਕੇ ਭਾਰੀ ਰੋਸ ਮੁਜਾਰਾ ਕੀਤਾ ਅਤੇ ਖਾਲਸਾਈ ਨਾਅਰੇ ਲਾਏ ।ਇਸ ਮੌਕੇ ਭਾਰੀ ਗਿਣਤੀ ਵਿਚ ਹਾਜਿਰ ਸੰਗਤਾਂ ਨੇ ਭਾਰਤੀ ਸਰਕਾਰ ਅਤੇ ਸੰਵਿਧਾਨ ਖ਼ਿਲਾਫ਼ ਰੱਜ ਕੇ ਰੋਸ ਅਤੇ ਗੁੱਸਾ ਜ਼ਾਹਿਰ ਕੀਤਾ ਉਹ ਸੰਵਿਧਾਨ ਜਿਸ ਉੱਤੇ ਕਦੇ ਸਿੱਖਾਂ ਨੇ ਦਸਤਖ਼ਤ ਹੀ ਨਹੀਂ ਕੀਤੇ, ਜਿਸ ਹੇਠ ਸਿੱਖਾਂ ਦੀ ਆਵਾਜ਼ ਨੂੰ ਦਬਾਇਆ ਗਿਆ ਅਤੇ ਤਸ਼ੱਦਦ ਕੀਤੇ ਗਏ, ਸਿੱਖਾਂ ਨੂੰ ਜਰਾਏ ਪੇਸ਼ਾ ਕੌਮ ਅਤੇ ਕੇਸਧਾਰੀ ਹਿੰਦੂ ਕਿਹਾ ਗਿਆ ।



ਪ੍ਰਦਰਸ਼ਨ ਦੌਰਾਨ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਸਰੀ ਦੇ ਪ੍ਰਬੰਧਕ ਭਾਈ ਗੁਰਮੀਤ ਸਿੰਘ ਤੂਰ ਅਤੇ ਓਟਾਵਾ ਵਿਖ਼ੇ ਬਾਬਾ ਸੰਤੋਖ ਸਿੰਘ ਖੇਲਾ ਹੋਰਾਂ ਭਾਰਤੀ ਸੰਵਿਧਾਨ ਦੀ ਚੰਗੀ ਝਾੜ ਪਾਈ ਅਤੇ ਭਾਰਤੀ ਐਂਬੈਸੀ ਵਿੱਚ ਬੈਠੇ ਮੁਲਜਿਮਾਂ ਨੂੰ ਲਾਹਨਤਾਂ ਪਾਈਆਂ ਅਤੇ ਰੱਜ ਕੇ ਰੋਸ ਵਿਖਾਇਆ, ਨਾਲ ਨਾਲ ਉਹਨਾਂ ਨੇ ਭਾਰਤੀ ਐਂਬੈਸੀ ਨੂੰ ਬੰਦ ਕਰਨ ਲਈ ਵੀ ਜ਼ੋਰ ਦਿੱਤਾ ।ਕੈਨੇਡੀਅਨ ਸਿੱਖਾਂ ਵਿੱਚ ਭਾਰਤੀ ਹਕੂਮਤ ਖਿਲਾਫ ਕਿੰਨਾ ਰੋਸ ਹੈ ਇਸ ਦਾ ਅੰਦਾਜ਼ਾ ਇਕ ਮੌਕੇ ਹੋਏ ਭਾਰੀ ਇਕੱਠ ਤੋਂ ਪਤਾ ਚੱਲਦਾ ਹੈ, ਆਪਣਾ ਰੋਸ ਜ਼ਾਹਿਰ ਕਰਦਿਆਂ ਸਿੱਖ ਸੰਗਤਾਂ ਨੇ "ਭਾਰਤੀ ਐਂਬੈਸੀ ਬੰਦ ਕਰੋ" ਦੇ ਨਾਅਰਿਆਂ ਦੀਆਂ ਗੂੰਜਾਂ ਪਾ ਦਿੱਤੀਆਂ ਸਨ ।ਇਸ ਮੌਕੇ ਹਾਜਿਰ ਸੰਗਤਾਂ ਨੂੰ ਭਾਰਤੀ ਹਕੂਮਤ ਵੱਲੋਂ ਸਿੱਖਾਂ ਦਾ ਕਤਲੇਆਮ ਅਤੇ ਨਸਲਕੁਸ਼ੀ ਬਾਰੇ ਵਿਸਥਾਰ ਨਾਲ ਦਸਿਆ ਗਿਆ ਜਿਸ ਨਾਲ ਕੀਤੇ ਜਾ ਰਹੇ ਮੁਜਾਹਿਰੇ ਅੰਦਰ ਹਿੰਦ ਸਰਕਾਰ ਵਲੋਂ ਢਾਏ ਗਏ ਅਤੇ ਢਾਏ ਜਾ ਰਹੇ ਜ਼ੁਲਮਾਂ ਵਿਰੁੱਧ ਰੋਸ ਵੱਧ ਗਿਆ ਸੀ ।ਇਸ ਮੌਕੇ ਪ੍ਰਬੰਧਕ ਸਾਹਿਬਾਨਾਂ ਨੇ ਮਾਰਚ ਵਿੱਚ ਹੋਣ ਵਾਲੇ ਐਲ.ਏ. (ਅਮਰੀਕਾ) ਵਿੱਚ ਹੋਣ ਜਾ ਰਹੇ ਰੈਫਰੰਡਮ ਵੋਟਿੰਗ ਲਈ ਵਡੀ ਗਿਣਤੀ ਅੰਦਰ ਪੁੱਜਣ ਦੀ ਅਪੀਲ ਕੀਤੀ ਗਈ ਨਾਲ ਹੀ ਜਦੋ ਤਕ ਖਾਲਸਾ ਰਾਜ ਦੀ ਸਥਾਪਨਾ ਨਹੀਂ ਜਾਂਦੀ ਸੰਘਰਸ਼ ਨੂੰ ਹੋਰ ਤੇਜ ਕਰਣ ਲਈ ਦਸਿਆ ਗਿਆ ।ਇਸ ਦੌਰਾਨ ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਖ਼ਾਲਸਾ, ਭਾਈ ਅਵਤਾਰ ਸਿੰਘ ਖਹਿਰਾ, ਬਾਬਾ ਸੰਤੋਖ ਸਿੰਘ ਖੇਲਾ, ਭਾਈ ਚਤਰ ਸਿੰਘ, ਭਾਈ ਮਨਵੀਰ ਸਿੰਘ, ਭਾਈ ਪਰਮਿੰਦਰ ਸਿੰਘ ਦੇ ਨਾਲ ਵਡੀ ਗਿਣਤੀ 'ਚ ਸੰਗਤਾਂ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਦਿੱਲੀ ਦਰਬਾਰ ਦੀਆਂ ਗੁਲਾਮੀ ਦੀਆਂ ਜ਼ੰਜੀਰਾਂ ਨੂੰ ਤੋੜਨ ਤੇ ਸਵੈ-ਨਿਰਣੇ ਦੇ ਹੱਕ ਨੂੰ ਪ੍ਰਾਪਤ ਕਰਨ ਤੇ

# ਸਿੱਖ ਰਾਜਸੀ ਕੈਦੀਆਂ ਦੀ ਬੰਦ-ਖਲਾਸੀ ਲਈ ਜੰਗ ਜਾਰੀ ਰਹੇਗੀ : ਭਾਈ ਰਣਜੀਤ ਸਿੰਘ ਦਮਦਮੀ ਟਕਸਾਲ



**ਅੰਮ੍ਰਿਤਸਰ, 27 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪੰਥਕ ਜਥੇਬੰਦੀਆਂ ਦਲ ਖ਼ਾਲਸਾ ਅਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਭਾਰਤ ਦੇ ਗਣਤੰਤਰ ਦਿਵਸ 26 ਜਨਵਰੀ ਦੇ ਵਿਰੋਧ 'ਚ ਗੁਰਦਾਸਪੁਰ, ਜਲੰਧਰ ਤੇ ਮਾਨਸਾ ਵਿੱਚ ਕੀਤੇ ਜਾ ਰਹੇ ਰੋਸ ਪ੍ਰਦਰਸ਼ਨਾਂ ਨੂੰ ਪੁਲਿਸ ਵੱਲੋਂ ਰੋਕਣ ਅਤੇ ਪੰਥਕ ਆਗੂਆਂ ਨੂੰ ਘਰਾਂ ਵਿੱਚ ਨਜ਼ਰਬੰਦ ਕਰਨ ਤੇ ਮਾਰਚ ਕਰਦੇ ਸਿੱਖਾਂ ਨੂੰ ਹਿਰਾਸਤ ਵਿੱਚ ਲੈਣ ਦੀ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਨੇ ਭਗਵੰਤ ਮਾਨ ਸਰਕਾਰ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਫੈਡਰੇਸ਼ਨ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਇਹ ਸਿੱਖਾਂ ਦੇ ਮਨੁੱਖੀ ਹੱਕਾਂ 'ਤੇ ਡਾਕਾ, ਲੋਕਤੰਤਰ ਦਾ ਕਤਲ, ਆਵਾਜ਼ ਦਬਾਉਣ ਦਾ ਯਤਨ ਅਤੇ ਗ਼ੁਲਾਮੀ ਦੀ ਨਿਸ਼ਾਨੀ ਹੈ। ਉਹਨਾਂ ਕਿਹਾ ਕਿ ਸਿੱਖਾਂ ਨਾਲ ਲਗਾਤਾਰ ਸੰਵਿਧਾਨਿਕ ਧੱਕੇਸ਼ਾਹੀਆਂ ਤੇ ਬੇਇਨਸਾਫੀਆਂ ਹੋ ਰਹੀਆਂ ਹਨ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਲਗਾਤਾਰ ਜਾਰੀ ਹਨ, ਸਜ਼ਾਵਾਂ ਪੂਰੀਆਂ ਕਰਨ ਦੇ ਬਾਵਜੂਦ ਵੀ ਬੰਦੀ ਸਿੰਘ ਰਿਹਾਅ ਨਹੀਂ ਕੀਤੇ ਜਾ ਰਹੇ, ਨਸ਼ਿਆਂ ਰਾਹੀਂ ਨੌਜਵਾਨੀ ਦੀ ਨਸਲਕੁਸ਼ੀ ਹੋ ਰਹੀ ਹੈ, ਕਿਸਾਨ ਸੜਕਾਂ ਉੱਤੇ ਰੁਲ ਰਹੇ ਹਨ, ਏਅਰਪੋਰਟਾਂ 'ਤੇ ਸਿੱਖਾਂ ਦੇ ਕਕਾਰਾਂ ਅਤੇ ਸਕੂਲਾਂ ਵਿੱਚ ਪੰਜਾਬੀ ਬੋਲੀ ਉੱਤੇ ਪਾਬੰਦੀਆਂ ਲੱਗ ਰਹੀਆਂ ਹਨ, ਕੇਂਦਰ ਅਤੇ ਸੂਬਾ ਸਰਕਾਰਾਂ ਵੱਲੋਂ ਸਿੱਖਾਂ ਨੂੰ ਹਰ ਦਿਨ ਸੰਤਾਪ ਦਿੱਤਾ ਜਾ ਰਿਹਾ ਹੈ, ਸਿੱਖਾਂ ਦੀ ਹਾਲਤ ਪਿੰਜਰੇ ਵਿੱਚ ਕੈਦ ਉਸ ਪੰਛੀ ਵਰਗੀ ਹੈ ਜੋ ਆਜ਼ਾਦੀ ਲਈ ਆਪਣੇ ਖੰਭ ਅਤੇ ਦਮ ਤੋੜ ਲੈਂਦਾ ਹੈ। ਵਿਦੇਸ਼ਾਂ ਵਿੱਚ ਭਾਈ ਪਰਮਜੀਤ ਸਿੰਘ ਪੰਜਵੜ, ਭਾਈ ਅਵਤਾਰ ਸਿੰਘ ਖੰਡਾ, ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ ਹੋ ਚੁੱਕੇ ਹਨ, ਸਿੱਖਾਂ ਨੂੰ ਉਹਨਾਂ ਦੇ ਹੱਕਾਂ ਤੋਂ ਵਾਂਝੇ ਰੱਖਿਆ ਜਾ ਰਿਹਾ ਹੈ। ਜਿਸ ਕਾਰਨ ਸੰਘਰਸ਼ ਕਰਨ ਲਈ ਸਿੱਖ ਮਜਬੂਰ ਹਨ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਜਿਹੜਾ ਸੰਵਿਧਾਨ ਸਾਨੂੰ ਸਿੱਖ ਮੰਨਣ ਤੋਂ ਹੀ ਇਨਕਾਰੀ ਹੈ, ਅਸੀਂ ਉਸ ਸੰਵਿਧਾਨ ਨੂੰ ਕਿਉਂ ਮੰਨੀਏ। ਉਹਨਾਂ ਕਿਹਾ ਕਿ ਗ਼ੁਲਾਮ ਕੌਮਾਂ ਆਪਣੇ ਸ਼ਾਸਕਾਂ ਦੇ ਰਾਸ਼ਟਰੀ ਦਿਨ ਨਹੀਂ ਮਨਾਉਂਦੀਆਂ। 26 ਜਨਵਰੀ ਅਤੇ 15 ਅਗਸਤ ਸਾਡੇ ਲਈ ਬੇ-ਮਾਇਨੇ ਹਨ। ਇਹ ਤਿਰੰਗਾ, ਸੰਵਿਧਾਨ ਅਤੇ ਰਾਸ਼ਟਰੀ ਗੀਤ ਸਾਡੇ ਲਈ ਬਿਗਾਨੇ ਹਨ। ਸਿੱਖ ਇੱਕ ਵੱਖਰੀ ਕੌਮ ਹੈ ਜੋ ਆਪਣੇ ਅਜ਼ਾਦ ਘਰ ਦੀ ਸਥਾਪਨਾ ਲਈ ਜੱਦੋ-ਜਹਿਦ ਵਿੱਚ ਜੁਟੀ ਹੋਈ ਹੈ। ਦਿੱਲੀ ਦਰਬਾਰ ਦੀਆਂ ਗ਼ੁਲਾਮੀ ਦੀਆਂ ਜ਼ੰਜੀਰਾਂ ਨੂੰ ਤੋੜਨ ਅਤੇ ਸਵੈ-ਨਿਰਣੇ ਦੇ ਹੱਕ ਨੂੰ ਪ੍ਰਾਪਤ ਕਰਨ ਤੇ ਸਿੱਖ ਰਾਜਸੀ ਕੈਦੀਆਂ ਦੀ ਬੰਦ-ਖਲਾਸੀ ਲਈ ਜੰਗ ਜਾਰੀ ਰਹੇਗੀ। ਸਿੱਖ ਸਵੈ-ਰਾਜ ਖ਼ਾਲਿਸਤਾਨ ਦੀ ਲੜਾਈ ਲਈ ਸ਼ਹਾਦਤਾਂ ਪਾਉਣ ਵਾਲੇ ਸਿੰਘ-ਸਿੰਘਣੀਆਂ ਸਾਡੇ ਲਈ ਪ੍ਰੇਰਨਾ ਸਰੋਤ ਅਤੇ ਸਤਿਕਾਰਯੋਗ ਹਨ। ਕੌਮ ਖਾਤਰ ਜੂਝਣ ਦਾ ਚਾਉ ਰੱਖਣ ਵਾਲ਼ੇ ਸਿੱਖ ਨੌਜਵਾਨ ਆਪਣੇ ਕੌਮੀ ਫ਼ਰਜਾਂ ਨੂੰ ਪਛਾਣਦੇ ਹੋਏ ਆਪਣੀ ਸ਼ਕਤੀ ਨੂੰ ਛੋਟੇ-ਛੋਟੇ ਹਿੱਸਿਆਂ 'ਚ ਖਿੰਡਾਉਣ ਦੀ ਜਗ੍ਹਾ ਇੱਕ ਥਾਂ ਇਕੱਠੀ ਕਰ ਕੇ ਕੌਮੀ ਕਾਰਜਾਂ ਲਈ ਵਰਤੋਂ ਵਿੱਚ ਲਿਆਉਣ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਦਬ-ਸਤਿਕਾਰ, ਖ਼ਾਲਸਾ ਪੰਥ ਦੇ ਬੋਲ-ਬਾਲੇ, ਚੜ੍ਹਦੀ ਕਲਾ ਅਤੇ ਰਾਜ ਕਰੇਗਾ ਖ਼ਾਲਸਾ ਦੇ ਸੰਕਲਪ ਨੂੰ ਸਾਕਾਰ ਕਰਨ ਲਈ ਸੰਘਰਸ਼ਸ਼ੀਲ ਅਤੇ ਇੱਕਜੁੱਟ ਹੋਈਏ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ 25 ਜਨਵਰੀ ਨੂੰ ਗੁਰਦਾਸਪੁਰ ਮਾਰਚ ਵਿੱਚ ਜਾਣ ਤੋਂ ਪਹਿਲਾਂ ਹੀ ਪੁਲਿਸ ਨੇ ਉਹਨਾਂ ਨੂੰ ਦਲ ਖ਼ਾਲਸਾ ਦੇ ਸੀਨੀਅਰ ਆਗੂ ਭਾਈ ਕੰਵਰਪਾਲ ਸਿੰਘ ਬਿੱਟੂ ਸਮੇਤ ਘਰ ਵਿੱਚ ਹੀ ਰੋਕ ਲਿਆ ਸੀ ਤੇ ਉਹਨਾਂ ਦੀ ਗੱਡੀ ਅੱਗੇ ਪੁਲਿਸ ਦੀਆਂ ਗੱਡੀਆਂ ਲਾ ਦਿੱਤੀਆਂ ਗਈਆਂ ਤੇ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਪੈਦਾ ਕੀਤਾ। ਉਹਨਾਂ ਨੇ ਪੁਲਿਸ ਤੋਂ ਓਦੋਂ ਵੀ ਜਵਾਬ ਮੰਗਿਆ ਸੀ ਕਿ ਕੀ ਗੁਰਦਾਸਪੁਰ ਪਾਕਿਸਤਾਨ ਵਿੱਚ ਹੈ ? ਓਥੇ ਜਾਣ 'ਤੇ ਸਾਡੇ ਉੱਤੇ ਪਾਬੰਦੀ ਕਿਉਂ ? ਕੀ ਮਾਰਚ ਕੱਢਣਾ ਤੇ ਆਪਣੇ ਹੱਕਾਂ ਲਈ ਆਵਾਜ਼ ਬੁਲੰਦ ਕਰਨਾ ਇਹ ਜੁਰਮ ਹੈ ? ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਪੁਲਿਸ ਵੱਲੋਂ ਭਾਈ ਸਰਬਜੀਤ ਸਿੰਘ ਘੁਮਾਣ, ਬਾਬਾ ਹਰਦੀਪ ਸਿੰਘ ਮਹਿਰਾਜ, ਭਾਈ ਗੁਰਵਿੰਦਰ ਸਿੰਘ ਬਠਿੰਡਾ, ਭਾਈ ਦਿਲਬਾਗ ਸਿੰਘ ਗੁਰਦਾਸਪੁਰ, ਭਾਈ ਜਸਵਿੰਦਰ ਸਿੰਘ ਕਾਹਨੂੰਵਾਨ, ਭਾਈ ਜਸਵੀਰ ਸਿੰਘ ਖੰਡੂਰ, ਭਾਈ ਪਰਮਿੰਦਰ ਸਿੰਘ ਬਾਲਿਆਂਵਾਲੀ, ਭਾਈ ਬਲਜਿੰਦਰ ਸਿੰਘ ਕੋਟਭਾਰਾ, ਭਾਈ ਜੀਵਨ ਸਿੰਘ ਗਿੱਲਕਲਾਂ ਨੂੰ ਮਾਰਚ ਤੋਂ ਪਹਿਲਾਂ ਹੀ ਘਰਾਂ ਵਿੱਚ ਨਜ਼ਰਬੰਦ ਕਰਕੇ ਅਹਿਸਾਸ ਕਰਵਾ ਦਿੱਤਾ ਹੈ ਕਿ ਉਹ ਇਸ ਮੁਲਕ ਦੇ ਬਾਸ਼ਿੰਦੇ ਨਹੀਂ ਹਨ। ਇਸੇ ਤਰ੍ਹਾਂ ਗੁਰਦਾਸਪੁਰ ਵਿੱਚ ਵੀ ਦਲ ਖਾਲਸਾ ਦੇ ਆਗੂ ਭਾਈ ਪਰਮਜੀਤ ਸਿੰਘ ਟਾਂਡਾ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਆਗੂ ਭਾਈ ਈਮਾਨ ਸਿੰਘ ਮਾਨ, ਭਾਈ ਹਰਪਾਲ ਸਿੰਘ ਬਲੇਰ ਤੇ ਬੀਬੀ ਕੁਲਵਿੰਦਰ ਕੌਰ ਖਾਲਸਾ ਅਤੇ ਮਾਨਸਾ ਵਿੱਚ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜਨਰਲ ਸਕੱਤਰ ਪ੍ਰੋਫੈਸਰ ਮਹਿੰਦਰਪਾਲ ਸਿੰਘ ਨੂੰ ਸਾਥੀਆਂ ਤੇ ਸੰਗਤਾਂ ਸਮੇਤ ਹਿਰਾਸਤ ਵਿੱਚ ਲੈਣਾ ਪੁਲਿਸ ਦੀ ਘਟੀਆ ਕਾਰਵਾਈ ਹੈ। ਉਹਨਾਂ ਕਿਹਾ ਕਿ ਦੇਸ਼ਾਂ ਵਿੱਚ ਸਿੱਖ ਆਗੂਆਂ ਦੇ ਯੋਜਨਾਬੱਧ ਕਤਲ, ਪੀਲੀਭੀਤ ਦੇ ਝੂਠੇ ਪੁਲਿਸ ਮੁਕਾਬਲੇ, ਯੂ.ਏ.ਪੀ.ਏ. ਅਤੇ ਐਨ.ਐਸ.ਏ. ਵਰਗੇ ਕਾਲੇ ਕਾਨੂੰਨਾਂ ਰਾਹੀਂ ਕੀਤੀਆਂ ਨਾਜਾਇਜ਼ ਨਜ਼ਰਬੰਦੀਆਂ, ਸਵੈ-ਰਾਜ ਦੀ ਇੱਛਾ ਰੱਖਣ ਵਾਲੀਆਂ ਨਸਲੀ ਘੱਟ ਗਿਣਤੀਆਂ ਨੂੰ ਸਵੈ-ਨਿਰਣੇ ਦੇ ਅਧਿਕਾਰ ਦੇਣ ਲਈ ਇਹ ਮਾਰਚ ਕੀਤੇ ਜਾਣੇ ਸਨ। ਉਨ੍ਹਾਂ ਕਿਹਾ ਕਿ ਇੱਕ ਪਾਸੇ ਸਰਕਾਰਾਂ ਗਣਤੰਤਰ ਦਿਵਸ ਮਨਾਉਂਦੀਆਂ ਹੋਈਆਂ ਲੋਕਾਂ ਦੀ ਅਜ਼ਾਦੀ ਦਾ ਪ੍ਰਗਟਾਵਾ ਕਰ ਰਹੀਆਂ ਹਨ ਪਰ ਦੂਜੇ ਪਾਸੇ ਸਿੱਖਾਂ ਨੂੰ ਪੁਲਿਸ ਵੱਲੋਂ ਹਿਰਾਸਤ ਵਿੱਚ ਲੈਣਾ ਇਹ ਕਾਲਾ ਗਣਤੰਤਰ ਹੋਣ ਦੀ ਨਿਸ਼ਾਨੀ ਹੈ। ਉਹਨਾਂ ਕਿਹਾ ਕਿ ਸਰਕਾਰਾਂ ਦੀ ਧੱਕੇਸ਼ਾਹੀ ਤੋਂ ਸਿੱਖ ਨਹੀਂ ਡਰਨਗੇ ਤੇ ਖ਼ਾਲਿਸਤਾਨ ਦੀ ਅਜ਼ਾਦੀ ਦਾ ਸੰਘਰਸ਼ ਇਸੇ ਤਰ੍ਹਾਂ ਜਾਰੀ ਰੱਖਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਆਉਟਸੋਰਸਿੰਗ ਵਰਕਰਾਂ ਨਾ ਮੰਨੀਆਂ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ: ਆਗੂ ਜਥੇਬੰਦੀ



ਧੂਰੀ ( ਰਣਜੀਤ ਸਿੰਘ ਪੇਧਨੀ ) ਪਾਵਰਕਾਮ ਆਉਟਸੋਰਸਿੰਗ ਟੈਕਨੀਕਲ, ਆਫਿਸ ਵਰਕਰ ਐਸੋਸੀਏਸ਼ਨ ਪੰਜਾਬ ਦੇ ਮੁਲਾਜ਼ਮਾਂ ਵੱਲੋਂ ਮੰਗਾਂ ਨੂੰ ਲੈ ਕੇ ਪਿਛਲੇ ਕਈ ਦਿਨਾਂ ਤੋਂ ਹੜਤਾਲ ਤੇ ਹਨ ਅਤੇ ਆਉਟਸੋਰਸਿੰਗ ਵਰਕਰਾਂ ਵੱਲੋਂ ਧੂਰੀ ਸਿਟੀ ਦਫਤਰ ਵਿਖੇ ਚੱਲ ਰਹੇ ਰੋਸ਼ ਧਰਨੇ ਵਿਚ ਆਈ ਟੀ ਆਈ ਇੰਪਲਾਈਜ਼ ਐਸੋਸੀਏਸ਼ਨ ਦੇ ਆਗੂਆਂ ਵਲੋਂ ਹਾਜਰੀ ਲਗਵਾਈ ਅਤੇ ਵਰਕਰਾਂ ਵਲੋਂ ਜਥੇਬੰਦੀ ਨੂੰ ਮੰਗ ਪੱਤਰ ਸੌਂਪਿਆ। ਆਈ ਟੀ ਆਈ ਇੰਪਲਾਈਜ਼ ਐਸੋਸੀਏਸ਼ਨ ਡਵੀਜ਼ਨ ਧੂਰੀ ਦੇ ਜਰਨਲ ਸਕੱਤਰ ਮਨਜੀਤ ਸਿੰਘ ਲੱਡਾ, ਗੁਰਪਿੰਦਰ ਸਿੰਘ ਕਹੇਰੂ ਡਵੀਜ਼ਨ ਪ੍ਰਧਾਨ, ਕੁਲਦੀਪ ਸਿੰਘ ਰਾਜੋਮਾਜਰਾ ਸਵ ਡਵੀਜ਼ਨ ਕਾਂਝਲਾ ਹਾਜਰ ਹੋਏ ਉਨ੍ਹਾਂ ਵੱਲੋਂ ਪ੍ਰੈੱਸ ਨੋਟ ਜਾਰੀ ਕਰਦਿਆਂ ਕਿਹਾ ਗਿਆ ਕਿ ਆਉਟਸੋਰਸਿੰਗ ਵਰਕਰਾਂ ਦੀਆਂ ਮੰਗਾਂ ਸੰਬੰਧੀ ਆਉਣ ਵਾਲੇ ਦਿਨਾਂ ਵਿੱਚ ਤਿੱਖਾ ਸੰਘਰਸ਼ ਕੀਤਾ ਜਾਵੇਗਾ ਅਤੇ ਨੌਕਰੀ ਤੋਂ ਕੱਢੇ ਸਾਥੀ ਸਾਹਿਲ ਨੂੰ ਮੁੜ ਬਹਾਲ ਕੀਤਾ ਜਾਵੇ ਹੜਤਾਲ ਤੇ ਗਏ ਸਾਥੀਆਂ ਤੇ ਕੋਈ ਵੀ ਕਾਰਵਾਈ ਨਹੀਂ ਕੀਤੀ ਜਾਵੇਗੀ, ਬਰਾਬਰ ਕੰਮ ਬਰਾਬਰ ਤਨਖਾਹ ਦਿੱਤੀ ਜਾਵੇ ਹੋਰ ਵੀ ਜੋ ਵਾਜਬ ਮੰਗਾਂ ਹਨ ਉਹਨਾਂ ਨੂੰ ਪਾਵਰਕਾਮ ਵੱਲੋਂ ਜਲਦੀ ਮੰਨ ਕੇ ਲਾਗੂ ਕੀਤਾ ਜਾਵੇ। ਜਥੇਬੰਦੀ ਵੱਲੋਂ ਆਉਟਸੋਰਸਿੰਗ ਵਰਕਰਾਂ ਨੂੰ ਪੂਰਨ ਸਮਰਥਨ ਦਿੱਤਾ ਜਾਵੇਗਾ ਅਤੇ ਆਉਣ ਵਾਲੇ ਦਿਨਾਂ ਵਿੱਚ ਜੋ ਵੀ ਸਘੰਰਸ਼ ਉਲੀਕਿਆ ਜਾਵੇਗਾ ਆਈ ਟੀ ਆਈ ਇੰਪਲਾਈਜ਼ ਐਸੋਸੀਏਸ਼ਨ ਡਵੀਜ਼ਨ ਧੂਰੀ ਦੇ ਆਗੂਆਂ ਵਲੋਂ ਵੱਧ ਚੜ੍ਹ ਕੇ ਹਿੱਸਾ ਲਿਆ ਜਾਵੇਗਾ। ਇਸ ਸਮੇਂ ਹਨੀਸ਼ ਕੁਮਾਰ, ਰਾਜਵੀਰ ਸਿੰਘ, ਹਰਜੀਤਪਾਲ, ਲਖਵਿੰਦਰ ਸਿੰਘ, ਰਜਨੀ ਸ਼ਰਮਾ, ਜਸਵੀਰ ਸਿੰਘ ਚ, ਤਾਨੀਆ ਸਿੰਗਲਾ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਰਵਾਏ ਦਸਤਾਰ ਮੁਕਾਬਲੇ



ਨਵੀਂ ਦਿੱਲੀ, 27 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਹੋ ਕੇ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦੇ ਚੈਅਰਮੈਨ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਦੀ ਅਗਵਾਈ ਹੇਠ ਦਸਤਾਰ ਮੁਕਾਬਲੇ ਕਰਵਾਏ ਗਏ। ਇਸ ਸਮਾਗਮ ਨੂੰ ਸੰਬੋਧਨ ਕਰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਤੇ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਕਿਹਾ ਕਿ ਅੱਜ ਕਮੇਟੀ ਦੇ ਧਰਮ ਪ੍ਰਚਾਰ ਵਿੰਗ ਨੇ ਬਹੁਤ ਹੀ ਚੰਗਾ ਉਪਰਾਲਾ ਕੀਤਾ ਹੈ। ਉਹਨਾਂ ਕਿਹਾ ਕਿ ਦਸਤਾਰ ਸਾਡੀ ਦੁਨੀਆਂ ਭਰ ਵਿਚ ਪਛਾਣ ਹੈ ਅਤੇ ਗੁਰਬਾਣੀ ਵਿਚ ਦਰਜ਼ ਹੈ ਕਿ "ਖ਼ੂਬ ਤੇਰੀ ਪਗੜੀ ਮਿੱਠੇ ਤੇਰੇ ਬੋਲ..।" ਉਹਨਾਂ ਕਿਹਾ ਕਿ ਸਿੱਖੀ ਦੀ ਇਹੋ ਪਛਾਣ ਹੈ ਕਿ ਦੁਨੀਆਂ ਭਰ ਵਿਚ ਅਸੀਂ ਆਪਣੀ ਦਸਤਾਰ ਨਾਲ ਜਾਣੇ ਜਾਂਦੇ ਹਾਂ। ਉਹਨਾਂ ਕਿਹਾ ਕਿ ਖਾਲਸੇ ਦੀ ਪਛਾਣ ਦਸਤਾਰ ਨਾਲ ਹੀ ਹੁੰਦੀ ਹੈ। ਉਹਨਾਂ ਕਿਹਾ ਕਿ ਇਸ ਇਤਿਹਾਸਕ ਤੇ ਪਵਿੱਤਰ ਦਿਹਾੜੇ 'ਤੇ ਇਸ ਮੁਕਾਬਲੇ ਵਿਚ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਤੇ ਉਹਨਾਂ ਦੇ ਮਾਪਿਆਂ ਨੂੰ ਵਧਾਈ ਦਿੰਦੇ ਹਾਂ ਕਿ ਇਹ ਬਹੁਤ ਵੱਡਾ ਮੌਕਾ ਹੈ ਜੋ ਸਿੱਖ ਨੌਜਵਾਨਾਂ ਨੂੰ ਆਪਣੇ ਪੁਰਾਤਨ ਵਿਰਸੇ ਤੇ ਇਤਿਹਾਸ ਨਾਲ ਜੋੜਦਾ ਹੈ। ਉਹਨਾਂ ਕਿਹਾ ਕਿ ਜੇਕਰ ਅਸੀਂ ਆਪਣੇ ਵਿਰਸੇ ਤੇ ਇਤਿਹਾਸ ਨਾਲ ਜੁੜੇ ਰਹਾਂਗੇ ਤਾਂ ਹੀ ਅਸੀਂ ਸਿੱਖੀ ਤੇ ਗੁਰਸਿੱਖੀ ਜੀਵਨ ਜਾਚ ਨੂੰ ਆਪਣੀ ਅਗਲੀ ਪੀੜੀ ਤੱਕ ਸੰਭਾਲ ਸਕਾਂਗੇ। ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਇਹ ਬਹੁਤ ਹੀ ਸੁਭਾਗਾ ਮੌਕਾ ਹੈ ਕਿ ਅਸੀਂ ਅਜਿਹੇ ਕਾਰਜ ਕਰ ਰਹੇ ਹਾਂ। ਇਸ ਲਈ ਕਮੇਟੀ ਦਾ ਧਰਮ ਪ੍ਰਚਾਰ ਵਿੰਗ ਵਿਸ਼ੇਸ਼ ਤੌਰ 'ਤੇ ਵਧਾਈ ਦਾ ਪਾਤਰ ਹੈ ਜੋ ਅਜਿਹੇ ਉਪਰਾਲੇ ਕਰ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਸੱਤਿਆ ਐਲੀਮੈਂਟਰੀ ਸਕੂਲ ਭੱਟੀਕੇ ਵਿੱਖੇ ਗਣਤੰਤਰ ਦਿਵਸ ਮਨਾਇਆ



**ਚੌਂਕ ਮਹਿਤਾ, 27 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸੱਤਿਆ ਐਲੀਮੈਂਟਰੀ ਸਕੂਲ ਭੱਟੀਕੇ ਵਿੱਖੇ ਗਣਤੰਤਰ ਦਿਵਸ ਮਨਾਇਆ ਇਸ ਮੌਕੇ ਤੇ ਸਕੂਲ ਦੀ ਮੁੱਖ ਅਧਿਆਪਕਾਂ ਸ੍ਰੀ ਮਤੀ ਅਮਨਦੀਪ ਕੌਰ ਨੇ ਬੱਚਿਆਂ ਨੂੰ ਗਣਤੰਤਰ ਦਿਵਸ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਤੇ ਪਿੰਡ ਦੇ ਸਰਪੰਚ ਸੁਖਜਿੰਦਰ ਸਿੰਘ ਨੇ ਝੰਡੇ ਦੀ ਰਸਮ ਕੀਤੀ ਗਈ। ਅਤੇ ਇਸ ਮੌਕੇ ਤੇ ਝਾਕੀਆਂ ਵੀ ਕੱਢੀਆਂ ਗਈਆਂ। ਬੱਚਿਆਂ ਨੇ ਰੰਗਾਂ ਰੰਗ ਪ੍ਰੋਗਰਾਮ ਪੇਸ਼ ਕੀਤਾ। ਇਸ ਮੌਕੇ ਤੇ ਪਰਮਜੀਤ ਸਿੰਘ, ਟੇਕ ਸਿੰਘ, ਜਸਪ੍ਰੀਤ ਸਿੰਘ ਅਜੀਤ ਸਿੰਘ, ਸਕੂਲ ਦੀ ਮੁੱਖ ਅਧਿਆਪਕਾਂ ਸ੍ਰੀ ਮਤੀ ਮੈਡਮ ਦਲਜਿੰਦਰ ਕੌਰ, ਕਿਰਨ ਕੁਮਾਰੀ, ਰਜਵੰਤ ਕੌਰ, ਦਲਬੀਰ ਕੌਰ, ਬਬਲਪਰੀਤ ਕੌਰ, ਪ੍ਰਿਪਾਲ ਕੌਰ, ਪਰਦੀਪ ਕੌਰ, ਪ੍ਰਭਜੀਤ ਕੌਰ, ਦਿਪਤੀ ਸਰਮਾ, ਸੁਖਮੀਤ ਕੌਰ ਆਦਿ ਸਮੂਹ ਸਟਾਫ, ਅਤੇ ਪਿੰਡ ਦੇ ਮੋਹਤਬਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਧਨੋਆ ਪਰਿਵਾਰ ਵੱਲੋਂ ਆਪਣੇ ਸਪੁੱਤਰ ਜੈਕੀਰਤ ਸਿੰਘ ਨੂੰ

# ਮਾਸਟਰ ਡਿਗਰੀ ਮਿਲਣ ਤੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਕੀਤਾ ਸ਼ੁਕਰਾਨਾ

**ਗੁਰਦੁਆਰਾ ਸਿੱਖ ਕੌਂਸਲ ਵੁਲਵਰਹੈਂਪਟਨ ਵੱਲੋਂ ਸਰਦਾਰ ਅਮਰੀਕ ਸਿੰਘ ਦੇਵਗਨ ਨੇ ਸਟੇਜ ਤੋਂ ਬੋਲਦਿਆਂ ਪਰਿਵਾਰ ਨੂੰ ਵਧਾਈ ਵੀ ਦਿੱਤੀ ਅਤੇ ਕੌਂਸਲ ਵੱਲੋਂ ਜੈਕੀਰਤ ਸਿੰਘ ਨੂੰ ਸ਼ੀਲਡ ਦੇ ਕੇ ਸਨਮਾਨਿਤ ਕੀਤਾ ਗਿਆ**
















ਗੁਰੂ ਨਾਨਕ ਗੁਰਦੁਆਰਾ ਵੈਨਸਫੀਲਡ ਵਿਖੇ 26 ਜਨਵਰੀ 2025 ਦਿਨ ਐਤਵਾਰ ਨੂੰ ਸਰਦਾਰ ਜਤਿੰਦਰ ਸਿੰਘ ਧਨੋਆ ਬੀਬੀ ਗੁਰਦੀਪ ਕੌਰ ਧਨੋਆ ਅਤੇ ਸਾਰੇ ਹੀ ਧਨੋਆ ਪਰਿਵਾਰ ਵੱਲੋਂ ਆਪਣੇ ਸਪੁੱਤਰ ਜੈਕੀਰਤ ਸਿੰਘ ਨੂੰ ਮਾਸਟਰ ਡਿਗਰੀ ਮਿਲਣ ਤੇ ਸਤਿਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸ਼ੁਕਰਾਨਾ ਕਰਦਿਆਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਗਏ ਉਪਰੰਤ ਦੀਵਾਨ ਸਜਾਏ ਗਏ ਕੀਰਤਨੀ ਜਥੇ ਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਗੁਰੂ ਘਰ ਦੇ ਟਰਸਟੀ ਭਾਈ ਪਰਮਜੀਤ ਸਿੰਘ ਢਾਡੀ ਨੇ ਸਟੇਜ ਤੋਂ ਬੋਲਦਿਆਂ ਦੱਸਿਆ ਕਿ ਪੜ੍ਹਾਈ ਕਿਉਂ ਜ਼ਰੂਰੀ ਆ ਡਿਗਰੀਆਂ ਪ੍ਰਾਪਤ ਕਰਨੀਆਂ ਕਿਉਂ ਜ਼ਰੂਰੀ ਹਨ ਸੋ ਜੈਕੀਰਤ ਸਿੰਘ ਨੇ ਮਾਸਟਰ ਡਿਗਰੀ ਪ੍ਰਾਪਤ ਕੀਤੀ ਆ ਬਹੁਤ ਵਧੀਆ ਹੈ ਸੋ ਗੁਰੂ ਘਰ ਵੱਲੋਂ ਉਹਨਾਂ ਨੂੰ ਸਿਰੋਪਾਓ ਦੇ ਕੇ ਸਨਮਾਨ ਵੀ ਕੀਤਾ ਗਿਆ। ਇਸੇ ਹੀ ਤਰ੍ਹਾਂ ਗੁਰਦੁਆਰਾ ਸਿੱਖ ਕੌਂਸਲ ਵੁਲਵਰਹੈਂਪਟਨ ਵੱਲੋਂ ਸਰਦਾਰ ਅਮਰੀਕ ਸਿੰਘ ਦੇਵਗਨ ਨੇ ਸਟੇਜ ਤੋਂ ਬੋਲਦਿਆਂ ਪਰਿਵਾਰ ਨੂੰ ਵਧਾਈ ਵੀ ਦਿੱਤੀ ਅਤੇ ਕੌਂਸਲ ਵੱਲੋਂ ਜੈਕੀਰਤ ਸਿੰਘ ਨੂੰ ਸੀਲਡ ਦੇ ਕੇ ਸਨਮਾਨਿਤ ਕੀਤਾ ਗਿਆ

ਸਰਦਾਰ ਲੱਖਾ ਸਿੰਘ ਜੋ ਵੁਲਵਰਹੈਂਪਟਨ ਨੇ ਡਿਗਰੀ ਬਾਰੇ ਗੱਲ ਕਰਦੇ ਆ ਦੱਸਿਆ ਅਤੇ ਨਾਲ ਜਿਹੜੀ ਦਸਤਾਰ ਬੰਨੀ ਆ ਸਿਰ ਤੇ ਦਸਤਾਰ ਦੀ ਮਹੱਤਤਾ ਕੀ ਹੈ ਉਹਦੇ ਬਾਰੇ ਇੱਕ ਕਵਿਤਾ ਵੀ ਸੁਣਾਈ ਤੇ ਪਰਿਵਾਰ ਨੂੰ ਵਧਾਈ ਵੀ ਦਿੱਤੀ ਭੈਣ ਇਸ਼ਪਰੀਤ ਕੌਰ ਧਨੋਆ ਅਤੇ ਆਏ ਹੋਏ ਸਾਕ ਸਬੰਧੀਆਂ ਅਤੇ ਰਿਸ਼ਤੇਦਾਰਾਂ ਨੇ ਵੀ ਪਰਿਵਾਰ ਨੂੰ ਵਧਾਈਆਂ ਦਿੱਤੀਆਂ

**ਅਦਾਰਾ ਆਵਾਜਿ ਕੌਮ ਦੇਸ਼ ਸੰਪਾਦਕ ਭਾਈ ਰਘਵੀਰ ਸਿੰਘ ਨੇ ਵੀ ਸਰਦਾਰ ਜਤਿੰਦਰ ਸਿੰਘ ਬੀਬੀ ਗੁਰਦੀਪ ਕੌਰ ਵਧਾਈਆਂ ਦਿੱਤੀਆਂ ਅਤੇ ਅਰਦਾਸ ਕੀਤੀ ਕਿ ਪਰਮਾਤਮਾ ਜੈਕੀਰਤ ਸਿੰਘ ਨੂੰ ਦਿਨ ਦੁਗਣੀ ਰਾਤ ਚੌਗੁਣੀ ਤਰੱਕੀ ਬਖਸ਼ੇ।**



# ਗੁਰਿੰਦਰ ਮੱਟੂ ਨੂੰ ਮਿਲਿਆ 'ਉੱਤਮ ਸਮਾਜਿਕ ਸੇਵਾਵਾਂ ਵਕਾਰੀ ਐਵਾਰਡ'

**ਚੌਕ ਮਹਿਤਾ, 27 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜ਼ਿਲ੍ਹੇ ਦੀ ਨਾਮਵਰ ਸਮਾਜ ਸੇਵੀ ਸੰਸਥਾ ਮਾਣ ਧੀਆਂ 'ਤੇ ਸਮਾਜ ਭਲਾਈ ਸੋਸਾਇਟੀ (ਰਜਿ) ਅੰਮ੍ਰਿਤਸਰ ਦੇ ਪ੍ਰਧਾਨ ਅਤੇ ਪ੍ਰਸਿੱਧ ਸਮਾਜ ਸੇਵਕ (ਇੰਡੀਆ ਬੁੱਕ ਰਿਕਾਰਡ ਹੋਲਡਰ) ਗੁਰਿੰਦਰ ਸਿੰਘ ਮੱਟੂ ਨੇ ਇੱਕ ਹੋਰ ਖ਼ੁਸ਼ੀ ਸਾਂਝੀ ਕਰਦਿਆਂ ਕਿਹਾ ਕੇ 26 ਜਨਵਰੀ 2025 ਨੂੰ ਅੰਮ੍ਰਿਤਸਰ ਗੁਰੂ ਨਾਨਕ ਸਟੇਡੀਅਮ (ਗਾਂਧੀ ਗਰਾਊਂਡ) ਵਿਖੇ ਜ਼ਿਲ੍ਹਾ ਪ੍ਰਸ਼ਾਸ਼ਨ ਵਲੋਂ ਗਣਤੰਤਰ ਦਿਵਸ ਦੌਰਾਨ ਮੈਨੂੰ ਸਮਾਜ ਸੇਵਾ ਅਤੇ ਖੇਡਾਂ ਦੇ ਖ਼ੇਤਰ ਬੇਹਤਰੀਨ ਅਤੇ ਉੱਤਮ ਸੇਵਾਵਾਂ ਤੌਰ 'ਤੇ ਮਾਨਤਾ ਦਿੰਦੇ ਹੋਏ ਸੱਭਿਆਚਾਰਕ, ਸੈਰ ਸਪਾਟਾ, ਪੇਂਡੂ ਪੰਚਾਇਤ ਤੇ ਵਿਕਾਸ ਮੰਤਰਾਲਿਆ ਦੇ ਕੈਬਨਿਟ ਮੰਤਰੀ ਪੰਜਾਬ ਸ੍ਰ. ਤਰਨਪ੍ਰੀਤ ਸਿੰਘ ਸੋਂਦ ਤੇ ਜ਼ਿਲ੍ਹਾ ਡਿਪਟੀ ਕਮਿਸ਼ਨਰ ਸ੍ਰੀਮਤੀ ਸਾਕਸ਼ੀ ਸਾਹਨੀ ਵਲੋਂ ਸਰਕਾਰੀ ਤੌਰ ਤੇ "ਉੱਤਮ ਸਮਾਜਿਕ ਸੇਵਾਵਾਂ ਵਕਾਰੀ ਐਵਾਰਡ" ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਮਾਜ ਸੇਵਕ ਗੁਰਿੰਦਰ ਸਿੰਘ ਮੱਟੂ ਨੇ ਜ਼ਿਲਾ ਪ੍ਰਸ਼ਾਸ਼ਨ ਤੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਆਪਣੀ ਸੋਸਾਇਟੀ ਵੱਲੋਂ ਕੀਤੀਆਂ ਗਈਆ ਪ੍ਰਾਪਤੀਆਂ ਅਤੇ ਗਤੀਵਿਧੀਆਂ ਤੋਂ ਜਾਣੂ ਕਰਾਉਦਿਆਂ ਜਾਣਕਾਰੀ ਦਿੱਤੀ ਕੇ 151 ਸਰਕਾਰੀ ਤੇ ਗੈਰ ਸਰਕਾਰੀ ਸਕੂਲਾਂ/ਕਾਲਜਾਂ ਦੇ ਇੱਕ ਲੱਖ,ਛੇ ਹਜਾਰ,ਅੱਠ ਸੋ ਅਠਾਰਾਂ ਦੇ ਕਰੀਬ ਵਿਦਿਆਰਥੀਆਂ ਨੂੰ ਭਰੂਣ ਹੱਤਿਆ ਖਿਲਾਫ "ਬੇਟੀ ਬਚਾਓ,ਬੇਟੀ ਪੜ੍ਹਾਓ" ਮੁਹਿੰਮ ਨਾਲ ਜੋੜਿਆ ਹੈ। ਵਾਤਾਵਰਨ ਦਿਵਸ ਮੌਕੇ



ਜਿਲੇ ਦੇ ਵੱਖ-ਵੱਖ ਸਕੂਲਾਂ ਚ' ਇੱਕ ਲੱਖ ਦੇ ਕਰੀਬ ਛਾਂਦਾਰ ਬੂਟੇ ਲਗਾਉਣ ਦੀ ਮੁਹਿੰਮ ਸ਼ੁਰੂ ਕੀਤੀ ਹਨ। ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋ ਲਈ ਜਾਣ ਵਾਲੀ ਦਸਵੀ ਤੇ ਬਾਹਰਵੀ ਦੀ ਸਲਾਨਾ ਪ੍ਰੀਖਿਆ ਚ' ਪੰਜਾਬ ਪੱਧਰ ਤੇ ਮੈਰਿਟ ਪ੍ਰਾਪਤ ਕਰਨ ਵਾਲੀਆ ਹੋਣਹਾਰ ਧੀਆਂ ਨੂੰ ਹਰ ਸਾਲ ਸਨਮਾਨਿਤ ਕਰਨ ਦੀ ਪਿਰਤ ਪਾਈ 9ਨੋਜਵਾਨ ਪੀੜ੍ਹੀ ਨੂੰ ਨਸ਼ਿਆਂ ਖਿਲਾਫ ਜਾਗਰੂਕ ਕਰਨ ਲਈ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਐਥਲੇਟਿਕਸ, ਕੱਬਡੀ, ਕ੍ਰਿਕਟ,ਰੱਸਾ-ਕੱਸੀ, ਵਾਲੀਬਾਲ ਮੁਕਾਬਲੇ ਕਰਵਾਏ । ਭਰੂਣ ਹੱਤਿਆ ਖਿਲਾਫ (ਭਾਸਣ/ਪੇਟਿੰਗ/ਖੇਡ ਮੁਕਾਬਲੇ ਅਤੇ ਪੋਸਟਰ ਪ੍ਰਦਰਸਨੀਆਂ ਲਗਾ ਕੇ ਜਾਗਰੂਕ ਕੀਤਾ ਜਾਦਾ ਹੈ। ਸਕੂਲੀ ਵਿਦਿਆਰਥੀਆ ਵਿੱਚ ਧਾਰਮਿਕ ਰੁਚੀ ਪੈਦਾ ਕਰਨ ਲਈ ਧਾਰਮਿਕ ਪ੍ਰੀਖਿਆ ਕਰਵਾਈ ।ਪਾਣੀ ਦੀ ਸਾਂਭ ਸੰਭਾਲ ਲਈ ਸਕੂਲਾਂ ਵਿੱਚ ਸੈਮੀਨਾਰ ਲਗਾਏ ਜਾਦੇ ਹਨ। ਬਾਲ ਦਿਵਸ ਮੌਕੇ ਗਰੀਬ ਬੱਚਿਆਂ ਨੂੰ ਸਟੇਸ਼ਨਰੀ ਵੱਡੀ ਜਾਦੀ ਹੈ ।ਕਰੋਨਾ ਮਹਾਂਮਾਰੀ ਸਬੰਧੀ ਜਾਗਰੂਕਤਾ ਲਹਿਰ ਚਲਾਈ ਜਿਸ ਵਿਚ ਰਾਹਗੀਰਾਂ ਨੂੰ 2000 ਮਾਸਕ ਵੰਡੇ ਗਏ 9 ਕਰੋਨਾ ਮਹਾਮਾਰੀ ਦੋਰਾਨ ਸਕੂਲੀ ਵਿਦਿਆਰਥੀਆਂ ਦੇ 17 ਆਨਲਾਈਨ ਮੁਕਾਬਲੇ ਕਰਵਾਏ। ਵਿਸ਼ਵ ਏਡਜ ਦਿਵਸ ਮੌਕੇ ਜਾਗਰੂਕਤਾ ਮੁਹਿੰਮ ਛੇੜੀ ।5 ਸਤੰਬਰ ਨੂੰ ਅਧਿਆਪਕ ਦਿਵਸ ਮੌਕੇ ਹਰ ਸਾਲ ਵਿਦਿਆ ਦੇ ਖ਼ੇਤਰ 'ਚ ਬੇਹਤਰੀਨ ਸੇਵਾਵਾਂ ਪ੍ਰਦਾਨ ਕਰਨ ਵਾਲੇ ਅਧਿਆਪਕਾਂ ਦਾ ਸਨਮਾਨ ਕੀਤਾ ਜਾਂਦਾ ਹੈ । ਹਰ ਧੀਆਂ ਦੀ ਲੋਹੜੀ ਮਨਾਈ ਜਾਂਦੀ ਹੈ 9 ਲੋਹੜੀ ਦੇ ਤਿਉਹਾਰ ਮੌਕੇ ਚਾਈਨਾ ਡੋਰ ਖਿਲਾਫ ਜਾਗਰੂਕਤਾ ਮੁਹਿੰਮ ਚਲਾਈ ਗਈ ।ਪਦਮ ਸ਼੍ਰੀ,ਦ੍ਰੋਣਾਚਾਰੀਆਂ, ਓਲੰਪੀਅਨ,ਕੌਮਾਂਤਰੀ ਅਤੇ ਕੌਮੀ ਖਿਡਾਰੀਆਂ ਨੂੰ ਸਨਮਾਨਿਤ ਕਰਨ ਦੀ ਪਿਰਤ ਪਾਈ, ਜਿਲ੍ਹਾ ਪ੍ਰਸ਼ਾਸਨ ਵੱਲੋਂ ਸਕੂਲੀ ਵਾਹਨਾਂ ਤੇ ਸੜਕ ਸੁਰੱਖਿਆ, ਹਾਦਸੇ ਰੋਕਣ ਲਈ ਮੁਹਿੰਮ ਚਲਾਈ ਗਈ ਅਤੇ ਮਨੁੱਖੀ ਰਹਿਤ ਫਾਟਕਾਂ ਬਾਰੇ ਸੁਰੱਖਿਆ ਸਬੰਧੀ ਮੁਹਿੰਮ ਅਤੇ ਪਰਿੰਦਿਆਂ ਦੀ ਸੇਵਾ ਸੰਭਾਲ ਲਈ ਮੁਹਿੰਮ ਦੀ ਸ਼ੁਰੂਆਤ ਕੀਤੀ । ਪ੍ਰਮਾਤਮਾ ਦੇ ਭਾਣੇ ਵਿਚ ਰਹਿਣ ਵਾਲੇ ਸਮਾਜ ਸੇਵਕ ਮੱਟੂ ਨੇ ਲੋਕ ਸੇਵਾ ਨੂੰ ਆਪਣਾ ਮਿਸ਼ਨ ਮੰਨਿਆ ਹੈ । ਰੱਬ ਕਰੇ ਮਾਨਵਤਾ ਦਾ ਇਹ ਪੁਜਾਰੀ ਇਸੇ ਤਰ੍ਹਾਂ ਹੀ ਹੋਰ ਉਚੇਰੇ ਦਿੱਸ ਹੱਦਿਆਂ ਨੂੰ ਛੂਹਦਾ ਰਹੇ 9 ਇਸ ਮੌਕੇ ਹਰਮਨਬੀਰ ਸਿੰਘ ਗਿੱਲ, ਰਾਜੇਸ਼ ਸ਼ਰਮਾ, ਹਰਦੇਸ਼ ਸ਼ਰਮਾ,ਮਖਤੂਲ ਸਿੰਘ ਔਲਖ,ਗੁਰਵਿੰਦਰ ਸਿੰਘ ਢਿੱਲੋਂ (ਯੂਕੇ), ਨਿਰਵੈਰ ਸਿੰਘ ਸਰਕਾਰੀਆ,ਜੀਤ ਸਲੂਜਾ,ਐਡਵੋਕੇਟ ਅਜੈ ਕੁਮਾਰ ਵਰਮਾਨੀ,ਮੰਗਲ ਸਿੰਘ ਕਿਸ਼ਨਪੁਰੀ, ਪ੍ਰਿੰਸੀਪਲ ਰਾਜੇਸ਼ ਪ੍ਰਭਾਕਰ, ਸ .ਗੁਰਦੇਵ ਸਿੰਘ ਮਾਹਲ, ਸ਼੍ਰੀਮਤੀ ਕੰਵਲਜੀਤ ਕੌਰ ਟੀਨਾ,ਸੀਮਾ ਚੋਪੜਾ, ਨਰਿੰਦਰ ਕੌਰ,ਕਰਮਜੀਤ ਕੌਰ ਜੱਸਲ ਨੇ ਗੁਰਿੰਦਰ ਸਿੰਘ ਮੱਟੂ ਨੂੰ ਵਧਾਈ ਦਿੱਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਦੀ ਖ਼ੁਸ਼ੀ ਵਿੱਚ ਕਰਵਾਏ ਅੰਮ੍ਰਿਤ ਸੰਚਾਰ ਮੌਕੇ 251 ਗੁਰਮੁਖਾਂ ਨੇ ਕੀਤਾ ਅੰਮ੍ਰਿਤ ਪਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਫ੍ਰੀ ਕਕਾਰ ਭੇਂਟ ਕੀਤੇ ਗਏ, ਭਵਿੱਖ ਵਿੱਚ ਵੀ ਇਹ ਸਿਲਸਿਲਾ ਬਾਦਸਤੂਰ ਜਾਰੀ ਰਹੇਗਾ :ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ



ਚੌਕ ਮਹਿਤਾ,27ਜਨਵਰੀ(ਬਾਬਾ ਸੁਖਵੰਤ ਸਿੰਘ ਚੰਨਣਕੇ)-ਸ਼੍ਰੌਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ੍ਰ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਧਰਮ ਪ੍ਰਚਾਰ ਕਮੇਟੀ ਸਕੱਤਰ ਭਾਈ ਬਲਵਿੰਦਰ ਸਿੰਘ ਕਾਹਲਵਾਂ ਦੀ ਅਗਵਾਈ ਹੇਠ ਬਾਬਾ ਦੀਪ ਸਿੰਘ ਜੀ ਦੇ 343ਵੇਂ ਜਨਮ ਦਿਹਾੜੇ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਮੌਕੇ ਸ੍ਰੀ ਅਕਾਲ ਤਖ਼ਤ ਤੋਂ ਆਏ ਪੰਜ ਪਿਆਰਿਆਂ ਨੇ 251ਪਰਾਣੀਆਂ ਨੂੰ ਖੰਡੇ ਬਾਟੇ ਦੀ ਪਾਹੁਲ ਛਕਾ ਕੇ ਗੁਰੂ ਦੇ ਲੜ ਲਾਇਆ। ਅੰਮ੍ਰਿਤ ਸੰਚਾਰ ਮੌਕੇ ਅੰਮ੍ਰਿਤ ਅਭਿਲਾਖੀਆ ਨੂੰ ਸ਼੍ਰੌਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਫ੍ਰੀ ਕਕਾਰ ਭੇਂਟ ਕੀਤੇ ਗਏ। ਸ੍ ਹਰਜਿੰਦਰ ਸਿੰਘ ਧਾਮੀ ਅਤੇ ਭਾਈ ਬਲਵਿੰਦਰ ਸਿੰਘ ਨੇ ਸੰਮੂਹ ਰਾਗੀ, ਢਾਡੀ, ਅਤੇ ਕਵੀਸ਼ਰੀ ਜੱਥਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਬੀਰ ਰਸ ਵਾਰਾ ਸੁਣਾਂ ਕੇ/ਗਾ ਕੇ ਸੰਗਤਾਂ ਨੂੰ ਪ੍ਰੇਰਿਤ ਕੀਤਾ ਹੈ ਉਸ ਲਈ ਧੰਨਵਾਦ ਸ਼ਬਦ ਬਹੁਤ ਬਹੁਤ ਛੋਟਾ ਹੈ।ਉਹਨਾਂ ਆਸ ਪ੍ਰਗਟਾਈ ਕਿ ਭਵਿੱਖ ਵਿਚ ਵੀ ਇਹ ਸਾਰੇ ਜੱਥੇ ਆਪਣੀ ਕਿਰਤ ਦੇ ਨਾਲ ਨਾਲ ਸਿੱਖੀ ਨੂੰ ਪ੍ਰਫੁੱਲਿਤ ਕਰਨ ਲਈ ਅਹਿਮ ਯੋਗਦਾਨ ਪਾਉਂਦੇ ਰਹਿਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਤਖਤ ਹਜ਼ੂਰ ਸਾਹਿਬ ਦੇ ਜੱਥੇਦਾਰ ਬਾਬਾ ਕੁਲਵੰਤ ਸਿੰਘ ਜੀ ਨੂੰ 25 ਸਾਲਾ ਸੇਵਾ ਦੀ ਯਾਦ ਵਿਚ ਕੀਤਾ ਗਿਆ ਸਨਮਾਨਿਤ ਅਤੇ ਕਰਵਾਏ ਗਏ ਵਿਸ਼ੇਸ਼ ਪ੍ਰੋਗਰਾਮ

## ਗੁਰੂਬਾਣੀ ਰਿਸਰਚ ਫਾਉਂਡੇਸ਼ਨ ਵਲੋਂ ਬਾਬਾ ਕੁਲਵੰਤ ਸਿੰਘ ਜੀ ਤੇ ਵਿਸ਼ੇਸ਼ ਡੋਕੂਮੈਂਟਰੀ ਕੀਤੀ ਗਈ ਰਿਲੀਜ਼



**ਨਵੀਂ ਦਿੱਲੀ 27 ਜਨਵਰੀ (ਮਨਪ੍ਰੀਤ ਸਿੰਘ ਖਾਲਸਾ)**:- ਬੀਤੀ 25 ਜਨਵਰੀ ਨੂੰ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਅਬਚਲ ਨਗਰ ਵਿਖੇ ਸਿੰਘ ਸਾਹਿਬ ਸੰਤ ਬਾਬਾ ਕੁਲਵੰਤ ਸਿੰਘ ਜੀ ਦੀ 25 ਸਾਲ ਦੀ ਸੇਵਾ ਦੀ ਯਾਦ ਵਿਚ ਇਕ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ । ਇਸ ਇਤਿਹਾਸਕ ਮੌਕੇ 'ਤੇ, ਦੇਸ਼ ਵਿਦੇਸ਼ ਤੋਂ ਵੱਡੀ ਗਿਣਤੀ ਵਿਚ ਸ਼ਰਧਾਲੂਆਂ ਨੇ ਹਿੱਸਾ ਲੈ ਕੇ ਉਨ੍ਹਾਂ ਦੀ ਸੇਵਾਵਾਂ ਨੂੰ ਯਾਦ ਕੀਤਾ । 25 ਜਨਵਰੀ ਨੂੰ, ਇਕ ਵਿਸ਼ੇਸ਼ ਦੀਵਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ ਵਿਖੇ ਸਜਾਇਆ ਗਿਆ ਸੀ ਜਿਸ ਵਿਚ ਉਨ੍ਹਾਂ ਦੀਆਂ ਸੇਵਾਵਾਂ ਦਾ ਸਨਮਾਨ ਕੀਤਾ ਗਿਆ । ਇਸ ਮੌਕੇ ਜੱਥੇਦਾਰ ਅਕਾਲ ਤਖਤ ਸਾਹਿਬ ਗਿਆਨੀ ਰਘਬੀਰ ਸਿੰਘ, ਗਿਆਨੀ ਸੁਲੱਖਣ ਸਿੰਘ ਜੱਥੇਦਾਰ ਸ਼੍ਰੀ ਕੇਸਗੜ੍ਹ ਸਾਹਿਬ, ਸ਼੍ਰੋਮਣੀ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ, ਗਿਆਨੀ ਹਰਪ੍ਰੀਤ ਸਿੰਘ, ਨਿਹੰਗ ਮੁੱਖੀ ਬਾਬਾ ਬਲਬੀਰ ਸਿੰਘ, ਬਾਬਾ ਹਰਨਾਮ ਸਿੰਘ ਦਮਦਮੀ ਟਕਸਾਲ, ਪੰਥ ਦੇ ਵਿਦਵਾਨ, ਪੰਥ ਪ੍ਰਸਿੱਧ ਕੀਰਤਨੀ ਜੱਥੇ, ਪ੍ਰਚਾਰਕਾਂ ਦੇ ਨਾਲ ਗੁਰੂਬਾਣੀ ਰਿਸਰਚ ਫਾਉਂਡੇਸ਼ਨ ਦੇ ਮੁੱਖੀ ਪਰਮਜੀਤ ਸਿੰਘ ਵੀਰਜੀ ਨੇ ਹਾਜ਼ਿਰੀ ਭਰੀ ਸੀ । ਬਾਬਾ ਕੁਲਵੰਤ ਸਿੰਘ ਜੀ ਦੇ ਮਾਤਾ ਸੰਤ ਕੌਰ ਜੀ ਸਨ ਅਤੇ ਆਪ ਜੀ ਦੇ ਪਿਤਾ ਬਲਵੰਤ ਸਿੰਘ ਜੀ ਇੱਕ ਨਿਪੁੰਨ ਕੀਰਤਨੀਏ ਸਨ। ਆਪ ਨੇ ਆਪਣੀ ਸਿੱਖਿਆ ਮਾਸਟਰ ਤਨ ਸਿੰਘ ਜੀ, ਗਿਆਨੀ ਜਗਜੀਤ ਸਿੰਘ ਜੀ ਅਤੇ ਗਿਆਨੀ ਹਰਦੀਪ ਸਿੰਘ ਜੀ ਤੋਂ ਪ੍ਰਾਪਤ ਕੀਤੀ ਉਪਰੰਤ ਆਪ ਜੀ ਨੇ ਆਪਣੇ ਭਰਾ ਭਾਈ ਸੁਖਦੇਵ ਸਿੰਘ ਜੀ ਨਾਲ ਸੱਚਖੰਡ ਦਰਬਾਰ ਸਾਹਿਬ ਵਿਖੇ ਰਾਗੀ ਵਜੋਂ ਸੇਵਾ ਸ਼ੁਰੂ ਕੀਤੀ।ਆਪ ਜੀ ਦੀ ਸੇਵਾਵਾਂ ਨੂੰ ਦੇਖਦਿਆਂ ਗੁਰਦੁਆਰਾ ਸੱਚਖੰਡ ਬੋਰਡ ਵਲੋਂ ਸਾਲ 2000 ਵਿਚ ਜੱਥੇਦਾਰ ਵਜੋਂ ਨਿਯੁਕਤ ਕੀਤਾ ਗਿਆ ਜੋ ਕਿ ਹੁਣ ਤਕ ਸੇਵਾ ਨਿਭਾ ਰਹੇ ਹਨ । ਆਪ ਜੀ ਨੇ ਵੱਖ-ਵੱਖ ਧਾਰਮਿਕ ਗ੍ਰੰਥਾਂ ਦਾ ਅਧਿਐਨ ਕੀਤਾ ਹੋਇਆ ਹੈ ।ਇਸ ਮੌਕੇ ਪਰਮਜੀਤ ਸਿੰਘ ਵੀਰ ਜੀ ਨੇ ਬਾਬਾ ਕੁਲਵੰਤ ਸਿੰਘ ਜੀ ਦੀ 25 ਸਾਲਾ ਸੇਵਾਵਾਂ ਨੂੰ ਸਮਰਪਿਤ ਇਕ ਡੋਕੂਮੈਂਟਰੀ ਫਿਲਮ ਰਿਲੀਜ਼ ਕੀਤੀ ਤੇ ਨਾਲ ਹੀ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਅਬਚਲ ਨਗਰ ਵਿਖੇ ਚਲ ਰਹੇ ਖਾਲਸਾ ਸਕੂਲ ਦਾ ਦੌਰਾ ਕੀਤਾ ਅਤੇ ਓਥੇ ਪੜ ਰਹੇ ਬੱਚਿਆਂ ਨੂੰ ਕਾਪੀਆਂ, ਰਜਿਸਟਰ, ਪੈਨ, ਪੈਨਸਿਲ ਵੰਡ ਕੇ ਉਨ੍ਹਾਂ ਨੂੰ ਪੜਨ ਲਈ ਪ੍ਰੇਰਿਤ ਕੀਤਾ ।

ਆਵਾਜ਼ਿ ਕੌਮ AWAZE QAUM International Newspaper & WEB TV

# 76 ਵੇ ਗਣਤੰਤਰ ਦਿਵਸ ਮੌਕੇ ਮਲਕੀਤ ਸਿੰਘ ਬੱਲ ਵਲੋ ਲਹਿਰਾਇਆ ਤਿਰੰਗਾ

**ਚੌਕ ਮਹਿਤਾ, 27 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਲਾਇਨਜ਼ ਕਲੱਬ ਆਫ ਬੰਬੇ ਵੈਸਟ ਕੋਸਟ ਅਤੇ ਮਹਾਰਾਸ਼ਟਰ ਸਟੇਟ ਪੰਜਾਬੀ ਸਾਹਿਤ ਅਕਾਦਮੀ ਦੇ ਸਾਂਝੇ ਸਹਿਯੋਗ ਨਾਲ 76 ਵਾਂ ਗਣਤੰਤਰ ਦਿਵਸ ਵਿਸ਼ੇਸ਼ ਥੀਮ "ਬਾਲਵਾਡੀ - ਬਾਰਕ ਮੁੰਬਈ ਵਿਖੇ ਬੱਚਿਆਂ ਨਾਲ ਭੁੱਖਮਰੀ ਨੂੰ ਦੂਰ ਕਰੋ" ਦੇ ਨਾਲ ਮਨਾਇਆ ਗਿਆ ਇਸ ਮੌਕੇ ਰਾਸ਼ਟਰੀ ਝੰਡੇ ਦੀ ਮਾਣਯੋਗ ਹੋਸਟਿੰਗ ਕੀਤੀ ਗਈ ਜਿਸ ਵਿੱਚ ਸ.ਮਲਕੀਤ ਸਿੰਘ ਬੱਲ ਕਾਰਜਕਾਰੀ ਚੇਅਰਮੈਨ, ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ, ਅਤੇ ਮੁੱਖ ਮਹਿਮਾਨ ਪੀਐਮਜੇਐਫ ਸੀ ਏ ਮਨੀਸ਼ ਲਾਡਜੇ, ਡਿਸਟ੍ਰਿਕਟ ਗਵਰਨਰ, ਸ਼ਾਮਲ ਹੋਏ ਇਹ ਦਿਨ ਦੇਸ਼ ਭਗਤੀ, ਸੇਵਾ ਅਤੇ ਖੁਸ਼ੀਆਂ ਨਾਲ ਭਰਿਆ ਹੋਇਆ ਸੀ ਜਿਥੇ ਬੱਚਿਆਂ ਦੀ ਭੁੱਖਮਰੀ ਦੂਰ ਕਰਨ ਅਤੇ ਉਨ੍ਹਾਂ ਦੇ ਚਿਹਰਿਆਂ 'ਤੇ ਮੁਸਕਾਨ ਲਿਆਉਣ ਲਈ ਖਾਸ ਉਪਰਾਲੇ ਕੀਤੇ ਗਏ ਇਸ ਮੌਕੇ ਸ. ਮਲਕੀਤ ਸਿੰਘ ਬੱਲ ਨੇ ਵਿਸ਼ੇਸ ਤੌਰ ਤੇ ਆਜ਼ਾਦੀ ਘੁਲਾਟੀਆਂ ਵਲੋ ਪਾਏ ਯੋਗਦਾਨ ਅਤੇ ਭਾਰਤੀ ਸਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਦਕਰ ਦੇ ਵਡਮੁੱਲੇ ਯੋਗਦਾਨ ਨੂੰ ਸਿਜਦਾ ਕੀਤਾ ਇਨ੍ਹਾਂ ਦੀ ਘਾਲਣਾ ਸਦਕਾ ਹੀ ਭਾਰਤੀ ਗਨਰਾਜ ਦੀ ਸਥਾਪਨਾ ਹੋਈ ਹੈ ਸ਼ਹੀਦਾ ਨੂੰ ਯਾਦ ਕਰਦੇ ਹੋਏ ਮਲਕੀਤ ਸਿੰਘ ਬੱਲ ਨੇ ਤਿਰੰਗਾ ਲਹਿਰਾਇਆ ਅਤੇ ਕਿਹਾ ਕਿ ਪੰਜਾਬੀ ਭਾਸ਼ਾ ਅਤੇ ਸੱਭਿਆਚਾਰ ਦੀ ਤਰੱਕੀ ਦੇ ਨਾਲ ਸੇਵਾ ਦੀ ਭਾਵਨਾ ਨੂੰ ਅਗਾਂਹ ਵਧਾਉਣਾ ਸਾਡੀ ਮੁੱਖ ਜ਼ਿੰਮੇਵਾਰੀ ਹੈ ਗਣਤੰਤਰ ਦਿਵਸ ਦੇ ਮੌਕੇ ਤੇ, ਬੱਚਿਆਂ ਦੀ ਮਦਦ ਕਰਨਾ ਸਾਡੇ ਲਈ ਸੱਚੀ ਦੇਸ਼ ਸੇਵਾ ਦਾ ਸੱਚਾ ਰੂਪ ਹੈ ਇਸ ਯਾਦਗਾਰ ਸਮਾਰੋਹ ਦੀਆਂ ਕੁਝ ਝਲਕਾਂ ਸਾਂਝੀਆਂ ਕਰਦੇ ਹੋਏ ਅਸੀਂ ਸੇਵਾ, ਏਕਤਾ ਅਤੇ ਸਮਰਪਣ ਦੀ ਭਾਵਨਾ ਨੂੰ ਅਗਾਂਹ ਵਧਾਉਣ ਦਾ ਵਚਨ ਦਿੰਦੇ ਹਾਂ ਇਸ ਮੌਕੇ ਮਲਕੀਤ ਸਿੰਘ ਬੱਲ ਨੇ ਦੇਸ਼ ਵਿਦੇਸ਼ 'ਚ ਵਸਦੇ ਸਾਰੇ ਭਾਰਤੀਆਂ ਨੂੰ 76 ਵੇ ਗਣਤੰਤਰ ਦਿਵਸ ਦੀਆ ਤਹਿ ਦਿਲੋਂ ਵਧਾਈਆ ਦਿੱਤੀਆ।



ਆਵਾਜ਼ਿ ਕੌਮ AWAZE QAUM International Newspaper & WEB TV

## ਪੰਜਾਬ ਸਟੇਟ ਫੋਰਮ ਆਫ ਰਿਟਾਇਰਡ ਡਿਪਲੋਮਾ ਇੰਜੀਨੀਅਰਜ਼ ਦੀ ਜ਼ੋਨਲ ਕਾਰਜਕਾਰਨੀ ਦੀ

# ਚੋਣ 'ਚ ਪਹੁੰਚੇ ਸੂਬਾ ਪ੍ਰਧਾਨ ਇੰਜ ਦਲਜੀਤ ਸਿੰਘ ਕੋਹਲੀ: ਇੰਜ ਨਰੇਸ਼ ਸ਼ਰਮਾ




**ਅੰਮ੍ਰਿਤਸਰ, 25 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਟੇਟ ਫੋਰਮ ਆਫ ਰਿਟਾਇਰਡ ਡਿਪਲੋਮਾ ਇੰਜੀਨੀਅਰਜ਼ ਦੇ ਗੁਰਦਾਸਪੁਰ ਜ਼ੋਨ ਦੀ ਜੋਨਲ ਕਾਰਜਕਾਰਨੀ ਕਮੇਟੀ ਦੀ ਚੋਣ ਕਰਨ ਹਿੱਤ ਇਕ ਵਿਸ਼ੇਸ਼ ਮੀਟਿੰਗ ਲੋਕ ਨਿਰਮਾਣ ਵਿਭਾਗ ਦੇ ਵਿਸ਼ਰਾਮ ਘਰ ਚੱਕੀ ਪਠਾਨਕੋਟ ਵਿਖੇ ਸੂਬਾ ਪ੍ਰਧਾਨ ਇੰਜ ਦਲਜੀਤ ਸਿੰਘ ਕੋਹਲੀ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਇੰਜ ਸੁਰਿੰਦਰ ਸਿੰਘ ਸੋਢੀ ਸੀਨੀ.ਮੀਤ ਪ੍ਰਧਾਨ, ਇੰਜ ਸ਼ਮਸ਼ੇਰ ਸਿੰਘ ਜੋਸ਼ਨ ਸੀਨੀ. ਮੀਤ ਪ੍ਰਧਾਨ , ਇੰਜ ਨਰੇਸ਼ ਸ਼ਰਮਾ ਮੀਤ ਪ੍ਰਧਾਨ, ਇੰਜ ਬਲਦੇਵ ਸਿੰਘ ਲੈਹਲ ਵਧੀਕ ਜਨਰਲ ਸਕੱਤਰ, ਇੰਜ ਕੁਲਦੀਪ ਸਿੰਘ ਬੋਪਾਰਾਏ ਵਧੀਕ ਵਿੱਤ ਸਕੱਤਰ, ਇੰਜ ਕੰਵਰਜੀਤ ਸਿੰਘ ਕਨਵੀਨਰ ਜਲੰਧਰ ਜ਼ੋਨ, ਇੰਜ ਆਰ ਐਸ ਜੌਹਲ, ਇੰਜ ਸੁਖਦੇਵ ਸਿੰਘ ਧਾਲੀਵਾਲ, ਇੰਜ ਮਨਪ੍ਰੀਤ ਸਿੰਘ ਕੱਕੜ, ਇੰਜ ਸੁਰਿੰਦਰ ਸੈਣੀ, ਇੰਜ ਵਿਨੋਦ ਗੁਪਤਾ, ਇੰਜ ਕਮਲ਼ ਸ਼ਰਮਾ, ਇੰਜ ਰਣਧੀਰ ਸਿੰਘ, ਇੰਜ ਗੁਰਮੀਤ ਸਿੰਘ, ਇੰਜ ਸਤਬੀਰ ਸਿੰਘ ਇੰਜ ਇੰਜ ਤਰਸੇਮ ਰਾਜ, ਇੰਜ ਉੱਤਮ ਜੀ ਅਤੇ ਹੋਰ ਸੀਨੀਅਰ ਆਗੂ ਸ਼ਾਮਲ ਹੋਏ। ਇੰਜ ਨਰੇਸ਼ ਸ਼ਰਮਾ ਨੇ ਆਏ ਹੋਏ ਮਹਿਮਾਨਾਂ ਨੂੰ ਸਤਿਕਾਰ ਸਹਿਤ ਜੀ ਆਇਆਂ ਆਖਿਆ ਅਤੇ ਇੰਜ ਬਲਦੇਵ ਸਿੰਘ ਲੈਹਲ ਨੂੰ ਸਟੇਜ ਸੰਚਾਲਨ ਦੀ ਜ਼ਿੰਮੇਵਾਰੀ ਨਿਭਾਉਣ ਲਈ ਬੇਨਤੀ ਕੀਤੀ। ਇੰਜ ਕੁਲਦੀਪ ਸਿੰਘ ਬੋਪਾਰਾਏ ਨੇ ਆਪਣੇ ਸੰਬੋਧਨ ਵਿਚ ਭਾਵੁਕ ਹੁੰਦਿਆਂ ਕਿਹਾ ਕਿ ਅੱਜ ਗੁਰਦਾਸਪੁਰ-ਪਠਾਨਕੋਟ-ਬਟਾਲਾ ਜ਼ੋਨ ਦੀ ਮੀਟਿੰਗ ਦੌਰਾਨ ਇੰਜੀਨੀਅਰ ਦੋਸਤਾਂ ਦੀ ਸਾਰਥਿਕ ਸਹਿਮਤੀ, ਉਹਨਾਂ ਦੇ ਜਜਬਾਤਾਂ ਨੂੰ ਬਿਆਨ ਕਰ ਗਈ। ਉਨ੍ਹਾਂ ਕਿਹਾ ਕਿ ਮੈਂ ਆਪਣੀ ਜ਼ਿੰਦਗੀ ਵਿਚ ਇੰਜੀਨੀਅਰਜ ਦੋਸਤਾਂ ਨੂੰ ਇਤਨੇ ਜਜ਼ਬਾਤੀ ਕਦੀ ਨਹੀਂ ਵੇਖਿਆ, ਉਹਨਾਂ ਆਪਣੀਆਂ ਮਨੋਭਾਵਨਾਵਾਂ ਸਟੇਜ ਤੇ ਆਪ ਮੁਹਾਰੇ ਆ ਕੇ ਦੱਸੀਆਂ ਤੇ ਕਿਹਾ ਕਿ ਸਾਡੇ ਕੋਲ ਲਫ਼ਜ਼ ਨਹੀ ਹਨ ਜੋ ਦੱਸ ਸਕੀਏ। ਉਨ੍ਹਾਂ ਕਿਹਾ ਮੈਂ ਧੰਨਵਾਦੀ ਹਾਂ ਜ਼ੋਨ ਦੇ ਸਾਰੇ ਮਾਨਯੋਗ ਸਾਥੀਆਂ ਦਾ ਜਿਨ੍ਹਾ ਇਤਨਾ ਮਾਣ ਦਿੱਤਾ। ਇੰਜੀਨੀਅਰਜ ਸਾਥੀਆਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਇੰਜ ਦਲਜੀਤ ਸਿੰਘ ਕੋਹਲੀ ਨੇ ਪੰਜਾਬ ਸਟੇਟ ਫ਼ੋਰਮ ਆਫ਼ ਰਿਟਾਇਰਡ ਡਿਪਲੋਮਾ ਇੰਜੀਨੀਅਰਜ ਦੀ ਸੂਬਾ ਕਾਰਜਕਾਰਨੀ ਵਲੋਂ ਪਿਛਲੇ ਤਿੰਨ ਮਹੀਨਿਆਂ ਵਿਚ ਵਾਪਰੀਆਂ ਘਟਨਾਵਾਂ ਦੇ ਸੰਖੇਪ ਅਤੇ ਅਹਿਮ ਨੁਕਤੇ ਸਾਂਝੇ ਕੀਤੇ। ਇੰਜ ਕੋਹਲੀ ਵਲੋਂ ਰਿਟਾਇਰਡ ਇੰਜਨੀਅਰ ਸਾਥੀਆਂ ਨੂੰ ਦਰਪੇਸ਼ ਸਮੱਸਿਆਵਾਂ ਤੇ ਉਨ੍ਹਾਂ ਦੇ ਸਾਰਥਕ ਹੱਲ ਬਾਰੇ ਵਿਚਾਰਾਂ ਸਾਂਝੀਆਂ ਕੀਤੀਆਂ ਅਤੇ ਫ਼ੋਰਮ ਦੀਆਂ ਭਵਿੱਖੀ ਯੋਜਨਾਵਾਂ ਤੋਂ ਇਲਾਵਾ ਹੋਰ ਮੁੱਦਿਆਂ ਤੇ ਚਾਨਣਾ ਪਾਇਆ। ਇੰਜ ਦਲਜੀਤ ਸਿੰਘ ਕੋਹਲੀ ਨੇ ਇੰਜ ਗਣੇਸ਼ ਕੁਮਾਰ ਵਲੋਂ ਅੱਜ ਦੀ ਮੀਟਿੰਗ ਦੇ ਪ੍ਰਬੰਧਾਂ ਵਿੱਚ ਪਾਏ ਵਿਸ਼ੇਸ਼ ਯੋਗਦਾਨ ਦੀ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਇੰਜ ਸੁਰਿੰਦਰ ਸਿੰਘ ਸੋਢੀ ਨੇ ਵੱਖ ਵੱਖ ਕੇਸਾਂ ਦੇ ਅਦਾਲਤਾਂ ਵਿੱਚ ਚਲ ਰਹੇ ਕੇਸਾਂ ਦੀ ਵਿਸਤ੍ਰਿਤ ਰਿਪੋਰਟ ਪੇਸ਼ ਕੀਤੀ ਅਤੇ ਮੈਂਬਰਾਂ ਨੂੰ ਆਪਸੀ ਸਾਂਝ ਤੇ ਮਿਲਵਰਤਣ ਨੂੰ ਵਧਾਉਣ ਲਈ ਅਪੀਲ ਕੀਤੀ। ਇੰਜ ਸ਼ਮਸ਼ੇਰ ਸਿੰਘ ਜੋਸ਼ਨ ਸੀਨੀ. ਮੀਤ ਪ੍ਰਧਾਨ ਨੇ ਆਪਣੇ ਕੁੰਜੀਵਤ ਭਾਸ਼ਣ ਵਿਚ ਇੱਕਜੁਟਤਾ ਅਤੇ ਆਪਸੀ ਭਾਈਚਾਰਕ ਸਾਂਝ ਬਣਾਈ ਰੱਖਣ ਲਈ ਸਾਰਿਆਂ ਇੰਜੀਨੀਅਰ ਦੋਸਤਾਂ ਨੂੰ ਬੇਨਤੀ ਕੀਤੀ। ਇੰਜ ਬਲਦੇਵ ਸਿੰਘ ਲੈਹਲ, ਸਾਬਕਾ ਕਾਰਜਕਾਰੀ ਇੰਜੀਨੀਅਰ ਪੰਚਾਇਤੀ ਰਾਜ ਨੇ ਸੰਬੋਧਨ ਕਰਦਿਆਂ ਰਿਟਾਇਰਡ ਇੰਜ ਦੇ ਮਸਲੇ ਸਮਰੱਥ ਅਧਿਕਾਰੀਆਂ ਸਾਹਮਣੇ ਫ਼ੋਰਮ ਵੱਲੋਂ ਨਿਜੀ ਤੌਰ ਤੇ ਮਿਲ ਕੇ ਪੇਸ਼ ਕਰਨ ਦਾ ਵਿਸਥਾਰਪੂਰਵਕ ਵੇਰਵਾ ਦੱਸਿਆ ਅਤੇ ਕਿਹਾ ਕਿ ਉਮਰ ਦੇ ਇਸ ਪੜਾਅ ਤੇ ਜੋਸ਼ ਦੀ ਬਜਾਏ ਹੋਸ਼ ਨਾਲ ਮਸਲੇ ਹੱਲ ਕਰਾਉਣ ਦੀ ਕੋਸ਼ਿਸ਼ ਕਰਾਂਗੇ। ਇਸ ਮੌਕੇ ਉਨ੍ਹਾਂ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੱਤੀ ਕਿ ਇਸ ਮੌਕੇ ਗੁਰਦਾਸਪੁਰ-ਪਠਾਨਕੋਟ ਜ਼ੋਨ ਦੇ ਅਹੁਦੇਦਾਰਾਂ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ। ਜਿਸ ਵਿੱਚ ਗੁਰਦਾਸਪੁਰ ਜ਼ੋਨ ਦੇ ਕਨਵੀਨਰ ਦੇ ਤੌਰ ਤੇ ਇੰਜ ਗੁਰਚਰਨ ਸਿੰਘ ਸੈਣੀ ਰਿਟਾਇਰਡ ਐਸ ਡੀ ਓ , ਕੋ ਕਨਵੀਨਰ ਇੰਜ ਹਰਜਿੰਦਰ ਸਿੰਘ ਸੋਹਲ ਰਿਟਾਇਰਡ ਐਸ ਡੀ ਓ , ਇੰਜ ਰਾਜਿੰਦਰ ਕੁਮਾਰ, ਇੰਜ ਮਨਜੀਤ ਸਿੰਘ, ਇੰਜ ਫੁਲਵਿੰਦਰ ਸਿੰਘ ਰਿਟਾ ਐਸ ਡੀ ਓ , ਇੰਜ ਪ੍ਰਸ਼ੋਤਮ ਲਾਲ ਰਿਟਾਇਰਡ ਕਾਰਜਕਾਰੀ ਇੰਜੀਨੀਅਰ , ਇੰਜ ਸ਼ੁੱਭਾਸ ਭਗਤ ਰਿਟਾਇਰਡ ਐਸ ਡੀ ਓ ,ਇੰਜ ਜਤਿੰਦਰ ਸਿੰਘ ਭੱਟੀ ਰਿਟਾਇਰਡ ਏ ਈ , ਇੰਜ ਸੁਭਾਸ਼ ਕੁਮਾਰ, ਇੰਜ ਅਮਰਜੀਤ ਸਿੰਘ, ਇੰਜ ਅਜੈ ਕੁਮਾਰ, ਇੰਜ ਗਣੇਸ ਕੁਮਾਰ ਰਿਟਾਇਰਡ ਐਸ ਡੀ ਓ , ਪੀ ਸੀ ਪੀ ਐਲ ਤੋਂ ਇੰਜ ਜਸਵਿੰਦਰ ਸਿੰਘ, ਇੰਜ ਕੇਵਲ ਕ੍ਰਿਸਨ, ਪੰਜਾਬ ਮੰਡੀ ਬੋਰਡ ਤੋਂ ਇੰਜ ਪ੍ਰਸ਼ੋਤਮ ਲਾਲ ਰਿਟਾਇਰਡ ਕਾਰਜਕਾਰੀ ਇੰਜੀਨੀਅਰ, ਇੰਜ ਸੁਭਾਸ਼ ਜੀ, ਵਿੱਤ ਸਕੱਤਰ, ਇੰਜ ਕਮਲ਼ ਸ਼ਰਮਾ ਤੇ ਇੰਜ ਪ੍ਰੇਮ ਸਾਗਰ ਰਿਟਾਇਰਡ ( ਸਿੰਚਾਈ ਵਿਭਾਗ) ਕੋ ਕਨਵੀਨਰ ਚੁਣੇ ਗਏ। ਅੱਜ ਪਠਾਨਕੋਟ ਵਿਖੇ ਸਰਬਸੰਮਤੀ ਨਾਲ ਹੋਈ ਇਸ ਚੋਣ ਦੀ ਖੁਸ਼ੀ ਵਿੱਚ ਲੋਤ-ਪੋਤ ਇੰਜੀਨੀਅਰ ਦੋਸਤਾਂ ਨੂੰ ਇੰਜ ਮਨਪ੍ਰੀਤ ਸਿੰਘ ਕੱਕੜ ਅਤੇ ਇੰਜ ਅਤਰੀ ਜੀ ਨੇ ਬਹੁਤ ਹੀ ਖੂਬਸੂਰਤ ਗੀਤ ਗਾ ਕੇ ਮਾਹੌਲ ਨੂੰ ਅਨੰਦਤ ਕੀਤਾ ਤੇ ਉਨ੍ਹਾਂ ਨੂੰ ਖੁਸ਼ੀ ਵਿੱਚ ਝੂਮਣ ਲਾ ਦਿਤਾ ਇੰਜ ਨਰੇਸ਼ ਕੁਮਾਰ ਰਿਟਾ ਉਪ ਮੰਡਲ ਇੰਜੀਨੀਅਰ ਪੰਜਾਬ ਮੀਤ ਪ੍ਰਧਾਨ ਵੱਲੋਂ ਆਯੋਜਿਤਤ ਕੀਤੀ ਅੱਜ ਦੀ ਮੀਟਿੰਗ ਜ਼ੋ ਕਿ ਰੈਲੀ ਦਾ ਰੂਪ ਧਾਰਨ ਕਰ ਗਈ। ਇੰਜ ਨਰੇਸ਼ ਸ਼ਰਮਾ ਵਲੋਂ ਮੀਟਿੰਗ ਵਿੱਚ ਸ਼ਾਮਲ ਹੋਏ 100 ਤੋਂ ਵੱਧ ਰਿਟਾਇਰਡ ਇੰਜੀਨੀਅਰਜ ਸਾਥੀਆਂ ਦਾ ਬਹੁਤ ਹੀ ਭਾਵੁਕ ਸ਼ਬਦਾਂ ਨਾਲ ਧੰਨਵਾਦ ਕੀਤਾ ਗਿਆ। ਉਨ੍ਹਾਂ ਵਲੋਂ ਬਹੁਤ ਹੀ ਖ਼ੂਬਸੂਰਤ ਅਤੇ ਜਜ਼ਬਾਤੀ ਸ਼ੇਅਰੋ ਸ਼ਾਇਰੀ ਨਾਲ ਹਾਜ਼ਰੀਨ ਮੈਂਬਰਾਨ ਦਾ ਦਿਲ ਜਿੱਤ ਲਿਆ ਗਿਆ। ਇਸ ਮੌਕੇ ਇੰਜ ਜੀ ਐਸ ਰੰਧਾਵਾ, ਵਾਈ ਪੀ ਸਾਹਨੀ, ਜਤਿੰਦਰ ਮੋਹਣ ਰਿਟਾਇਰਡ ਕਾਰਜਕਾਰੀ ਇੰਜੀਨੀਅਰ, ਬਲਵੰਤ ਸਿੰਘ ਕੋਹਲੀ ਰਿਟਾਇਰਡ ਕਾਰਜਕਾਰੀ ਇੰਜੀਨੀਅਰ ਆਦਿ ਵੱਲੋਂ ਭਰਪੂਰ ਸਹਿਯੋਗ ਦਿੱਤਾ ਗਿਆ।

## ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਦੇ ਜਨਮ ਦਿਹਾੜੇ ਦੇ ਗੁਰਮਤਿ ਸਮਾਗਮ ਵਿੱਚ ਪਹੁੰਚੀਆਂ

# ਸਮੂਹ ਸੰਗਤਾਂ ਦਾ ਰੋਮ ਰੋਮ ਧੰਨਵਾਦ: ਬਾਬਾ ਸੱਜਣ ਸਿੰਘ ਜੀ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ



**ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)**-ਜੂਨ 1984 ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਵਿਖੇ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦੇ ਨਾਲ ਜੂਝ ਕੇ ਸ਼ਹਾਦਤ ਪਾਉਣ ਵਾਲੇ ਸ਼ਹੀਦ ਭਾਈ ਸਰਵਣ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਸ਼ਹੀਦ ਭਾਈ ਸਰਵਣ ਸਿੰਘ ਜੀ ਦੀ ਧਰਮ ਸੁਪਤਨੀ ਬੀਬੀ ਗੁਰਵਿੰਦਰ ਕੌਰ ਸਮੂਹ ਪਰਿਵਾਰ ਅਤੇ ਸੰਗਤਾਂ ਦੇ ਸਹਿਯੋਗ ਨਾਲ ਪਿੰਡ ਵਾੜਾ ਸ਼ੇਰ ਸਿੰਘ ਗੁਰਦੁਆਰਾ ਬਾਬਾ ਬੀਰ ਸਿੰਘ ਜੀ ਵਿਖੇ ਬਹੁਤ ਹੀ ਸ਼ਰਧਾ ਭਾਵਨਾ ਅਤੇ ਚੜਦੀ ਕਲਾ ਨਾਲ ਮਨਾਇਆ ਗਿਆ ਜਿਸ ਵਿੱਚ ਇਲਾਕੇ ਦੀਆਂ ਸੰਗਤਾਂ ,ਸਮੂਹ ਸੰਤ ਮਹਾਂਪੁਰਖ, ਇੰਟਰਨੈਸ਼ਨਲ ਪੰਥਕ ਦਲ ਦੇ ਸਮੂਹ ਅਹੁਦੇਦਾਰ ਵਿਸ਼ੇਸ਼ ਤੌਰ ਤੇ ਪਹੁੰਚ ਕੇ ਹਾਜ਼ਰੀ ਭਰੀ। ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਕੁਝ ਦਿਨ ਪਹਿਲਾਂ ਸ਼ਹੀਦ ਭਾਈ ਸਰਵਣ ਸਿੰਘ ਜੀ ਦਾ ਜਨਮ ਦਿਹਾੜਾ ਬਹੁਤ ਹੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ ਸੀ ਜਿਸ ਵਿੱਚ ਸੰਤ ਬਾਬਾ ਪ੍ਰਤਾਪ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਵੱਲੋਂ ਸ਼ਬਦ ਧਾਰਨਾ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਸਮੂਹ ਇੰਟਰਨੈਸ਼ਨਲ ਪੰਥਕ ਦਲ ਵਿਸ਼ੇਸ਼ ਤੌਰ ਤੇ ਪਹੁੰਚਿਆ। ਗੁਰਮਤਿ ਸਮਾਗਮ ਵਿੱਚ ਪਹੁੰਚੀਆਂ ਸਮੂਹ ਸੰਗਤਾਂ ਅਤੇ ਸੰਤ ਮਹਾਂਪੁਰਖ, ਇੰਟਰਨੈਸ਼ਨਲ ਪੰਥਕ ਦਲ ਦੇ ਸਮੂਹ ਅਹੁਦੇਦਾਰਾਂ ਦਾ ਸ਼ਹੀਦ ਭਾਈ ਸਰਵਣ ਸਿੰਘ ਜੀ ਦੇ ਪਰਿਵਾਰ ਵੱਲੋਂ ਰੋਮ ਰੋਮ ਕਰਕੇ ਧੰਨਵਾਦ ਕਰਦੇ ਹਾਂ। ਸਮਾਗਮ ਵਿੱਚ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਕਾਰਜਕਾਰੀ ਪੰਜਾਬ ਪ੍ਰਧਾਨ , ਸੰਤ ਬਾਬਾ ਸਤਨਾਮ ਸਿੰਘ ਜੀ ਵੱਲੀਆਂ ਪੰਜਾਬ ਪ੍ਰਧਾਨ ਧਾਰਮਿਕ ਵਿੰਗ,ਜਥੇਦਾਰ ਵਜ਼ੀਰ ਸਿੰਘ ਜੀ ਵਾਂ ਬਾਬਾ ਤਾਰਾ ਸਿੰਘ ਜਿਲਾ ਪ੍ਰਧਾਨ ਤਰਨ ਤਾਰਨ ਧਾਰਮਿਕ ਵਿੰਗ, ਭਾਈ ਗੁਰਭੇਜ ਸਿੰਘ ਜੀ ਜਿਲਾ ਪ੍ਰਧਾਨ ਤਰਨ ਤਾਰਨ, ਭਾਈ ਜੋਗਿੰਦਰ ਸਿੰਘ ਜੀ ਸ਼ਾਮ ਸਿੰਘ ਵਾਲਾ ਸੀਨੀਅਰ ਮੀਤ ਪ੍ਰਧਾਨ ਪੰਜਾਬ, ਭਾਈ ਮਨਪ੍ਰੀਤ ਸਿੰਘ ਜੀ ਸੋਹੀ ਇਕਾਈ ਪ੍ਰਧਾਨ ਦਸ਼ਮੇਸ਼ ਨਗਰ, ਭਾਈ ਗੋਮਾ ਸਿੰਘ ਜੀ ਜਰਨਲ ਸਕੱਤਰ ਪੰਜਾਬ ਕਿਸਾਨ ਵਿੰਗ, ਭਾਈ ਰਣਧੀਰ ਸਿੰਘ ਜੀ ਜ਼ਿਲ੍ਹਾ ਪ੍ਰਧਾਨ ਸੰਗਰੂਰ, ਭਾਈ ਤੇਜਿੰਦਰ ਸਿੰਘ ਜਿਲਾ ਪ੍ਰਧਾਨ ਸੰਗਰੂਰ ਕਿਸਾਨ ਵਿੰਗ, ਭਾਈ ਰਾਜਪਾਲ ਸਿੰਘ ਬਲਾਕ ਪ੍ਰਧਾਨ ਇਸ ਤੋਂ ਇਲਾਵਾ ਸ਼ਹੀਦ ਭਾਈ ਸਰਵਣ ਸਿੰਘ ਜੀ ਦੇ ਸਪੁੱਤਰ ਬਾਬਾ ਦਇਆ ਸਿੰਘ ਜੀ ,ਬਾਬਾ ਸੱਜਣ ਸਿੰਘ ਜੀ, ਭਾਈ ਪਿਆਰਾ ਸਿੰਘ,ਬਾਬਾ ਗੁਰਸਾਹਿਬ ਸਿੰਘ ਜੀ ਮੁੱਖ ਸੇਵਾਦਾਰ ਗੁਰਮਤਿ ਸਮਾਗਮ ਵਰਨਾਲਾ, ਭਾਈ ਨਿਰਮਲ ਸਿੰਘ ਜੀ ਸਪੁੱਤਰ ਸ਼ਹੀਦ ਭਾਈ ਰਸਾਲ ਸਿੰਘ ਜੀ ਆਰਫਕੇ , ਸ੍ਰ ਸਤਿੰਦਰਪਾਲ ਸਿੰਘ ਜੀ ਮਿੰਟੂ ਮਾੜੀ ਮੇਘਾ,ਸ੍ਰੀ ਵਿਜੇ ਕੁਮਾਰ ਪ੍ਰਿੰਸੀਪਲ ਆਈ ਟੀ ਆਈ ਪੱਟੀ, ਸ੍ਰ ਰਘਬੀਰ ਸਿੰਘ ਸੁਪਰਡੈਂਟ ਆਈ ਟੀ ਆਈ ਪੱਟੀ, ਸ੍ਰੀ ਬਲਜੀਤ ਸਿੰਘ , ਸ੍ਰੀ ਹਰਜਿੰਦਰ ਸਿੰਘ ਮਾਲੀ, ਸ੍ਰ ਦਿਆਲ ਸਿੰਘ ਜੀ ਪਹੂਵਿੰਡ ਸਾਹਿਬ, ਸ੍ਰ ਚਾਨਣ ਸਿੰਘ ਸਰਪੰਚ,ਸ੍ਰ ਸੁਖਦੇਵ ਸਿੰਘ ਮੈਂਬਰ, ਸ੍ਰ ਗੁਰਸ਼ਰਨ ਸਿੰਘ, ਸ੍ਰ ਸਤਨਾਮ ਸਿੰਘ, ਸ੍ਰ ਗੁਰਸੇਵਕ ਸਿੰਘ ਸਪੁੱਤਰ ਬਾਬਾ ਅਰੂੜ ਸਿੰਘ, ਭਾਈ ਰਣਜੀਤ ਸਿੰਘ ਜੀ ਮਾੜੀ ਉਧੋਕੇ ਸਤਿਕਾਰ ਕਮੇਟੀ , ਗੁਰਭੇਜ ਸਿੰਘ ਮੱਖੂ, ਬਲਵਿੰਦਰ ਸਿੰਘ ਫੌਜੀ ਅਲਗੋਂ ਖਰਦ, ਭਾਈ ਸਤਪਾਲ ਸਿੰਘ ਅਲਗੋ ਖੁਰਦ,ਅਤੇ ਹੋਰ ਬੇਅੰਤ ਸੰਗਤਾਂ ਹਾਜ਼ਰ ਹੋਈਆਂ।

# ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਮੌਕੇ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਵੱਡੀ ਗਿਣਤੀ ਸੰਗਤਾਂ ਹੋਈਆਂ ਨਤਮਸਤਕ



ਅੰਮ੍ਰਿਤਸਰ, 27 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਮੌਕੇ ਅੱਜ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਵਿਖੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਨਤਮਸਤਕ ਹੋ ਕੇ ਬਾਬਾ ਜੀ ਨੂੰ ਸਤਿਕਾਰ ਭੇਟ ਕੀਤਾ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਵੀ ਹਾਜ਼ਰੀ ਭਰੀ। ਗੁਰਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੇ ਸੰਗਤ ਨੂੰ ਬਾਬਾ ਦੀਪ ਸਿੰਘ ਦੇ ਜੀਵਨ ਇਤਿਹਾਸ ਤੋਂ ਜਾਣੂ ਕਰਵਾਇਆ। ਸਮਾਗਮ 'ਚ ਪਹੁੰਚੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਕਿਹਾ ਕਿ ਅਸੀਂ ਉਨ੍ਹਾਂ ਸ਼ਹੀਦਾਂ ਦੇ ਵਾਰਸ ਹਾਂ, ਜਿਨ੍ਹਾਂ ਨੇ ਧਰਮ ਤੇ ਦ੍ਰਿੜਤਾ ਨਾਲ ਪਹਿਰਾ ਦਿੰਦਿਆਂ ਸ਼ਹਾਦਤਾਂ ਪ੍ਰਾਪਤ ਕੀਤੀਆਂ। ਉਨ੍ਹਾਂ ਸੰਗਤਾਂ ਨੂੰ ਸ਼ਹੀਦਾਂ ਵੱਲੋਂ ਪਾਏ ਪੂਰਨਿਆਂ 'ਤੇ ਚਲਦੇ ਹੋਏ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਕੇ ਧਰਮ ਵਿੱਚ ਪ੍ਰਪੱਕ ਰਹਿਣ ਦੀ ਪ੍ਰੇਰਨਾ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਗਤ ਨੂੰ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਦੀ ਵਧਾਈ ਦਿੰਦਿਆਂ ਕਿਹਾ ਕਿ ਸਿੱਖ ਇਤਿਹਾਸ ਅੰਦਰ ਬਾਬਾ ਦੀਪ ਸਿੰਘ ਜੀ ਦੀਆਂ ਸੇਵਾਵਾਂ ਬਹੁਤ ਵੱਡੀਆਂ ਹਨ। ਬਾਬਾ ਜੀ ਨੇ ਆਪਣੇ ਹੱਥਾਂ ਨਾਲ ਗੁਰਬਾਣੀ ਨੂੰ ਲਿੱਖਣ ਦਾ ਕਾਰਜ ਕੀਤਾ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਾਰ ਪਾਵਨ ਸਰੂਪ ਲਿੱਖ ਕੇ ਤਖ਼ਤ ਸਾਹਿਬਾਨ ਤੇ ਪ੍ਰਕਾਸ਼ ਕਰਵਾਏ। ਉਨ੍ਹਾ ਕਿਹਾ ਕਿ ਬਾਬਾ ਜੀ ਦੀ ਸ਼ਹੀਦੀ ਦਾ ਇਤਿਹਾਸ ਵੀ ਲਾਸਾਨੀ ਹੈ। ਉਨ੍ਹਾਂ ਨੇ ਗੁਰੂ ਆਸ਼ੇ ਅਨੁਸਾਰ ਜੀਵਨ ਬਤੀਤ ਕਰਦਿਆਂ ਗੁਰਧਾਮਾਂ ਦੀ ਹੋ ਰਹੀ ਬੇਹੁਰਮਤੀ ਨੂੰ ਰੋਕਣ ਲਈ ਆਪਣੀ ਸ਼ਹਾਦਤ ਦਿੱਤੀ। ਐਡਵੋਕੇਟ ਧਾਮੀ ਨੇ ਸੰਗਤਾਂ ਨੂੰ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜੀਵਨ ਤੋਂ ਪ੍ਰੇਰਨਾ ਲੈਣ ਦੀ ਅਪੀਲ ਕੀਤੀ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਵੱਲੋਂ ਬੀਤੇ ਦਿਨਾਂ ਤੋਂ ਸਜਾਏ ਗਏ ਗੁਰਮਤਿ ਸਮਾਗਮਾਂ ਅੰਦਰ ਸਿੱਖ ਕੌਮ ਦੇ ਪ੍ਰਸਿੱਧ ਰਾਗੀ, ਢਾਡੀ ਤੇ ਕਵੀਸ਼ਰ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਅਤੇ ਸਿੱਖ ਕੌਮ ਦੇ ਸ਼ਾਨਾਮੱਤੇ ਇਤਿਹਾਸ ਨਾਲ ਜੋੜਿਆ। ਇਸ ਮੌਕੇ ਵਿਸ਼ੇਸ਼ ਤੌਰ ਤੇ ਅੰਮ੍ਰਿਤ ਸੰਚਾਰ ਸਮਾਗਮ ਵੀ ਕਰਵਾਇਆ ਗਿਆ, ਜਿਸ ਵਿਚ 215 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ।

# ਅਕਾਲੀ ਦਲ "ਵਾਰਿਸ ਪੰਜਾਬ ਦੇ" ਦੀ ਲੀਡਰਸ਼ਿਪ ਨੇ ਮੈਨੂੰ ਜੋ ਜ਼ਿੰਮੇਵਾਰੀ ਸੌਂਪੀ ਹੈ, ਮੈਂ ਇਸਨੂੰ ਪੂਰੇ ਜਜ਼ਬੇ, ਇਮਾਨਦਾਰੀ ਅਤੇ ਦ੍ਰਿੜ ਨਿਸ਼ਠਾ ਨਾਲ ਨਿਭਾਉਣ ਯਤਨ ਕਰਾਂਗਾ : ਸ਼ਮਸ਼ੇਰ ਸਿੰਘ ਪੱਧਰੀ



**ਅੰਮ੍ਰਿਤਸਰ, 27 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਅੱਜ ਅਕਾਲੀ ਦਲ "ਵਾਰਿਸ ਪੰਜਾਬ ਦੇ" ਜਥੇਬੰਦੀ ਵੱਲੋਂ ਜਿਲਾ ਅੰਮ੍ਰਿਤਸਰ ਦੀ ਸ਼ਹਿਰੀ ਅਤੇ ਦਿਹਾਤੀ ਦੀਆਂ ਪੰਜ ਮੈਂਬਰੀ ਕਾਰਜਕਾਰਨੀ ਕਮੇਟੀਆਂ ਦੇ ਮੈਂਬਰਾਂ ਦੀਆਂ ਨਿਯੁਕਤੀਆਂ ਕੀਤੀਆਂ ਗਈਆਂ। ਜਿਸ ਵਿੱਚ ਪੰਥਕ ਪਿਛੋਕੜ ਵਾਲੇ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੂੰ ਵੀ ਅੰਮ੍ਰਿਤਸਰ ਸ਼ਹਿਰੀ ਦੀ ਕਾਰਜਕਾਰਨੀ ਕਮੇਟੀ ਵਿੱਚ ਮੁੱਖ ਤੌਰ ਤੇ ਲਿਆ ਗਿਆ ਇਥੇ ਇਹ ਵੀ ਜਿਕਰਯੋਗ ਹੈ ਕਿ ਭਾਈ ਸ਼ਮਸ਼ੇਰ ਸਿੰਘ ਪੱਧਰੀ ਸ਼੍ਰੋਮਣੀ ਅਕਾਲੀ ਦਲ ਬਾਦਲ ਵਿੱਚ ਵੀ ਅੰਮ੍ਰਿਤਸਰ ਤੋਂ ਲੰਮਾਂ ਸਮਾਂ ਸ਼ਹਿਰੀ ਮੀਤ ਪ੍ਰਧਾਨ ਦੇ ਅਹੁਦੇ ਤੇ ਰਹੇ ਅਤੇ ਅਕਾਲੀ ਸਰਕਾਰ ਸਮੇਂ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਹੋਈਆਂ ਬੇਅਦਬੀਆਂ ਕਾਰਨ ਉਹਨਾਂ ਨੇ ਅਕਾਲੀ ਦਲ ਬਾਦਲ ਤੋਂ ਦੂਰੀਆਂ ਬਣਾ ਲਈਆਂ ਸਨ। ਇਸ ਤੋਂ ਬਾਅਦ ਭਾਈ ਪੱਧਰੀ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ( ਮਾਨ ਦਲ ) ਵਿੱਚ ਵੀ ਕਾਫੀ ਸਰਗਰਮ ਰਹੇ ਅਤੇ ਅੰਮ੍ਰਿਤਸਰ ਜਿਲੇ ਦੇ ਪ੍ਰੈਸ ਸਕੱਤਰ ਵੱਜੋਂ ਸੇਵਾ ਨਿਭਾਉਂਦੇ ਰਹੇ ਪ੍ਰੰਤੂ ਕੁਝ ਆਪਣਿਆਂ ਦੀ ਹੀ ਬੇਰੁਖੀ ਕਾਰਨ ਉਹਨਾਂ ਮਾਨ ਦਲ ਤੋਂ ਵੀ ਦੂਰੀਆਂ ਬਣਾਂ ਲਈਆਂ ਸਨ, ਉਹਨਾਂ ਦਾ ਇਹ ਪਿਤਾ ਪੁਰਖੀ ਸਿਆਸੀ ਸਫ਼ਰ ਬਿਲਕੁਲ ਬੇਦਾਗ, ਪਾਕ ਤੇ ਸਾਫ਼ ਰਿਹਾ। ਅੱਜ ਭਾਈ ਅੰਮ੍ਰਿਤਪਾਲ ਸਿੰਘ ਜੀ ਵੱਲੋਂ ਬਣਾਈ ਗਈ ਨਵੀਂ ਖੇਤਰੀ ਪਾਰਟੀ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਅੰਮ੍ਰਿਤਸਰ ਸ਼ਹਿਰੀ ਦੀ ਮੁੱਖ ਕਾਰਜਕਾਰਨੀ ਵਿੱਚ ਭਾਈ ਸ਼ਮਸ਼ੇਰ ਸਿੰਘ ਪੱਧਰੀ ਜੀ ਮੈਂਬਰ ਲਏ ਜਾਣ ਤੇ ਉਹਨਾਂ ਨੇ ਪ੍ਰੈਸ ਨੋਟ ਜਾਰੀ ਕਰਦਿਆਂ ਹੋਇਆਂ ਕਿਹਾ ਕਿ ਮੈਨੂੰ ਇਹ ਦੱਸਦਿਆਂ ਹੋਇਆਂ ਬਹੁਤ ਮਾਣ ਅਤੇ ਖੁਸ਼ੀ ਮਹਿਸੂਸ ਹੋ ਰਹੀ ਹੈ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਮੁੱਖ ਸੇਵਾਦਾਰ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਦਿਸ਼ਾ ਨਿਰਦੇਸ਼ ਅਨੁਸਾਰ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਨੇ ਮੈਨੂੰ ਅੰਮ੍ਰਿਤਸਰ ਹਲਕੇ ਦੀ ਪੰਜ ਮੈਂਬਰੀ ਕਮੇਟੀ ਵਿੱਚ ਮੈਂਬਰ ਵਜੋਂ ਸੇਵਾ ਦਾ ਮੌਕਾ ਦਿੱਤਾ ਹੈ। ਪਾਰਟੀ ਨੇ ਮੈਨੂੰ ਜੋ ਜ਼ਿੰਮੇਵਾਰੀ ਸੌਂਪੀ ਹੈ, ਮੈਂ ਇਸਨੂੰ ਪੂਰੇ ਜ਼ਜਬੇ, ਇਮਾਨਦਾਰੀ ਅਤੇ ਦ੍ਰਿੜ ਨਿਸ਼ਠਾ ਨਾਲ ਨਿਭਾਉਣ ਦਾ ਵਚਨ ਦਿੰਦਾ ਹਾਂ। ਇਸ ਨਿਯੁਕਤੀ ਦੇ ਜ਼ਰੀਏ ਮੈਂ ਪਾਰਟੀ ਦੇ ਪੰਥਕ ਸਿਧਾਂਤਾਂ ਅਤੇ "ਸਰਬੱਤ ਦੇ ਭਲੇ" ਦੇ ਉਦੇਸ਼ ਨੂੰ ਅੱਗੇ ਵਧਾਉਣ ਲਈ ਹਰ ਸੰਭਵ ਯਤਨ ਕਰਾਂਗਾ। ਮੇਰਾ ਮੁੱਖ ਉਦੇਸ਼ ਅੰਮ੍ਰਿਤਸਰ ਦੇ ਹਰੇਕ ਵਾਸੀ ਨੂੰ ਪਾਰਟੀ ਨਾਲ ਜੋੜਨਾ, ਪਾਰਟੀ ਦੀਆਂ ਨੀਤੀਆਂ ਅਤੇ ਮਿਸ਼ਨ ਨੂੰ ਘਰ-ਘਰ ਤੱਕ ਪਹੁੰਚਾਉਣਾ ਅਤੇ ਜਨਤਾ ਦੀਆਂ ਸਮੱਸਿਆਵਾਂ ਦਾ ਹੱਲ ਲੱਭਣ ਵਿੱਚ ਯੋਗਦਾਨ ਪਾਉਣਾ ਹੋਵੇਗਾ। ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਜਿਸ ਭਰੋਸੇ ਅਤੇ ਵਿਸ਼ਵਾਸ ਨਾਲ ਮੈਨੂੰ ਇਹ ਸੇਵਾ ਦਾ ਮੌਕਾ ਦਿੱਤਾ ਹੈ, ਮੈਂ ਉਸ ਦਾ ਰਾਖਾ ਬਣਦੇ ਹੋਏ ਪਾਰਟੀ ਦੇ ਢਾਂਚੇ ਨੂੰ ਹੋਰ ਮਜ਼ਬੂਤ ਬਣਾਉਣ ਲਈ ਕੰਮ ਕਰਾਂਗਾ। ਮੇਰੀ ਕੋਸ਼ਿਸ਼ ਹਮੇਸ਼ਾ ਅੰਮ੍ਰਿਤਸਰ ਦੇ ਹਰ ਵਰਗ ਨੂੰ ਨਾਲ ਲੈ ਕੇ ਸਮਾਜਿਕ ਨਿਆਂ ਅਤੇ ਭਾਈਚਾਰੇ ਨੂੰ ਮਜ਼ਬੂਤ ਕਰਨ ਦੀ ਰਹੇਗੀ। ਮੈਂ ਆਪਣੇ ਸਹਿਕਾਰੀਆਂ ਅਤੇ ਪਾਰਟੀ ਦੇ ਸਾਰੇ ਨੇਤਾਵਾਂ ਦਾ ਧੰਨਵਾਦ ਕਰਦਾ ਹਾਂ, ਜਿਨ੍ਹਾਂ ਨੇ ਮੈਨੂੰ ਇਸ ਯੋਗਤਾ ਲਈ ਚੁਣਿਆ। ਮੈਨੂੰ ਪੂਰਾ ਯਕੀਨ ਹੈ ਕਿ ਸਾਡੇ ਸਾਂਝੇ ਯਤਨਾਂ ਦੇ ਜ਼ਰੀਏ ਅਸੀ ਪੰਜਾਬ ਦੇ ਭਵਿੱਖ ਨੂੰ ਨਵੀਂ ਦਿਸ਼ਾ ਦੇਣ ਵਿੱਚ ਸਫਲ ਹੋਵਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243